Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 57 Chief Editor : Chowdhary Prabhjit Singh, Editor : Chhatarpal Singh 98146-32807, Thursday 13 August 2026 Price : 2 Rs. Page : 6

## ਹੱਦਬੰਦੀ ਅਤੇ ਮਹਿਲਾ ਰਾਖਵੇਂਕਰਨ ਬਿੱਲ ਰੱਦ; ਕੈਬਨਿਟ ਮੀਟਿੰਗ ਵੀ ਮੁਲਤਵੀ; ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੁਰਾਣੀ ਕਾਰਜਸ਼ੈਲੀ ਅਤੇ ਸੰਵਿਧਾਨ ਸੋਧ ਬਿੱਲਾਂ ਨੂੰ ਲੈ ਕੇ ਲੱਗ ਰਹੀਆਂ ਅਟਕਲਾਂ

**ਨਵੀਂ ਦਿੱਲੀ, 12 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**



ਸਰਕਾਰ ਇਸ ਪਾਰਲੀਮੈਂਟ ਸੈਸ਼ਨ ਦੌਰਾਨ ਵਿਵਾਦਪੂਰਨ ਹੱਦਬੰਦੀ ਅਤੇ ਮਹਿਲਾ ਰਾਖਵੇਂਕਰਨ ਦੇ ਏਜੰਡੇ ਨੂੰ ਛੱਡਦੀ ਨਜ਼ਰ ਆ ਰਹੀ ਹੈ, ਕਿਉਂਕਿ ਕੇਂਦਰੀ ਕੈਬਨਿਟ ਦੀ ਮੀਟਿੰਗ, ਜੋ ਪਹਿਲਾਂ ਵੀਰਵਾਰ ਲਈ ਤੈਅ ਸੀ, ਹੁਣ ਰੱਦ ਕਰ ਦਿੱਤੀ ਗਈ ਹੈ।

ਸਰਕਾਰ ਵੱਲੋਂ 13 ਅਗਸਤ (ਮੌਨਸੂਨ ਸੈਸ਼ਨ ਦਾ ਆਖਰੀ ਦਿਨ) ਨੂੰ ਕੈਬਨਿਟ ਮੀਟਿੰਗ ਦੇ ਪਹਿਲਾਂ ਕੀਤੇ ਗਏ ਐਲਾਨ ਨਾਲ ਇਹ ਅਟਕਲਾਂ ਲੱਗ ਰਹੀਆਂ ਸਨ ਕਿ ਸੰਵਿਧਾਨ ਸੋਧ ਬਿੱਲਾਂ ਨੂੰ ਕੈਬਨਿਟ ਵੱਲੋਂ ਮਨਜ਼ੂਰੀ ਦਿੱਤੀ ਜਾ ਸਕਦੀ ਹੈ ਅਤੇ ਆਖਰੀ ਸਮੇਂ 'ਤੇ ਪਾਰਲੀਮੈਂਟ ਵਿੱਚ ਦੁਬਾਰਾ ਪੇਸ਼ ਕੀਤਾ ਜਾ ਸਕਦਾ ਹੈ, ਜੋ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਚਾਨਕ ਵੱਡੇ ਫ਼ੈਸਲੇ ਲੈਣ ਦੇ ਅੰਦਾਜ਼ ਨਾਲ ਮੇਲ ਖਾਂਦਾ ਹੈ।

ਅਪਰਾਧਿਕ ਕਾਨੂੰਨਾਂ ਵਿੱਚ ਸੋਧਾਂ (ਆਈ.ਪੀ.ਸੀ. ਅਤੇ ਸੀ.ਆਰ.ਪੀ.ਸੀ.), ਦੇ ਨਾਲ-ਨਾਲ ਜੰਮੂ ਅਤੇ ਕਸ਼ਮੀਰ ਵਿੱਚ ਧਾਰਾ 370 ਨੂੰ ਖ਼ਤਮ ਕਰਨ ਦਾ ਪਿਛਲਾ ਕਦਮ, ਦੋਵੇਂ ਹੀ ਅਮਿਤ ਸ਼ਾਹ ਵੱਲੋਂ ਉਨ੍ਹਾਂ ਦੇ ਸਬੰਧਤ ਪਾਰਲੀਮੈਂਟ ਸੈਸ਼ਨਾਂ ਦੇ ਆਖਰੀ ਪੜਾਅ 'ਤੇ ਅੱਗੇ ਵਧਾਏ ਗਏ ਸਨ।

ਹਾਲਾਂਕਿ, ਇਸ ਵਾਰ ਸਰਕਾਰ ਹਿੱਸੇਦਾਰਾਂ (Stakeholders) ਨਾਲ ਸਲਾਹ-ਮਸ਼ਵਰੇ ਨੂੰ ਜ਼ਿਆਦਾ ਮਹੱਤਵ ਦਿੰਦੀ ਜਾਪਦੀ ਹੈ। ਸੂਤਰਾਂ ਦਾ ਸੰਕੇਤ ਹੈ ਕਿ ਸਰਕਾਰ ਨੇ ਹੱਦਬੰਦੀ ਬਿੱਲ ਨੂੰ ਪਾਸ ਕਰਨ ਲਈ ਲੋੜੀਂਦੀ ਦੋ-ਤਿਹਾਈ ਬਹੁਮਤ ਪਹਿਲਾਂ ਹੀ ਤਿਆਰ ਕਰ ਲਈ ਹੈ, ਜੋ ਕਿ ਮਹਿਲਾ ਰਾਖਵੇਂਕਰਨ ਦੇ ਮੁੱਦੇ ਨਾਲ ਜੁੜਿਆ ਹੋਇਆ ਹੈ, ਪਰ ਇਸ ਮਾਮਲੇ ਨੂੰ ਹੋਰ ਸਮਾਂ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ।

ਸੰਵਿਧਾਨਕ ਸੋਧਾਂ ਲਈ ਹਾਜ਼ਰ ਅਤੇ ਵੋਟ ਪਾਉਣ ਵਾਲੇ ਸੰਸਦ ਮੈਂਬਰਾਂ ਦੇ ਦੋ-ਤਿਹਾਈ ਹਿੱਸੇ ਦੇ ਵਿਸ਼ੇਸ਼ ਬਹੁਮਤ ਦੀ ਲੋੜ ਹੁੰਦੀ ਹੈ; ਇਸ ਬਿੱਲ ਦਾ ਪਿਛਲਾ ਰੂਪ ਅਪਰੈਲ ਵਿੱਚ ਵਿਰੋਧੀ ਧਿਰ ਵੱਲੋਂ ਹਰਾ ਦਿੱਤਾ ਗਿਆ ਸੀ।

ਇਸ ਵਾਰ ਇੱਕ ਅੜੀਅਲ ਵਿਰੋਧੀ ਧਿਰ ਨੇ ਪਾਰਲੀਮੈਂਟ ਨੂੰ ਸੁਚਾਰੂ ਢੰਗ ਨਾਲ ਕੰਮ ਨਹੀਂ ਕਰਨ ਦਿੱਤਾ, ਜਿਸ ਕਾਰਨ ਸਰਕਾਰ ਨੂੰ ਵਿਦਿਆਰਥੀ ਵਿਰੋਧ ਪ੍ਰਦਰਸ਼ਨ ਦੇ ਮੁੱਦੇ 'ਤੇ ਅਮਿਤ ਸ਼ਾਹ ਵੱਲੋਂ ਬਿਆਨ ਦੇਣ ਦੀ ਵਿਰੋਧੀ ਧਿਰ ਦੀ ਮੰਗ ਨੂੰ ਮੰਨਣ ਲਈ ਮਜਬੂਰ ਹੋਣਾ ਪਿਆ।

ਵਿਰੋਧੀ ਧਿਰ ਨੇ ਐੱਫ.ਸੀ.ਆਰ.ਏ. ਸੋਧਾਂ 'ਤੇ ਵੀ ਮੁੜ ਵਿਚਾਰ ਕਰਨ ਲਈ ਮਜਬੂਰ ਕੀਤਾ ਹੈ, ਜਿਨ੍ਹਾਂ ਨੂੰ ਹੁਣ ਸਰਕਾਰ ਪਾਰਲੀਮੈਂਟ ਦੀ ਸਾਂਝੀ ਕਮੇਟੀ ਕੋਲ ਭੇਜ ਸਕਦੀ ਹੈ। ਸਰਕਾਰ ਨੇ ਸਦਨ ਦੇ ਡੈਡਲਾਕ ਨੂੰ ਤੋੜਨ ਲਈ ਵਿਰੋਧੀ ਧਿਰ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਹੈ, ਪਰ ਹੁਣ ਤੱਕ ਅਸਫਲ ਰਹੀ ਹੈ। ਸੰਵਿਧਾਨ ਸੋਧ ਬਿੱਲ ਨੂੰ ਪਾਸ ਕਰਨ ਲਈ ਇੱਕ ਸ਼ਾਂਤ ਸਦਨ ਪਹਿਲੀ ਸ਼ਰਤ ਹੈ।

ਵਿਰੋਧੀ ਧਿਰ, ਸ਼ਾਇਦ ਇਸ ਗੱਲ ਤੋਂ ਜਾਣੂ ਹੈ ਕਿ ਸੁਚਾਰੂ ਢੰਗ ਨਾਲ ਕੰਮ ਕਰਨ ਵਾਲਾ ਸਦਨ ਸਰਕਾਰ ਨੂੰ ਹੱਦਬੰਦੀ ਨੂੰ ਅੱਗੇ ਵਧਾਉਣ ਦੀ ਇਜਾਜ਼ਤ ਦੇ ਸਕਦਾ ਹੈ, ਨੇ ਲੋਕ ਸਭਾ ਨੂੰ ਆਮ ਵਾਂਗ ਕੰਮ ਨਹੀਂ ਕਰਨ ਦਿੱਤਾ, ਇੱਥੋਂ ਤੱਕ ਕਿ ਸੰਸਦੀ ਮਾਮਲਿਆਂ ਦੇ ਮੰਤਰੀ ਵੱਲੋਂ ਇਹ ਕਹਿਣ ਦੇ ਬਾਵਜੂਦ ਵੀ ਕਿ ਅਮਿਤ ਸ਼ਾਹ ਵਿਦਿਆਰਥੀ ਮੁੱਦੇ 'ਤੇ ਬਹਿਸ ਵਿੱਚ ਹਿੱਸਾ ਲੈਣ ਅਤੇ ਇਸ ਦਾ ਜਵਾਬ ਦੇਣ ਲਈ ਤਿਆਰ ਹਨ।

ਸੰਵਿਧਾਨ ਸੋਧ ਦੇ ਨਵੇਂ ਤਿਆਰ ਕੀਤੇ ਬਿੱਲ ਨੂੰ ਪਾਰਲੀਮੈਂਟ ਵਿੱਚ ਪੇਸ਼ ਕਰਨ ਲਈ, ਹਿੱਸੇਦਾਰਾਂ ਦੇ ਅਨੁਕੂਲ ਤਾਜ਼ਾ ਸੋਧਾਂ ਨੂੰ ਪਹਿਲਾਂ ਕੈਬਨਿਟ ਵੱਲੋਂ ਮਨਜ਼ੂਰੀ ਮਿਲਣੀ ਚਾਹੀਦੀ ਹੈ। ਵੀਰਵਾਰ ਨੂੰ ਮੌਨਸੂਨ ਸੈਸ਼ਨ ਖ਼ਤਮ ਹੋਣ ਦੇ ਨਾਲ ਕੋਈ ਵੀ ਕੈਬਨਿਟ ਮੀਟਿੰਗ ਤੈਅ ਨਾ ਹੋਣ ਕਾਰਨ, ਸੰਕੇਤ ਇਹ ਹਨ ਕਿ ਹੱਦਬੰਦੀ ਦੇ ਏਜੰਡੇ ਨੂੰ ਬਾਅਦ ਵਿੱਚ, ਸੰਭਵ ਤੌਰ 'ਤੇ ਕਿਸੇ ਵਿਸ਼ੇਸ਼ ਸੈਸ਼ਨ ਵਿੱਚ ਲਿਆ ਜਾਵੇਗਾ।

ਇਹ ਵੀ ਚਰਚਾ ਹੈ ਕਿ ਸਰਕਾਰ ਵੀਰਵਾਰ ਨੂੰ ਮੌਨਸੂਨ ਸੈਸ਼ਨ ਦੇ ਸਮਾਪਤ ਹੋਣ 'ਤੇ ਇਸ ਨੂੰ ਮੁਲਤਵੀ ਨਹੀਂ ਕਰ ਸਕਦੀ, ਇੱਕ ਅਜਿਹਾ ਕਦਮ ਜੋ ਇਸ ਨੂੰ ਜਦੋਂ ਵੀ ਚਾਹੇ ਸੈਸ਼ਨ ਨੂੰ ਵਾਪਸ ਬੁਲਾਉਣ ਦੀ ਆਗਿਆ ਦੇਵੇਗਾ।

## ਜਗਤਾਰ ਸਿੰਘ ਹਵਾਰਾ ਨੂੰ ਸੀਮਿਤ ਸਮੇਂ ਲਈ ਮਿਲ ਸਕਦੀ ਹੈ ਪੈਰੋਲ; ਰਾਜਪਾਲ ਨੇ ਡਾਕਟਰਾਂ ਤੋਂ ਮੰਗੀ ਰਿਪੋਰਟ

**ਚੰਡੀਗੜ੍ਹ, 12 ਅਗਸਤ**
**-ਮਨੋਜ ਵਰਮਾ-**



ਕੇਂਦਰੀ ਗ੍ਰਹਿ ਮੰਤਰਾਲਾ ਦਿੱਲੀ ਦੀ ਜੇਲ੍ਹ ਵਿੱਚ ਬੰਦ ਜਗਤਾਰ ਸਿੰਘ ਹਵਾਰਾ ਨੂੰ ਮੁੱਢਲੇ ਪੜਾਅ 'ਤੇ ਸੀਮਿਤ ਸਮੇਂ ਲਈ ਪੈਰੋਲ ਦੇਣ ਦੇ ਰੌਂਅ ਵਿੱਚ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਚਾਰ ਦਿਨ ਪਹਿਲਾਂ ਪੰਜਾਬ ਦੇ ਰਾਜਪਾਲ ਨੂੰ ਪੱਤਰ ਲਿਖ ਕੇ ਮਨੁੱਖੀ ਆਧਾਰ 'ਤੇ ਜਗਤਾਰ ਸਿੰਘ ਹਵਾਰਾ ਨੂੰ 10 ਦਿਨ ਦੀ ਪੈਰੋਲ ਦੇਣ ਦੀ ਮੰਗ ਕੀਤੀ ਸੀ। ਅੱਜ ਮੁੱਖ ਮੰਤਰੀ ਭਗਵੰਤ ਮਾਨ ਨੇ ਦੂਜੀ ਦਫ਼ਾ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਹਵਾਰਾ ਦੀ ਮਾਤਾ ਜੀ ਦੀ ਸਿਹਤ ਦੇ ਮੱਦੇਨਜ਼ਰ ਪੈਰੋਲ ਦੇਣ ਦੀ ਮੰਗ ਕੀਤੀ।

ਅਹਿਮ ਸੂਤਰਾਂ ਅਨੁਸਾਰ ਪੰਜਾਬ ਦੇ ਰਾਜਪਾਲ ਵੱਲੋਂ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਸਿਹਤ ਦੀ ਜਾਂਚ ਰਿਪੋਰਟ ਪੀ.ਜੀ.ਆਈ. ਦੇ ਡਾਕਟਰਾਂ ਦੀ ਟੀਮ ਜ਼ਰੀਏ ਮੰਗਵਾ ਲਈ ਗਈ ਹੈ। ਇਸ ਟੀਮ ਕੋਲ ਹਵਾਰਾ ਦੀ ਮਾਤਾ ਨੇ ਆਪਣੀ ਅੰਤਿਮ ਇੱਛਾ ਦਾ ਜ਼ਾਹਿਰ ਕੀਤੀ ਹੈ ਅਤੇ ਉਹ ਆਪਣੇ ਪੁੱਤਰ ਨੂੰ ਅਖ਼ੀਰਲੇ ਸਮੇਂ ਤੋਂ ਪਹਿਲਾਂ ਮਿਲਣਾ ਚਾਹੁੰਦੀ ਹੈ। ਰਾਜਪਾਲ ਨੇ ਕੇਂਦਰੀ ਗ੍ਰਹਿ ਮੰਤਰਾਲੇ ਨਾਲ ਰਾਬਤਾ ਕਾਇਮ ਕੀਤਾ ਹੋਇਆ ਹੈ। ਮੁੱਖ ਮੰਤਰੀ ਚਾਹੁੰਦੇ ਹਨ ਕਿ ਹਵਾਰਾ ਨੂੰ ਦਸ ਦਿਨ ਦੀ ਪੈਰੋਲ ਮਿਲੇ, ਪਰ ਕੇਂਦਰੀ ਗ੍ਰਹਿ ਮੰਤਰਾਲਾ ਸੀਮਿਤ ਸਮੇਂ ਲਈ ਪੈਰੋਲ ਦੇਣ ਦਾ ਇੱਛੁਕ ਹੈ।

ਸੂਤਰ ਦੱਸਦੇ ਹਨ ਕਿ ਕੇਂਦਰੀ ਗ੍ਰਹਿ ਮੰਤਰਾਲਾ ਜਗਤਾਰ ਸਿੰਘ ਹਵਾਰਾ ਨੂੰ ਕੁਝ ਘੰਟਿਆਂ ਦੀ ਪੈਰੋਲ ਦੇ ਸਕਦਾ ਹੈ ਜਾਂ ਫਿਰ ਇੱਕ ਦਿਨ ਦੀ ਪੈਰੋਲ ਵੀ ਮਿਲ ਸਕਦੀ ਹੈ। ਜਗਤਾਰ ਸਿੰਘ ਹਵਾਰਾ ਨੂੰ ਇੱਕ-ਦੋ ਦਿਨਾਂ ਦੇ ਅੰਤਰਗਤ ਹੀ ਪੈਰੋਲ ਮਿਲਣ ਦੀ ਸੰਭਾਵਨਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਰਾਜਪਾਲ ਕੋਲ ਇਸ ਗੱਲ ਦੀ ਜ਼ਿੰਮੇਵਾਰੀ ਲਈ ਕਿ ਹਵਾਰਾ ਦੀ ਪੈਰੋਲ ਦੌਰਾਨ ਅਮਨ-ਕਾਨੂੰਨ ਦੀ ਵਿਵਸਥਾ ਕਾਇਮ ਰਹੇਗੀ।

## ਵਿਜੀਲੈਂਸ ਵੱਲੋਂ 1.80 ਕਰੋੜ ਰੁਪਏ ਦੇ ਗਬਨ ਮਾਮਲੇ ਵਿੱਚ ਤਤਕਾਲੀ 143 ਨਾਮਜ਼ਦ

**ਫਿਰੋਜ਼ਪੁਰ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਤਕਰੀਬਨ ਡੇਢ ਸਾਲ ਪਹਿਲਾਂ ਬਲਾਕ ਪੰਚਾਇਤ ਅਫਸਰ ਫਿਰੋਜਪੁਰ ਦੇ ਦਫ਼ਤਰ ਨਾਲ ਸਬੰਧਤ ਤਕਰੀਬਨ ਇੱਕ ਕਰੋੜ 80 ਲੱਖ ਰੁਪਏ ਦੀਆਂ ਇੰਟਰਲਾਕਿੰਗ ਟਾਈਲਾਂ ਦੀ ਕਥਿਤ ਖੁਰਦ-ਬੁਰਦ ਦਾ ਮਾਮਲਾ ਇੱਕ ਵਾਰ ਮੁੜ ਗਰਮਾ ਗਿਆ ਹੈ। ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਵਿਧਾਨ ਸਭਾ ਵਿੱਚ ਇਹ ਮੁੱਦਾ ਉਠਾਏ ਜਾਣ ਤੋਂ ਬਾਅਦ ਪੁਲੀਸ ਥਾਣਾ ਫਿਰੋਜ਼ਪੁਰ ਸਿਟੀ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ।

ਇਸ ਮਾਮਲੇ ਵਿੱਚ ਤਕਰੀਬਨ 1 ਕਰੋੜ 80 ਲੱਖ ਰੁਪਏ ਦੀ ਪੇਮੈਂਟ ਇੱਕ ਠੇਕੇਦਾਰ ਦੇ ਖਾਤੇ ਵਿੱਚ ਆਨਲਾਈਨ ਟਰਾਂਸਫਰ ਕੀਤੀ ਗਈ ਸੀ, ਪਰ ਇਹ ਸਪਸ਼ਟ ਨਹੀਂ ਹੋ ਸਕਿਆ ਕਿ ਇਹ ਟਾਈਲਾਂ ਕਿੱਥੇ ਅਤੇ ਕਦੋਂ ਲਗਾਈਆਂ ਗਈਆਂ। ਮਾਮਲਾ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਨਾਲ ਜੁੜਿਆ ਹੋਣ ਕਾਰਨ ਵਿਜੀਲੈਂਸ ਨੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਤੋਂ ਪ੍ਰਵਾਨਗੀ ਮੰਗੀ ਸੀ, ਜਿਸ ਉੱਤੇ ਵਿਭਾਗ ਦੇ ਪ੍ਰਬੰਧਕੀ ਸਕੱਤਰ ਵੱਲੋਂ 6 ਮਈ 2026 ਨੂੰ ਜਾਂਚ ਦੀ ਪ੍ਰਵਾਨਗੀ ਦੇ ਦਿੱਤੀ ਗਈ ਸੀ।

ਵਿਜੀਲੈਂਸ ਵੱਲੋਂ ਕੀਤੀ ਗਈ ਜਾਂਚ ਦੇ ਆਧਾਰ 'ਤੇ ਤਤਕਾਲੀ ਏਡੀਸੀ (ਡੀ) ਅਰੁਣ ਸ਼ਰਮਾ, ਜੋ ਹੁਣ ਡਿਪਟੀ ਡਾਇਰੈਕਟਰ ਪੇਂਡੂ ਵਿਕਾਸ ਪੰਚਾਇਤ ਵਿਭਾਗ ਪੰਜਾਬ ਵਜੋਂ ਤਾਇਨਾਤ ਹਨ, ਦਾ ਨਾਂ ਵੀ ਇਸ ਮਾਮਲੇ ਵਿੱਚ ਸਾਹਮਣੇ ਆਇਆ ਹੈ। ਕਾਰਵਾਈ ਕਰਦਿਆਂ ਵਿਜੀਲੈਂਸ ਵਿਭਾਗ ਨੇ ਉਨ੍ਹਾਂ ਨੂੰ 13 ਦਸੰਬਰ 2024 ਨੂੰ ਦਰਜ ਮੁਕੱਦਮਾ ਨੰਬਰ 434 ਵਿੱਚ ਨਾਮਜ਼ਦ ਕਰ ਲਿਆ ਹੈ।

## ਯੁਵਾ ਸ਼ਕਤੀ ਹੀ ਵਿਕਸਤ ਭਾਰਤ ਅਤੇ ਵਿਕਸਤ ਹਰਿਆਣਾ ਦੀ ਸਭ ਤੋਂ ਵੱਡੀ ਤਾਕਤ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 12 ਅਗਸਤ**
**-ਛਤਰਪਾਲ ਸਿੰਘ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੂਬੇ ਦੇ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਯੁਵਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨ ਸਿਰਫ਼ ਇੱਕ ਉਮਰ ਨਹੀਂ, ਸਗੋਂ ਊਰਜਾ, ਸਮਰੱਥਾ ਅਤੇ ਸੰਭਾਵਨਾਵਾਂ ਦਾ ਅਥਾਹ ਸਾਗਰ ਹਨ। ਨੌਜਵਾਨ ਸਿਰਫ਼ ਭਵਿੱਖ ਨਹੀਂ, ਸਗੋਂ ਵਰਤਮਾਨ ਦੀ ਸਭ ਤੋਂ ਵੱਡੀ ਤਾਕਤ ਹਨ ਜੋ ਵਿਕਸਤ ਭਾਰਤ-2047 ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਨਿਰਣਾਇਕ ਭੂਮਿਕਾ ਨਿਭਾਉਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਅੰਤਰਰਾਸ਼ਟਰੀ ਯੁਵਾ ਦਿਵਸ ਦੇ ਮੌਕੇ 'ਤੇ ਪੰਚਕੂਲਾ ਸਥਿਤ ਇੰਦਰਧਨੁਸ਼ ਆਡੀਟੋਰੀਅਮ ਵਿੱਚ ਆਯੋਜਿਤ ਪ੍ਰੋਗਰਾਮ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਐਚ.ਆਈ.ਵੀ.-ਏਡਜ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਇਹ ਮੁਹਿੰਮ ਆਉਣ ਵਾਲੀ 12 ਅਕਤੂਬਰ ਤੱਕ ਪੂਰੇ ਸੂਬੇ ਵਿੱਚ ਚੱਲੇਗੀ। ਉਨ੍ਹਾਂ ਦੇਸ਼ ਦੇ 15 ਸੁਰੱਖਿਅਤ ਜ਼ਿਲ੍ਹਿਆਂ ਦੀ ਸੂਚੀ ਵਿੱਚ ਸ਼ਾਮਲ ਹਰਿਆਣਾ ਦੇ ਕੁਰੂਕੇਸ਼ਤਰ ਅਤੇ ਕੈਥਲ ਜ਼ਿਲ੍ਹਿਆਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਐਚ.ਆਈ.ਵੀ. ਦੇ ਖਿਲਾਫ ਲੜਾਈ ਸਿਰਫ਼ ਵਿਰੋਧ ਨਾਲ ਨਹੀਂ, ਸਗੋਂ ਸਹੀ ਜਾਣਕਾਰੀ, ਜਾਗਰੂਕਤਾ, ਆਪਣਾਪਣ ਅਤੇ ਸੰਵੇਦਨਸ਼ੀਲਤਾ ਰਾਹੀਂ ਜਿੱਤੀ ਜਾ ਸਕਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਐਚ.ਆਈ.ਵੀ. ਨਾਲ ਜੀਵਨ ਜੀਅ ਰਹੇ ਵਿਅਕਤੀ ਤੋਂ ਦੂਰੀ ਬਣਾਉਣਾ ਅਗਿਆਨਤਾ ਹੈ। ਸਾਨੂੰ ਬਿਮਾਰੀ ਨਾਲ ਲੜਨਾ ਹੈ, ਬਿਮਾਰ ਵਿਅਕਤੀ ਨਾਲ ਨਹੀਂ। ਉਨ੍ਹਾਂ ਸਮਾਜ ਨੂੰ ਅਪੀਲ ਕੀਤੀ ਕਿ ਚੁੱਪੀ, ਕਲੰਕ ਅਤੇ ਸ਼ਰਮ ਦੀਆਂ ਤਿੰਨ ਦੀਵਾਰਾਂ ਨੂੰ ਸਾਨੂੰ ਮਿਲ ਕੇ ਡੇਗਣਾ ਹੋਵੇਗਾ। ਹਰ ਵਿਅਕਤੀ ਘੱਟੋ-ਘੱਟ 10 ਹੋਰ ਲੋਕਾਂ ਤੱਕ ਐਚ.ਆਈ.ਵੀ. ਤੋਂ ਬਚਾਅ ਅਤੇ ਇਲਾਜ ਨਾਲ ਜੁੜੀ ਸਹੀ ਜਾਣਕਾਰੀ ਪਹੁੰਚਾਉਣ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਦੀਆਂ ਇੱਛਾਵਾਂ ਚਾਹੇ ਕਿੰਨੀਆਂ ਵੀ ਵੱਡੀਆਂ ਹੋਣ, ਉਨ੍ਹਾਂ ਨੂੰ ਪੂਰਾ ਕਰਨ ਲਈ ਸਿਹਤਮੰਦ ਅਤੇ ਸਮਰੱਥ ਸਰੀਰ ਜ਼ਰੂਰੀ ਹੈ। ਚੰਗੀ ਸਿਹਤ, ਬਿਹਤਰ ਸਿੱਖਿਆ, ਬਰਾਬਰ ਮੌਕੇ ਅਤੇ ਸੁਰੱਖਿਅਤ ਭਵਿੱਖ ਦੀ ਇੱਛਾ ਰੱਖਣ ਵਾਲੇ ਨੌਜਵਾਨਾਂ ਨੂੰ ਸਭ ਤੋਂ ਪਹਿਲਾਂ ਆਪਣਾ ਸਰੀਰ ਸਿਹਤਮੰਦ ਰੱਖਣਾ ਹੋਵੇਗਾ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਜਿਸ ਹੱਥ ਵਿੱਚ ਹੁਨਰ ਹੋਣਾ ਚਾਹੀਦਾ ਹੈ, ਉਸ ਵਿੱਚ ਨਸ਼ੇ ਦੀ ਸੂਈ ਨਹੀਂ ਹੋਣੀ ਚਾਹੀਦੀ ਅਤੇ ਜਿਨ੍ਹਾਂ ਅੱਖਾਂ ਵਿੱਚ ਜੀਵਨ ਦੀ ਚਮਕ ਹੋਣੀ ਚਾਹੀਦੀ ਹੈ, ਉਨ੍ਹਾਂ ਵਿੱਚ ਨਸ਼ੇ ਦਾ ਹਨ੍ਹੇਰਾ ਨਹੀਂ ਹੋਣਾ ਚਾਹੀਦਾ। ਸਿਹਤਮੰਦ ਸਰੀਰ ਅਤੇ ਅਨੁਸ਼ਾਸਿਤ ਕਿਰਦਾਰ ਹੀ ਮਜ਼ਬੂਤ ਭਵਿੱਖ ਦੀ ਨੀਂਹ ਹਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕੁਸ਼ਲ ਅਗਵਾਈ ਹੇਠ ਭਾਰਤ ਦਾ ਨੌਜਵਾਨ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ, ਆਟੋਮੇਸ਼ਨ, ਰੋਬੋਟਿਕਸ, ਡਰੋਨ, ਇਲੈਕਟ੍ਰੋਨਿਕਸ, ਡਿਜੀਟਲ ਤਕਨੀਕ ਅਤੇ ਨਵਿਆਉਣਯੋਗ ਊਰਜਾ ਵਰਗੇ ਖੇਤਰਾਂ ਵਿੱਚ ਦੁਨੀਆ ਤੇਜ਼ੀ ਨਾਲ ਬਦਲ ਰਹੀ ਹੈ। ਹਰਿਆਣਾ ਨੂੰ ਇਸ ਬਦਲਾਅ ਵਿੱਚ ਸਭ ਤੋਂ ਅੱਗੇ ਰਹਿਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕੋਸ਼ਿਸ਼ ਹੈ ਕਿ ਪਿੰਡ ਦਾ ਨੌਜਵਾਨ ਵੀ ਸ਼ਹਿਰ ਦੇ ਨੌਜਵਾਨ ਵਾਂਗ ਆਧੁਨਿਕ ਤਕਨੀਕ ਅਤੇ ਹੁਨਰ ਸਿੱਖ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੀਆਂ ਆਈ.ਟੀ.ਆਈ. ਸੰਸਥਾਵਾਂ ਨੂੰ ਕਰੀਬ 3,000 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਜਾ ਰਿਹਾ ਹੈ। ਉਦਯੋਗਾਂ ਅਤੇ ਸਿਖਲਾਈ ਸੰਸਥਾਵਾਂ ਵਿਚਕਾਰ ਐਮ.ਓ.ਯੂ. ਸਾਈਨ ਕਰਕੇ ਮਜ਼ਬੂਤ ਸਾਂਝੇਦਾਰੀ ਕਾਇਮ ਕੀਤੀ ਜਾ ਰਹੀ ਹੈ, ਤਾਂ ਜੋ ਨੌਜਵਾਨਾਂ ਨੂੰ ਉਹੀ ਹੁਨਰ ਮਿਲੇ ਜਿਸ ਦੀ ਉਦਯੋਗਾਂ ਨੂੰ ਅਸਲ ਲੋੜ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਨਰ ਵਿਕਾਸ ਦਾ ਉਦੇਸ਼ ਸਿਰਫ਼ ਸਰਟੀਫਿਕੇਟ ਦੇਣਾ ਨਹੀਂ, ਸਗੋਂ ਹਰ ਸਿਖਿਅਤ ਨੌਜਵਾਨ ਲਈ ਮਿਆਰੀ ਰੁਜ਼ਗਾਰ ਦੇ ਮੌਕੇ ਯਕੀਨੀ ਬਣਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਨੌਜਵਾਨਾਂ ਦੀ ਸੋਚ ਵਿੱਚ ਬਦਲਾਅ ਲਿਆਉਣਾ ਸਰਕਾਰ ਦੀ ਤਰਜੀਹ ਹੈ। ਨੌਜਵਾਨ ਨੌਕਰੀ ਮੰਗਣ ਵਾਲੇ ਨਹੀਂ, ਸਗੋਂ ਨੌਕਰੀ ਦੇਣ ਵਾਲੇ ਬਣਨ। ਰੁਜ਼ਗਾਰ ਤਲਾਸ਼ਣ ਦੇ ਨਾਲ-ਨਾਲ ਰੁਜ਼ਗਾਰ ਪੈਦਾ ਕਰਨ ਦੇ ਮੌਕਿਆਂ ਦੀ ਭਾਲ ਕਰਨ। ਉਨ੍ਹਾਂ ਦੱਸਿਆ ਕਿ ਪਿਛਲੇ ਸਾਢੇ 11 ਸਾਲਾਂ ਵਿੱਚ ਹਰਿਆਣਾ ਵਿੱਚ ਬਿਨਾਂ ਖਰਚੀ-ਬਿਨਾਂ ਪਰਚੀ ਦੋ ਲੱਖ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਸਰਕਾਰ ਨੇ ਹਰਿਆਣਾ ਕੌਸ਼ਲ ਰੋਜ਼ਗਾਰ ਨਿਗਮ ਰਾਹੀਂ ਕੰਮ ਕਰ ਰਹੇ ਨੌਜਵਾਨਾਂ ਦੇ ਭਵਿੱਖ ਨੂੰ ਕਾਨੂੰਨੀ ਸੁਰੱਖਿਆ ਦੇਣ ਦੀ ਦਿਸ਼ਾ ਵਿੱਚ ਵੀ ਕਦਮ ਚੁੱਕੇ ਹਨ।

ਉਨ੍ਹਾਂ ਦੱਸਿਆ ਕਿ ਵਿਦੇਸ਼ ਜਾਣ ਦੇ ਇੱਛੁਕ ਨੌਜਵਾਨਾਂ ਨੂੰ ਵਿਚੋਲਿਆਂ ਦੀ ਠੱਗੀ ਤੋਂ ਬਚਾਉਣ ਲਈ ਸਰਕਾਰ ਵੱਲੋਂ ਕਾਨੂੰਨ ਬਣਾਇਆ ਗਿਆ ਹੈ ਅਤੇ ਹਰਿਆਣਾ ਵਿਦੇਸ਼ ਸਹਿਯੋਗ ਵਿਭਾਗ ਦੀ ਸਥਾਪਨਾ ਕੀਤੀ ਗਈ ਹੈ। ਵਿਦੇਸ਼ਾਂ ਤੋਂ ਪ੍ਰਾਪਤ ਰੁਜ਼ਗਾਰ ਦੇ ਮੌਕਿਆਂ ਲਈ ਨੌਜਵਾਨਾਂ ਦਾ ਇੱਥੇ ਹੀ ਇੰਟਰਵਿਊ ਲੈ ਕੇ ਉਨ੍ਹਾਂ ਨੂੰ ਸੁਰੱਖਿਅਤ ਅਤੇ ਕਾਨੂੰਨੀ ਮਾਧਿਅਮ ਰਾਹੀਂ ਵਿਦੇਸ਼ ਭੇਜਿਆ ਜਾ ਰਿਹਾ ਹੈ ਅਤੇ ਇਸ ਲਈ ਨੌਜਵਾਨਾਂ ਕੋਲੋਂ ਕੋਈ ਪੈਸਾ ਨਹੀਂ ਲਿਆ ਜਾਂਦਾ।

ਮੁੱਖ ਮੰਤਰੀ ਨੇ ਕਿਹਾ ਕਿ ਛੋਟੇ ਸੁਪਨੇ ਵੱਡੇ ਉਦਯੋਗਾਂ ਵਿੱਚ ਬਦਲਦੇ ਹਨ ਅਤੇ ਹੁਨਰ ਰੁਜ਼ਗਾਰ ਵਿੱਚ ਬਦਲਦਾ ਹੈ। ਹਰਿਆਣਾ ਵਿੱਚ 14 ਲੱਖ ਤੋਂ ਵੱਧ ਐਮ.ਐਸ.ਐਮ.ਈ. ਕੰਮ ਕਰ ਰਹੇ ਹਨ। ਇਸ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਸਰਕਾਰ ਨੇ ਹਰਿਆਣਾ ਪ੍ਰਗਤੀਸ਼ੀਲ ਐਮ.ਐਸ.ਐਮ.ਈ. ਅਤੇ ਨਿਰਯਾਤ ਪ੍ਰੋਤਸਾਹਨ ਨੀਤੀ-2026 ਲਾਗੂ ਕੀਤੀ ਹੈ।

## ਜ਼ਿਲ੍ਹਾ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਮੁੜ ਮਿਲੀ ਧਮਕੀ

**ਫਿਰੋਜ਼ਪੁਰ,12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਿਰੋਜ਼ਪੁਰ ਜ਼ਿਲ੍ਹਾ ਅਦਾਲਤ ਕੰਪਲੈਕਸ ਨੂੰ ਬੁੱਧਵਾਰ ਨੂੰ ਮੁੜ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ। ਇਹ ਧਮਕੀ ਅਜਿਹੇ ਸਮੇਂ ਮਿਲੀ ਹੈ ਜਦੋਂ ਦੋ ਦਿਨ ਬਾਅਦ ਹੀ ਮੁੱਖ ਮੰਤਰੀ ਇਸ ਅਦਾਲਤ ਕੰਪਲੈਕਸ ਦੇ ਨਜ਼ਦੀਕ ਸੁਤੰਤਰਤਾ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਣਗੇ। ਹਾਲਾਂਕਿ, ਪੁਲੀਸ ਨੇ ਕਿਹਾ ਕਿ ਕੰਪਲੈਕਸ ਵਿੱਚ ਕੋਈ ਸ਼ੱਕੀ ਵਸਤੂ ਨਹੀਂ ਮਿਲੀ।

ਅਧਿਕਾਰੀਆਂ ਨੇ ਦੱਸਿਆ ਕਿ ਧਮਕੀ ਮਿਲਣ ਤੋਂ ਬਾਅਦ ਪੁਲੀਸ ਨੇ ਤੁਰੰਤ ਕਾਰਵਾਈ ਕਰਦਿਆਂ ਅਦਾਲਤ ਕੰਪਲੈਕਸ ਨੂੰ ਖਾਲੀ ਕਰਵਾਇਆ ਅਤੇ ਵਿਆਪਕ ਪੱਧਰ 'ਤੇ ਤਲਾਸ਼ੀ ਅਭਿਆਨ ਸ਼ੁਰੂ ਕੀਤਾ। ਬੰਬ ਨਿਰੋਧਕ ਦਸਤੇ ਅਤੇ ਸ਼ਵਾਨ ਦਸਤੇ ਦੀ ਟੀਮ ਨੇ ਅਦਾਲਤ ਕੰਪਲੈਕਸ ਅਤੇ ਆਸਪਾਸ ਦੇ ਖੇਤਰਾਂ ਦੀ ਡੂੰਘਾਈ ਨਾਲ ਤਲਾਸ਼ੀ ਲਈ। ਸੁਰੱਖਿਆ ਵਜੋਂ ਅਦਾਲਤ ਦੀ ਕਾਰਵਾਈ ਦੁਪਹਿਰ ਇੱਕ ਵਜੇ ਤੱਕ ਮੁਲਵਤੀ ਕਰ ਦਿੱਤੀ ਗਈ।

ਫਿਰੋਜ਼ਪੁਰ ਕੈਂਟ ਥਾਣਾ ਦੇ ਇੰਚਾਰਜ ਸੁਖਬੀਰ ਸਿੰਘ ਨੇ ਦੱਸਿਆ ਕਿ ਪੁਲੀਸ ਨੇ ਅਦਾਲਤ ਕੰਪਲੈਕਸ ਦੀ ਡੂੰਘਾਈ ਨਾਲ ਤਲਾਸ਼ੀ ਲਈ, ਪਰ ਕੋਈ ਸ਼ੱਕੀ ਜਾਂ ਇਤਰਾਜ਼ਯੋਗ ਵਸਤੂ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਸੁਰੱਖਿਆ ਕਰਮੀਆਂ ਨੂੰ ਤਾਇਨਾਤ ਕੀਤਾ ਗਿਆ ਹੈ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ। ਇਸ ਸਾਲ ਜ਼ਿਲ੍ਹਾ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਇਹ ਤੀਜੀ ਧਮਕੀ ਮਿਲੀ ਹੈ।

## ਐਸ.ਆਈ.ਆਰ.-ਪਟਿਆਲਾ ਜ਼ਿਲ੍ਹੇ 'ਚ 90.88 ਫੀਸਦੀ ਡਿਜ਼ੀਟਾਈਜੇਸ਼ਨ ਮੁਕੰਮਲ : ਡਾ. ਹਿਮਾਂਸ਼ੂ ਅਗਰਵਾਲ

### 12 ਅਕਤੂਬਰ 2026 ਨੂੰ ਹੋਵੇਗੀ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ, ਕਿਸੇ ਵੀ ਸ਼ਿਕਾਇਤ ਜਾਂ ਜਾਣਕਾਰੀ ਲਈ ਟੋਲ ਫਰੀ ਨੰਬਰ 1950 'ਤੇ ਸੰਪਰਕ ਕਰਨ ਵੋਟਰ




**ਪਟਿਆਲਾ, 12 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਹੈ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਸਾਲ 2003 ਦੀ ਵੋਟਰ ਸੂਚੀ ਮੁਤਾਬਕ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ-2026 ਦੌਰਾਨ ਪਟਿਆਲਾ ਜ਼ਿਲ੍ਹੇ ਅੰਦਰ ਬੀ.ਐਲ.ਓਜ ਨੇ 3 ਅਗਸਤ ਤੱਕ 13 ਲੱਖ 81 ਹਜ਼ਾਰ 414 ਇਨੁਮੀਰੇਸ਼ਨ ਫਾਰਮ ਭਰਕੇ 90.88 ਫੀਸਦੀ ਡਿਜੀਟਾਇਸ਼ਨ ਦਾ ਕੰਮ ਮੁਕੰਮਲ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ 100 ਫੀਸਦੀ ਇਹ ਯਕੀਨੀ ਬਣਾ ਰਿਹਾ ਹੈ ਕਿ ਪਟਿਆਲਾ ਜ਼ਿਲ੍ਹੇ ਅੰਦਰ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚੋਂ ਬਾਹਰ ਨਾ ਹੋਵੇ ਅਤੇ ਕੋਈ ਵੀ ਅਯੋਗ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਨਾ ਹੋ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 8 ਜੂਨ 2026 ਤੱਕ ਪਟਿਆਲਾ ਜ਼ਿਲ੍ਹੇ ਵਿੱਚ 15 ਲੱਖ 20 ਹਜ਼ਾਰ 38 ਵੋਟਰ ਸਨ, ਪਰੰਤੂ ਇਨ੍ਹਾਂ ਵਿੱਚੋਂ 9.12 ਫੀਸਦੀ 1 ਲੱਖ 38 ਹਜ਼ਾਰ 624 ਅਜਿਹੇ ਵੋਟਰ ਹਨ, ਜਿਹੜੇ ਜਾਂ ਤਾਂ ਬੀ.ਐਲ.ਓਜ ਵੱਲੋਂ ਘਰਾਂ ਦੇ ਕੀਤੇ ਗਏ ਤਿੰਨ ਦੌਰਿਆਂ ਦੌਰਾਨ ਮਿਲੇ ਨਹੀਂ, ਜਾਂ ਉਹ ਕਿਸੇ ਦੂਸਰੀ ਜਗ੍ਹਾ ਤਬਦੀਲ ਹੋ ਗਏ ਹਨ ਜਾਂ ਫਿਰ ਉਨ੍ਹਾਂ ਦੀ ਮੌਤ ਹੋ ਚੁੱਕੀ ਹੈ ਅਤੇ ਇਹ ਆਪਣੇ ਇਨੁਮੀਰੇਸ਼ਨ ਫਾਰਮ ਭਰਕੇ ਜਮ੍ਹਾਂ ਨਹੀਂ ਕਰ ਸਕੇ।

ਅੱਜ ਪ੍ਰੈਸ ਕਾਨਫਰੰਸ ਕਰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਹੁਣ ਐਸ.ਆਈ.ਆਰ ਦੇ ਅਗਲੇ ਪੜਾਅ ਦਾ ਕੰਮ ਮੁਕੰਮਲ ਕੀਤਾ ਜਾਵੇਗਾ ਅਤੇ 13 ਅਗਸਤ ਨੂੰ ਡਰਾਫਟ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਕੀਤੀ ਜਾਵੇਗੀ। ਇਸ ਦੌਰਾਨ ਜਿਹੜੇ ਵੋਟਰਾਂ ਦਾ ਨਾਮ ਇਸ ਸੂਚੀ ਵਿੱਚ ਨਹੀਂ ਹੋਵੇਗਾ, ਉਹ 13 ਅਗਸਤ ਤੋਂ 12 ਸਤੰਬਰ ਤੱਕ ਆਪਣੇ ਇਤਰਾਜ ਤੇ ਦਾਅਵੇ ਦੇ ਸਕਣਗੇ। ਉਨ੍ਹਾਂ ਕਿਹਾ ਕਿ ਜਿਹੜੇ ਨਾਗਰਿਕਾਂ ਦੀ ਉਮਰ 1 ਅਕਤੂਬਰ 2026 ਨੂੰ 18 ਸਾਲ ਦੀ ਹੋ ਰਹੀ ਹੈ, ਉਹ ਫਾਰਮ ਨੰਬਰ 6 ਭਰਕੇ ਨਵੀਂ ਵੋਟ ਬਣਵਾ ਸਕਣਗੇ। ਇਸ ਤੋਂ ਬਿਨ੍ਹਾਂ ਜਿਹੜੇ ਵੋਟਰ ਕਿਸੇ ਕਾਰਨ ਆਪਣੇ ਫਾਰਮ ਨਹੀਂ ਦੇ ਸਕੇ ਤੇ ਉਹ ਡਰਾਫਟ ਵੋਟਰ ਸੂਚੀ ਵਿੱਚੋਂ ਬਾਹਰ ਰਹਿ ਗਏ ਹਨ, ਉਹ ਵੀ ਚੋਣ ਕਮਿਸ਼ਨ ਵੱਲੋਂ ਜਾਰੀ ਦਸਤਾਵੇਜਾਂ ਦੀ ਸੂਚੀ ਵਿੱਚੋਂ ਕੋਈ ਇੱਕ ਦਸਤਾਵੇਜ ਨਾਲ ਲਗਾਕੇ ਆਪਣਾ ਫਾਰਮ ਜਮ੍ਹਾਂ ਕਰਵਾ ਸਕੇਗਾ। ਇਸ ਉਪਰੰਤ 12 ਅਕਤੂਬਰ 2026 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ 84347 ਵੋਟਰਾਂ, ਜਿਨ੍ਹਾਂ ਨੇ ਫਾਰਮ ਤਾਂ ਭਰੇ ਹਨ, ਪਰ ਇਨ੍ਹਾਂ ਦੀ ਸਾਲ 2003 ਦੀ ਵੋਟਰ ਸੂਚੀ ਨਾਲ ਮੈਪਿੰਗ ਨਹੀਂ ਹੋ ਪਾਈ, ਉਨ੍ਹਾਂ ਨੂੰ ਨੋਟਿਸ ਕੱਢੇ ਜਾਣਗੇ। ਜਦੋਂਕਿ 1 ਲੱਖ 95 ਹਜ਼ਾਰ 78 ਵੋਟਰਾਂ ਦੀ ਕੋਈ ਨਾ ਕੋਈ ਤਰੁੱਟੀ ਸਾਹਮਣੇ ਆਈ ਹੈ, ਇਨ੍ਹਾਂ ਨੂੰ ਵੀ ਨੋਟਿਸ ਕੱਢੇ ਜਾਣਗੇ ਅਤੇ ਇਨ੍ਹਾਂ ਨੂੰ ਆਪਣੇ ਜਵਾਬ 13 ਅਗਸਤ ਤੋਂ ਲੈਕੇ 12 ਸਤੰਬਰ 2026 ਤੱਕ ਸਬੰਧਤ ਬੀ.ਐਲ.ਓਜ, ਸਬੰਧਤ ਐਸ.ਡੀ.ਐਮ-ਈ.ਆਰ.ਓ ਦਫ਼ਤਰਾਂ ਨੂੰ ਨੂੰ ਦੇਣੇ ਹੋਣਗੇ ਅਤੇ ਇਨ੍ਹਾਂ ਵੱਲੋਂ ਜਮ੍ਹਾਂ ਕਰਵਾਏ ਗਏ ਦਸਤਾਵੇਜਾਂ ਦੀ ਘੋਖ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੋਟਰ ਦੇ ਦਾਅਵੇ ਤੇ ਇਤਰਾਜ ਦਾ ਨਿਪਟਾਰਾ ਨਹੀਂ ਹੁੰਦਾ ਤਾਂ ਉਹ ਜ਼ਿਲ੍ਹਾ ਚੋਣ ਅਫ਼ਸਰ ਜਾਂ ਅੱਗੇ ਮੁੱਖ ਚੋਣ ਅਫ਼ਸਰ, ਪੰਜਾਬ ਕੋਲ ਆਪਣੀ ਅਪੀਲ ਵੀ ਦਾਇਰ ਕਰ ਸਕਦਾ ਹੈ।

ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਦਿੰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਉਨ੍ਹਾਂ ਨੇ ਖ਼ੁਦ ਸਿਆਸੀ ਪਾਰਟੀਆਂ ਨਾਲ ਬੈਠਕ ਕੀਤੀ ਹੈ ਅਤੇ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਵੀ ਕੀਤੀ ਜਾ ਚੁੱਕੀ ਹੈ ਅਤੇ ਹੁਣ ਇੱਕ ਪੋਲਿੰਗ ਸਟੇਸ਼ਨ 'ਤੇ 1200 ਤੋਂ ਵੱਧ ਵੋਟਰਾਂ ਵਾਲੇ ਪੋਲਿੰਗ ਸਟੇਸ਼ਨਾਂ ਦੀ ਗਿਣਤੀ 75 ਵਧਣ ਨਾਲ ਜ਼ਿਲ੍ਹੇ ਵਿੱਚ ਕੁਲ 1786 ਪੋਲਿੰਗ ਸਟੇਸ਼ਨ ਹੁਣ ਵਧਕੇ 1861 ਹੋ ਗਏ ਹਨ। ਉਨ੍ਹਾਂ ਨੇ ਜ਼ਿਲੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਐਸ.ਆਈ.ਆਰ ਬਾਰੇ ਕੋਈ ਵੀ ਗਲਤ ਸੂਚਨਾ ਜਾਂ ਅਫ਼ਵਾਹ ਨਾ ਫੈਲਾਉਣ ਸਗੋਂ ਜੇਕਰ ਕੋਈ ਸ਼ਿਕਾਇਤ ਹੋਵੇ ਤਾਂ ਉਸ ਬਾਰੇ ਆਪਣੇ ਬੀ.ਐਲ.ਓਜ, ਸਬੰਧਤ ਐਸ.ਡੀ.ਐਮ ਦਫ਼ਤਰ ਜਾਂ ਜ਼ਿਲ੍ਹਾ ਚੋਣ ਅਫ਼ਸਰ ਦੇ ਦਫ਼ਤਰ ਸਮੇਤ 1950 ਨੰਬਰ 'ਤੇ ਵੀ ਸੰਪਰਕ ਕਰ ਸਕਦੇ ਹਨ।

ਜ਼ਿਲ੍ਹਾ ਚੋਣ ਅਫ਼ਸਰ ਡਾ. ਅਗਰਵਾਲ ਦਾ ਕਹਿਣਾ ਹੈ ਕਿ ਪਟਿਆਲਾ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚੋਂ ਬਾਹਰ ਨਹੀਂ ਕੱਢਿਆ ਜਾਵੇਗਾ ਅਤੇ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਅਯੋਗ ਜਾਂ ਅਣ ਅਧਿਕਾਰਤ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਨਾ ਹੋ ਜਾਵੇ। ਉਨ੍ਹਾਂ ਇੱਕ ਸਵਾਲ ਦੇ ਜਵਾਬ ਵਿੱਚ ਦੱਸਿਆ ਕਿ ਡਰਾਫਟ ਸੂਚੀ ਵਿੱਚ ਸਾਹਮਣੇ ਆਏ ਅੰਕੜਿਆਂ ਮੁਤਾਬਕ 7 ਲੱਖ 18 ਹਜ਼ਾਰ 688 ਮਰਦ, 6 ਲੱਖ 62 ਹਜ਼ਾਰ 683 ਔਰਤਾਂ ਤੇ 47 ਤੀਜੇ ਲਿੰਗ ਵਾਲੇ ਅਤੇ ਕੁਲ 13 ਲੱਖ 38 ਹਜ਼ਾਰ 418 ਵੋਟਰ ਹਨ। ਜਦੋਂਕਿ 8 ਜੂਨ 2026 ਦੇ ਅੰਕੜਿਆਂ ਮੁਤਾਬਕ ਕੁਲ 15 ਲੱਖ 20 ਹਜ਼ਾਰ 38 ਵੋਟਰਾਂ ਵਿੱਚੋਂ ਅਜੇ ਤੱਕ ਜਮ੍ਹਾਂ ਨਾ ਹੋਣ ਵਾਲੇ ਇਨੁਮੀਰੇਸ਼ਨ ਫਾਰਮਾਂ ਵਿੱਚ 43617 ਵੋਟਰਾਂ ਦੀ ਮੌਤ ਹੋ ਚੁੱਕੀ ਹੈ, 25148 ਵੋਟਰ ਕਿਸੇ ਕਾਰਨ ਮਿਲ ਨਹੀਂ ਪਾਏ, 61156 ਕਿਸੇ ਦੂਜੀ ਜਗ੍ਹਾ 'ਤੇ ਤਬਦੀਲ ਹੋ ਚੁੱਕੇ ਹਨ ਅਤੇ 632 ਹੋਰ ਅਤੇ 8071 ਨੇ ਫਾਰਮ ਭਰ ਦਿੱਤੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਅਤੇ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਵੀ ਮੌਜੂਦ ਸਨ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਪ੍ਰਮਾਣਤ ਦਸਤਾਵੇਜਾਂ ਵਿੱਚਕਿਸੇ ਵੀ ਕੇਂਦਰੀ/ਰਾਜ ਸਰਕਾਰ/ਪੀਐਸਯੂ ਦੇ ਨਿਯਮਤ ਕਰਮਚਾਰੀ/ਪੈਨਸ਼ਨਰ ਨੂੰ ਜਾਰੀ ਕੀਤਾ ਗਿਆ ਕੋਈ ਵੀ ਪਛਾਣ ਪੱਤਰ/ਪੈਨਸ਼ਨ ਭੁਗਤਾਨ ਆਦੇਸ਼, 01.07.1987 ਤੋਂ ਪਹਿਲਾਂ ਭਾਰਤ ਵਿੱਚ ਸਰਕਾਰੀ/ਸਥਾਨਕ ਅਧਿਕਾਰੀਆਂ/ਬੈਂਕਾਂ/ਡਾਕਘਰ/ਐਲਆਈਸੀ, ਪੀਐਸਯੂ ਦੁਆਰਾ ਜਾਰੀ ਕੀਤਾ ਗਿਆ ਕੋਈ ਵੀ ਪਛਾਣ ਪੱਤਰ/ਪ੍ਰਮਾਣ ਪੱਤਰ/ਦਸਤਾਵੇਜ਼, ਯੋਗ ਅਧਿਕਾਰੀ ਦੁਆਰਾ ਜਾਰੀ ਕੀਤੇ ਗਏ ਜਨਮ ਸਰਟੀਫਿਕੇਟ, ਪਾਸਪੋਰਟ, ਮਾਨਤਾ ਪ੍ਰਾਪਤ ਬੋਰਡਾਂ/ਯੂਨੀਵਰਸਿਟੀਆਂ ਦੁਆਰਾ ਜਾਰੀ ਕੀਤੇ ਮੈਟ੍ਰਿਕੂਲੇਸ਼ਨ/ਸਿੱਖਿਆ ਸਰਟੀਫਿਕੇਟ, ਯੋਗ ਰਾਜ ਅਧਿਕਾਰੀ ਦੁਆਰਾ ਜਾਰੀ ਕੀਤੇ ਗਏ ਸਥਾਈ ਨਿਵਾਸ ਸਰਟੀਫਿਕੇਟ, ਜੰਗਲ ਅਧਿਕਾਰ ਸਰਟੀਫਿਕੇਟ, ਓਬੀਸੀ, ਐਸ.ਸੀ, ਐਸ.ਟੀ ਜਾਂ ਯੋਗ ਰਾਜ ਅਧਿਕਾਰੀ ਦੁਆਰਾ ਜਾਰੀ ਕੀਤਾ ਗਿਆ ਕੋਈ ਵੀ ਜਾਤੀ ਸਰਟੀਫਿਕੇਟ, ਨਾਗਰਿਕਾਂ ਦਾ ਰਾਸ਼ਟਰੀ ਰਜਿਸਟਰ (ਜਿੱਥੇ ਵੀ ਇਹ ਮੌਜੂਦ ਹੈ), ਪਰਿਵਾਰ ਰਜਿਸਟਰ, ਰਾਜ/ਸਥਾਨਕ ਅਧਿਕਾਰੀਆਂ ਦੁਆਰਾ ਤਿਆਰ ਕੀਤਾ ਗਿਆ ਅਤੇ ਸਰਕਾਰ ਦੁਆਰਾ ਕੋਈ ਵੀ ਜ਼ਮੀਨ/ਮਕਾਨ ਅਲਾਟਮੈਂਟ ਸਰਟੀਫਿਕੇਟ ਸ਼ਾਮਲ ਹਨ।

# ਸੰਪਾਦਕੀ

## ‘ਵਿਕਸਤ ਪੰਜਾਬ’ ਦਾ ਸੁਪਨਾ: ਸਰਕਾਰ, ਉਦਯੋਗ ਅਤੇ ਆਮ ਲੋਕਾਂ ਦੀ ਭੂਮਿਕਾ ਕੀ ਹੋਵੇ ?

ਪੰਜਾਬ ਨੇ ਦੇਸ਼ ਦੀ ਖੁਰਾਕ ਸੁਰੱਖਿਆ, ਉਦਯੋਗ, ਖੇਡਾਂ ਅਤੇ ਵਿਦੇਸ਼ਾਂ ਵਿੱਚ ਆਪਣੀ ਮਿਹਨਤ ਰਾਹੀਂ ਮਹੱਤਵਪੂਰਨ ਯੋਗਦਾਨ ਪਾਇਆ ਹੈ। ਪਰ ਅੱਜ ਪੰਜਾਬ ਇੱਕ ਨਵੇਂ ਮੋੜ ’ਤੇ ਖੜ੍ਹਾ ਹੈ। ਨੌਜਵਾਨਾਂ ਦਾ ਵਿਦੇਸ਼ਾਂ ਵੱਲ ਰੁਝਾਨ, ਖੇਤੀ ਦੀਆਂ ਵਧਦੀਆਂ ਲਾਗਤਾਂ, ਧਰਤੀ ਹੇਠਲੇ ਪਾਣੀ ਦਾ ਸੰਕਟ, ਉਦਯੋਗਿਕ ਵਿਕਾਸ ਦੀਆਂ ਚੁਣੌਤੀਆਂ ਅਤੇ ਸਰਕਾਰੀ ਵਿੱਤ ’ਤੇ ਦਬਾਅ—ਇਹ ਸਾਰੇ ਸਵਾਲ ਮੰਗ ਕਰਦੇ ਹਨ ਕਿ ਪੰਜਾਬ ਦੇ ਵਿਕਾਸ ਦਾ ਨਵਾਂ ਮਾਡਲ ਕੀ ਹੋਵੇ ? ‘ਵਿਕਸਤ ਪੰਜਾਬ’ ਦਾ ਅਰਥ ਸਿਰਫ਼ ਵੱਡੀਆਂ ਸੜਕਾਂ, ਇਮਾਰਤਾਂ ਜਾਂ ਨਿਵੇਸ਼ ਦੇ ਐਲਾਨ ਨਹੀਂ। ਅਸਲ ਵਿਕਸਤ ਪੰਜਾਬ ਉਹ ਹੋਵੇਗਾ ਜਿੱਥੇ ਨੌਜਵਾਨ ਨੂੰ ਰੋਜ਼ਗਾਰ, ਕਿਸਾਨ ਨੂੰ ਲਾਭਕਾਰੀ ਖੇਤੀ, ਉਦਯੋਗਪਤੀ ਨੂੰ ਸੁਖਾਵਾਂ ਕਾਰੋਬਾਰੀ ਮਾਹੌਲ ਅਤੇ ਆਮ ਨਾਗਰਿਕ ਨੂੰ ਬਿਹਤਰ ਸਿੱਖਿਆ, ਸਿਹਤ ਤੇ ਸੁਰੱਖਿਅਤ ਜੀਵਨ ਮਿਲੇ।

ਖੇਤੀ ਵਿੱਚ ਬਦਲਾਅ ਲਾਜ਼ਮੀ

ਪੰਜਾਬ ਦੀ ਅਰਥਵਿਵਸਥਾ ਵਿੱਚ ਖੇਤੀ ਦੀ ਭੂਮਿਕਾ ਅੱਜ ਵੀ ਕੇਂਦਰੀ ਹੈ, ਪਰ ਕਣਕ-ਝੋਨੇ ਦੇ ਰਵਾਇਤੀ ਚੱਕਰ ਤੋਂ ਅੱਗੇ ਵਧਣਾ ਸਮੇਂ ਦੀ ਲੋੜ ਹੈ। ਪਾਣੀ ਦੀ ਬਚਤ ਅਤੇ ਮਿੱਟੀ ਦੀ ਸਿਹਤ ਦੇ ਨਾਲ ਫਲ, ਸਬਜ਼ੀਆਂ, ਦਾਲਾਂ, ਮੱਕੀ, ਤੇਲ ਬੀਜ, ਡੇਅਰੀ, ਮੱਛੀ ਪਾਲਣ ਅਤੇ ਬਾਗਬਾਨੀ ਵਰਗੇ ਖੇਤਰਾਂ ਨੂੰ ਉਤਸ਼ਾਹਿਤ ਕਰਨਾ ਹੋਵੇਗਾ। ਸਿਰਫ਼ ਫ਼ਸਲ ਪੈਦਾ ਕਰਨ ਦੀ ਬਜਾਏ ਫ਼ਸਲ ਦੀ ਪ੍ਰੋਸੈਸਿੰਗ, ਪੈਕਿੰਗ ਅਤੇ ਮੰਡੀਕਰਨ ਨੂੰ ਪਿੰਡਾਂ ਤੱਕ ਲਿਆਉਣਾ ਹੋਵੇਗਾ। ਇਸ ਨਾਲ ਕਿਸਾਨ ਦੀ ਆਮਦਨ ਦੇ ਨਾਲ ਪੇਂਡੂ ਰੋਜ਼ਗਾਰ ਵੀ ਵਧੇਗਾ।

ਉਦਯੋਗ ਅਤੇ ਛੋਟੇ-ਦਰਮਿਆਨੇ ਉਦਯੋਗ ਬਣਨ ਵਿਕਾਸ ਦਾ ਇੰਜਣ

ਪੰਜਾਬ ਕੋਲ ਲੁਧਿਆਣਾ ਦੇ ਸਾਈਕਲ ਅਤੇ ਕੱਪੜਾ ਉਦਯੋਗ, ਜਲੰਧਰ ਦੇ ਖੇਡ ਸਮਾਨ, ਮੰਡੀ ਗੋਬਿੰਦਗੜ੍ਹ ਦੇ ਸਟੀਲ ਉਦਯੋਗ ਅਤੇ ਖੇਤੀਬਾੜੀ ਸੰਦਾਂ ਵਰਗੇ ਮਜ਼ਬੂਤ ਉਦਯੋਗਿਕ ਆਧਾਰ ਮੌਜੂਦ ਹਨ। ਹੁਣ ਇਨ੍ਹਾਂ ਨੂੰ ਆਧੁਨਿਕ ਤਕਨਾਲੋਜੀ, ਸਵੈਚਾਲਨ, ਵਿਦੇਸ਼ੀ ਬਾਜ਼ਾਰ ਅਤੇ ਵਿਸ਼ਵ ਪੱਧਰੀ ਉਤਪਾਦਨ ਲੜੀਆਂ ਨਾਲ ਜੋੜਨ ਦੀ ਲੋੜ ਹੈ।

ਖ਼ਾਸ ਕਰਕੇ ਛੋਟੇ ਅਤੇ ਦਰਮਿਆਨੇ ਉਦਯੋਗਾਂ ਲਈ ਮਨਜ਼ੂਰੀਆਂ ਆਸਾਨ, ਬਿਜਲੀ ਭਰੋਸੇਯੋਗ, ਬੁਨਿਆਦੀ ਢਾਂਚਾ ਮਜ਼ਬੂਤ ਅਤੇ ਸਰਕਾਰੀ ਪ੍ਰਕਿਰਿਆਵਾਂ ਪਾਰਦਰਸ਼ੀ ਹੋਣੀਆਂ ਚਾਹੀਦੀਆਂ ਹਨ। ਨਿਵੇਸ਼ ਦਾ ਅਸਲ ਮੁਲਾਂਕਣ ਸਿਰਫ਼ ਸਮਝੌਤਿਆਂ ਨਾਲ ਨਹੀਂ, ਸਗੋਂ ਜ਼ਮੀਨ ’ਤੇ ਲੱਗੇ ਉਦਯੋਗ ਅਤੇ ਪੈਦਾ ਹੋਈਆਂ ਸਥਾਈ ਨੌਕਰੀਆਂ ਨਾਲ ਹੋਣਾ ਚਾਹੀਦਾ ਹੈ।

ਨੌਜਵਾਨ ਹੀ ਅਸਲ ਤਾਕਤ

ਜੇ ਪੰਜਾਬ ਦਾ ਨੌਜਵਾਨ ਆਪਣਾ ਭਵਿੱਖ ਪੰਜਾਬ ਤੋਂ ਬਾਹਰ ਦੇਖਦਾ ਹੈ ਤਾਂ ਵਿਕਾਸ ਦੀ ਤਸਵੀਰ ਅਧੂਰੀ ਹੈ। ਸਿੱਖਿਆ ਨੂੰ ਰੋਜ਼ਗਾਰ ਦੀਆਂ ਲੋੜਾਂ ਨਾਲ ਜੋੜਨਾ ਹੋਵੇਗਾ। ਡਿਗਰੀ ਦੇ ਨਾਲ ਹੁਨਰ ਵਿਕਾਸ, ਸਿਖਲਾਈ, ਕਾਰਜ-ਅਨੁਭਵ, ਸਵੈ-ਰੋਜ਼ਗਾਰ ਅਤੇ ਤਕਨੀਕੀ ਸਿੱਖਿਆ ਨੂੰ ਮਹੱਤਤਾ ਦੇਣੀ ਪਵੇਗੀ।

‘ਹਰ ਹੱਥ ਨੂੰ ਕੰਮ’ ਦਾ ਮਤਲਬ ਸਿਰਫ਼ ਸਰਕਾਰੀ ਨੌਕਰੀ ਨਹੀਂ। ਆਪਣਾ ਕਾਰੋਬਾਰ, ਨਵਾਂ ਉੱਦਮ, ਹੁਨਰਮੰਦ ਪੇਸ਼ਾ, ਨਿੱਜੀ ਰੋਜ਼ਗਾਰ ਅਤੇ ਖੇਤੀ-ਆਧਾਰਿਤ ਕਾਰੋਬਾਰ ਵੀ ਰੋਜ਼ਗਾਰ ਦੇ ਮਹੱਤਵਪੂਰਨ ਰਸਤੇ ਹਨ।

ਸਰਕਾਰ ਦੀ ਭੂਮਿਕਾ

ਸਰਕਾਰ ਨੂੰ ਅਜਿਹਾ ਮਾਹੌਲ ਬਣਾਉਣਾ ਹੋਵੇਗਾ ਜਿੱਥੇ ਨਿਵੇਸ਼ਕ, ਉਦਯੋਗਪਤੀ ਅਤੇ ਨੌਜਵਾਨ ਬਿਨਾਂ ਬੇਲੋੜੀ ਅਫ਼ਸਰਸ਼ਾਹੀ ਦੇ ਆਪਣਾ ਕੰਮ ਕਰ ਸਕਣ। ਸੜਕਾਂ, ਬਿਜਲੀ, ਪਾਣੀ, ਸਿੱਖਿਆ, ਸਿਹਤ, ਸੰਚਾਰ ਸਹੂਲਤਾਂ ਅਤੇ ਮਾਲ ਢੋਆ-ਢੁਆਈ ਦੇ ਢਾਂਚੇ ਵਿੱਚ ਨਿਵੇਸ਼ ਵਿਕਾਸ ਦੀ ਬੁਨਿਆਦ ਹਨ। ਇਸ ਦੇ ਨਾਲ ਵਿੱਤੀ ਅਨੁਸ਼ਾਸਨ ਵੀ ਜ਼ਰੂਰੀ ਹੈ। ਸਰਕਾਰੀ ਖਰਚਾ ਅਜਿਹੇ ਖੇਤਰਾਂ ਵਿੱਚ ਹੋਵੇ ਜੋ ਭਵਿੱਖ ਵਿੱਚ ਉਤਪਾਦਕਤਾ, ਰੋਜ਼ਗਾਰ ਅਤੇ ਆਮਦਨ ਵਧਾਉਣ।

ਆਮ ਲੋਕਾਂ ਦੀ ਜ਼ਿੰਮੇਵਾਰੀ

ਵਿਕਸਤ ਪੰਜਾਬ ਸਿਰਫ਼ ਸਰਕਾਰ ਨਹੀਂ ਬਣਾ ਸਕਦੀ। ਨਾਗਰਿਕਾਂ ਨੂੰ ਵੀ ਆਪਣੀ ਭੂਮਿਕਾ ਨਿਭਾਉਣੀ ਪਵੇਗੀ—ਟੈਕਸ ਦੀ ਇਮਾਨਦਾਰੀ ਨਾਲ ਅਦਾਇਗੀ, ਪਾਣੀ ਅਤੇ ਬਿਜਲੀ ਦੀ ਬਚਤ, ਵਾਤਾਵਰਣ ਦੀ ਸੰਭਾਲ, ਕਾਨੂੰਨ ਦੀ ਪਾਲਣਾ ਅਤੇ ਭ੍ਰਿਸ਼ਟਾਚਾਰ ਨੂੰ ਸਵੀਕਾਰ ਨਾ ਕਰਨਾ ਇਸ ਦਾ ਹਿੱਸਾ ਹਨ।

ਪਿੰਡਾਂ ਨੂੰ ਵੀ ਸਿਰਫ਼ ਖੇਤੀ ਕੇਂਦਰ ਨਹੀਂ, ਸਗੋਂ ਖੇਤੀ-ਉਤਪਾਦ ਪ੍ਰੋਸੈਸਿੰਗ, ਦੁੱਧ ਉਤਪਾਦਨ, ਭੰਡਾਰਨ, ਪੇਂਡੂ ਸੈਰ-ਸਪਾਟਾ ਅਤੇ ਛੋਟੇ ਉਦਯੋਗਾਂ ਦੇ ਕੇਂਦਰ ਬਣਾਉਣਾ ਹੋਵੇਗਾ।

‘ਵਿਕਸਤ ਪੰਜਾਬ’ ਕੋਈ ਇੱਕ ਸਰਕਾਰੀ ਯੋਜਨਾ ਨਹੀਂ, ਸਗੋਂ ਸਾਂਝੀ ਜ਼ਿੰਮੇਵਾਰੀ ਹੈ। ਸਰਕਾਰ ਨੂੰ ਨੀਤੀ ਅਤੇ ਬੁਨਿਆਦੀ ਢਾਂਚਾ ਦੇਣਾ ਹੋਵੇਗਾ, ਉਦਯੋਗ ਨੂੰ ਨਿਵੇਸ਼ ਅਤੇ ਰੋਜ਼ਗਾਰ, ਕਿਸਾਨ ਨੂੰ ਖੇਤੀ ਵਿੱਚ ਵਿਭਿੰਨਤਾ, ਨੌਜਵਾਨ ਨੂੰ ਹੁਨਰ ਅਤੇ ਆਮ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਵਿਕਸਤ ਪੰਜਾਬ ਦਾ ਮਤਲਬ ਸਿਰਫ਼ ਉੱਚੀਆਂ ਇਮਾਰਤਾਂ ਨਹੀਂ—ਉੱਚੀ ਆਮਦਨ, ਬਿਹਤਰ ਸਿੱਖਿਆ, ਸਿਹਤਮੰਦ ਵਾਤਾਵਰਣ, ਰੋਜ਼ਗਾਰ ਦੇ ਮੌਕੇ ਅਤੇ ਹਰ ਪਰਿਵਾਰ ਲਈ ਸਨਮਾਨਜਨਕ ਜੀਵਨ ਹੈ।

-ਛੱਤਰਪਾਲ ਸਿੰਘ




Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਵਿਸ਼ੇਸ਼ ਤੀਬਰ ਪੁਨਰ-ਜਾਂਚ: ਵੋਟਰ ਦੀ ਜਾਂਚ ਜਾਂ ਨਾਗਰਿਕਤਾ ਦੀ ਪਰਖ ?



ਗੁਰਮੀਤ ਸਿੰਘ ਤੰਗ
ਬਿਊਰੋ ਚੀਫ.
9855221193

ਵੋਟਰ ਸੂਚੀ ਦੀ ਸ਼ੁੱਧਤਾ ਜ਼ਰੂਰੀ ਹੈ, ਪਰ ਲੋਕਤੰਤਰ ਦੀ ਸ਼ੁੱਧਤਾ ਇਸ ਤੋਂ ਵੀ ਵੱਧ ਜ਼ਰੂਰੀ ਹੈ

ਭਾਰਤ ਵਿੱਚ ਵੋਟਰ ਸੂਚੀ ਸਿਰਫ਼ ਨਾਵਾਂ ਦੀ ਇੱਕ ਸਰਕਾਰੀ ਸੂਚੀ ਨਹੀਂ, ਸਗੋਂ ਇਹ ਲੋਕਤੰਤਰ ਦੇ ਉਸ ਦਰਵਾਜ਼ੇ ਦੀ ਚਾਬੀ ਹੈ ਜਿਸ ਰਾਹੀਂ ਨਾਗਰਿਕ ਆਪਣੀ ਸਰਕਾਰ ਚੁਣਦਾ ਹੈ। ਇਸ ਲਈ ਵੋਟਰ ਸੂਚੀ ਵਿੱਚ ਯੋਗ ਵਿਅਕਤੀ ਦਾ ਨਾਮ ਹੋਣਾ ਵੀ ਉਤਨਾ ਹੀ ਮਹੱਤਵਪੂਰਨ ਹੈ, ਜਿੰਨਾ ਕਿਸੇ ਅਯੋਗ ਵਿਅਕਤੀ ਦਾ ਨਾਮ ਇਸ ਵਿੱਚ ਨਾ ਹੋਣਾ।

ਇਸੇ ਪਿਛੋਕੜ ਵਿੱਚ ਵਿਸ਼ੇਸ਼ ਤੀਬਰ ਪੁਨਰ-ਜਾਂਚ ਦੀ ਪ੍ਰਕਿਰਿਆ ਨੂੰ ਸਮਝਣ ਦੀ ਲੋੜ ਹੈ। ਚੋਣ ਕਮਿਸ਼ਨ ਵੱਲੋਂ ਪੰਜਾਬ ਸਮੇਤ ਕਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਪੁਨਰ-ਜਾਂਚ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ।

ਪਰ ਇੱਥੇ ਇੱਕ ਬੁਨਿਆਦੀ ਸਵਾਲ ਖੜ੍ਹਾ ਹੁੰਦਾ ਹੈ—

ਕੀ ਇਹ ਪ੍ਰਕਿਰਿਆ ਸਿਰਫ਼ ਵੋਟਰ ਸੂਚੀ ਦੀ ਜਾਂਚ ਹੈ ਜਾਂ ਇਹ ਕਿਸੇ ਵਿਅਕਤੀ ਦੀ ਨਾਗਰਿਕਤਾ ਦੀ ਵੀ ਪਰਖ ਬਣ ਸਕਦੀ ਹੈ ?

ਇਸ ਸਵਾਲ ਦਾ ਜਵਾਬ ਨਾ ਤਾਂ ਅਫ਼ਵਾਹਾਂ ਵਿੱਚ ਹੈ ਅਤੇ ਨਾ ਹੀ ਸਿਆਸੀ ਬਿਆਨਾਂ ਵਿੱਚ। ਇਸ ਦਾ ਜਵਾਬ ਕਾਨੂੰਨ, ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਤੇ ਸਰਵਉੱਚ ਅਦਾਲਤ ਦੇ ਫ਼ੈਸਲਿਆਂ ਵਿੱਚੋਂ ਲੱਭਣਾ ਪਵੇਗਾ।

ਵਿਸ਼ੇਸ਼ ਤੀਬਰ ਪੁਨਰ-ਜਾਂਚ ਦਾ ਮਕਸਦ ਕੀ ਹੈ ?

ਚੋਣ ਕਮਿਸ਼ਨ ਦਾ ਮੁੱਖ ਉਦੇਸ਼ ਸਪਸ਼ਟ ਹੈ—ਕੋਈ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਾ ਰਹਿ ਜਾਵੇ ਅਤੇ ਕੋਈ ਅਯੋਗ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਨਾ ਰਹੇ।

ਸਮੇਂ ਦੇ ਨਾਲ ਲੋਕਾਂ ਦਾ ਇੱਕ ਥਾਂ ਤੋਂ ਦੂਜੀ ਥਾਂ ਜਾਣਾ, ਸ਼ਹਿਰੀਕਰਨ, ਮੌਤਾਂ ਦੀ ਜਾਣਕਾਰੀ ਸਮੇਂ ਸਿਰ ਦਰਜ ਨਾ ਹੋਣਾ ਅਤੇ ਇੱਕ ਤੋਂ ਵੱਧ ਥਾਵਾਂ ’ਤੇ ਇੱਕੋ ਵਿਅਕਤੀ ਦਾ ਨਾਮ ਦਰਜ ਹੋ ਜਾਣ ਵਰਗੀਆਂ ਸਮੱਸਿਆਵਾਂ ਕਾਰਨ ਵੋਟਰ ਸੂਚੀਆਂ ਦੀ ਸ਼ੁੱਧਤਾ ਪ੍ਰਭਾਵਿਤ ਹੋ ਸਕਦੀ ਹੈ।

ਇਸ ਲਈ ਵੋਟਰ ਸੂਚੀ ਦੀ ਵਿਸ਼ੇਸ਼ ਜਾਂਚ ਦੀ ਲੋੜ ਪੈ ਸਕਦੀ ਹੈ।

ਸਿਧਾਂਤਕ ਤੌਰ ’ਤੇ ਇਸ ਉਦੇਸ਼ ਨਾਲ ਕਿਸੇ ਨੂੰ ਇਤਰਾਜ਼ ਨਹੀਂ ਹੋਣਾ ਚਾਹੀਦਾ। ਸਵਾਲ ਇਸ ਦੀ ਕਾਰਗੁਜ਼ਾਰੀ ਅਤੇ ਤਰੀਕੇ ਦਾ ਹੈ।

ਵੋਟਰ ਸੂਚੀ ਨੂੰ ਸ਼ੁੱਧ ਕਰਨ ਦੀ ਕੋਸ਼ਿਸ਼ ਕਿਤੇ ਅਜਿਹੀ ਪ੍ਰਕਿਰਿਆ ਨਾ ਬਣ ਜਾਵੇ ਜਿਸ ਵਿੱਚ ਸੱਚਾ ਵੋਟਰ ਹੀ ਆਪਣੇ ਅਸਤਿਤਵ ਦਾ ਸਬੂਤ ਦੇਣ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਂਦਾ ਰਹੇ।

ਸਭ ਤੋਂ ਵੱਡੀ ਗਲਤਫ਼ਹਿਮੀ: ਵੋਟਰ ਸੂਚੀ ਵਿੱਚੋਂ ਨਾਮ ਹਟਣਾ ਨਾਗਰਿਕਤਾ ਖ਼ਤਮ ਹੋਣਾ ਨਹੀਂ

ਵਿਸ਼ੇਸ਼ ਤੀਬਰ ਪੁਨਰ-ਜਾਂਚ ਬਾਰੇ ਸਭ ਤੋਂ ਵੱਧ ਫੈਲ ਰਹੀ ਗਲਤਫ਼ਹਿਮੀ ਇਹ ਹੈ ਕਿ ਜੇ ਕਿਸੇ ਵਿਅਕਤੀ ਦਾ ਨਾਮ ਵੋਟਰ ਸੂਚੀ ਵਿੱਚੋਂ ਹਟ ਗਿਆ ਤਾਂ ਉਸ ਦੀ ਭਾਰਤੀ ਨਾਗਰਿਕਤਾ ਵੀ ਖ਼ਤਮ ਹੋ ਗਈ।

ਇਹ ਕਾਨੂੰਨੀ ਤੌਰ ’ਤੇ ਸਹੀ ਗੱਲ ਨਹੀਂ ਹੈ।

ਵੋਟਰ ਵਜੋਂ ਯੋਗਤਾ ਅਤੇ ਭਾਰਤੀ ਨਾਗਰਿਕਤਾ ਦੋ ਵੱਖਰੇ ਕਾਨੂੰਨੀ ਮਸਲੇ ਹਨ।

ਚੋਣ ਅਧਿਕਾਰੀ ਵੱਲੋਂ ਕਿਸੇ ਵਿਅਕਤੀ ਦੀ ਵੋਟਰ ਵਜੋਂ ਯੋਗਤਾ ਬਾਰੇ ਜਾਂਚ ਕਰਨਾ ਅਤੇ ਨਾਗਰਿਕਤਾ ਬਾਰੇ ਅੰਤਿਮ ਫ਼ੈਸਲਾ ਕਰਨਾ ਇੱਕੋ ਗੱਲ ਨਹੀਂ ਹੈ।

ਇਸ ਲਈ—

ਵੋਟਰ ਸੂਚੀ ਤੋਂ ਨਾਮ ਹਟਣਾ ਅਤੇ ਭਾਰਤੀ ਨਾਗਰਿਕਤਾ ਖ਼ਤਮ ਹੋਣਾ ਦੋ ਵੱਖਰੇ ਕਾਨੂੰਨੀ ਮਾਮਲੇ ਹਨ।

ਇਸ ਫ਼ਰਕ ਨੂੰ ਨਾ ਸਮਝਣਾ ਹੀ ਅਫ਼ਵਾਹਾਂ ਦਾ ਸਭ ਤੋਂ ਵੱਡਾ ਕਾਰਨ ਬਣ ਸਕਦਾ ਹੈ।

ਕੀ ਚੋਣ ਰਜਿਸਟ੍ਰੇਸ਼ਨ ਅਧਿਕਾਰੀ ਕਿਸੇ ਵਿਅਕਤੀ ਨੂੰ ਗੈਰ-ਨਾਗਰਿਕ ਘੋਸ਼ਿਤ ਕਰ ਸਕਦਾ ਹੈ ?

ਇੱਥੇ ਇੱਕ ਬਹੁਤ ਮਹੱਤਵਪੂਰਨ ਕਾਨੂੰਨੀ ਅੰਤਰ ਸਮਝਣਾ ਜ਼ਰੂਰੀ ਹੈ।

ਚੋਣ ਰਜਿਸਟ੍ਰੇਸ਼ਨ ਅਧਿਕਾਰੀ ਦਾ ਮੁੱਖ ਕੰਮ ਵੋਟਰ ਸੂਚੀ ਵਿੱਚ ਨਾਮ ਸ਼ਾਮਲ ਕਰਨ, ਰੱਖਣ ਜਾਂ ਹਟਾਉਣ ਲਈ ਕਾਨੂੰਨੀ ਯੋਗਤਾ ਦੀ ਜਾਂਚ ਕਰਨਾ ਹੈ। ਵੋਟਰ ਸੂਚੀ ਵਿੱਚ ਨਾਮ ਦਰਜ ਕਰਨ ਲਈ ਨਾਗਰਿਕਤਾ ਨਾਲ ਸਬੰਧਤ ਸ਼ਰਤਾਂ ਦੀ ਜਾਂਚ ਕੀਤੀ ਜਾ ਸਕਦੀ ਹੈ, ਪਰ ਇਹ ਜਾਂਚ ਆਪਣੇ ਆਪ ਵਿੱਚ ਨਾਗਰਿਕਤਾ ਬਾਰੇ ਅੰਤਿਮ ਫ਼ੈਸਲਾ ਨਹੀਂ ਬਣ ਜਾਂਦੀ।

ਇਸ ਲਈ ਇਹ ਕਹਿਣਾ ਕਿ—

ਚੋਣ ਰਜਿਸਟ੍ਰੇਸ਼ਨ ਅਧਿਕਾਰੀ ਨੇ ਮੈਨੂੰ ਭਾਰਤੀ ਨਾਗਰਿਕ ਨਹੀਂ ਮੰਨਿਆ, ਇਸ ਲਈ ਮੈਂ ਭਾਰਤੀ ਨਾਗਰਿਕ ਨਹੀਂ ਰਿਹਾ ਕਾਨੂੰਨੀ ਤੌਰ ’ਤੇ ਇੱਕ ਬਹੁਤ ਵੱਡੀ ਛਾਲ ਹੋਵੇਗੀ।

ਦਸਤਾਵੇਜ਼ਾਂ ਦੀ ਮੰਗ: ਸਭ ਤੋਂ ਵੱਧ ਪਰੇਸ਼ਾਨੀ ਇੱਥੇ ਹੀ ਹੁੰਦੀ ਹੈ

ਵਿਸ਼ੇਸ਼ ਤੀਬਰ ਪੁਨਰ-ਜਾਂਚ ਵਿੱਚ ਦਸਤਾਵੇਜ਼ਾਂ ਦਾ ਮਾਮਲਾ ਸਭ ਤੋਂ ਸੰਵੇਦਨਸ਼ੀਲ ਹੈ।

ਚੋਣ ਕਮਿਸ਼ਨ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਸ਼ੁਰੂਆਤੀ ਗਿਣਤੀ ਅਤੇ ਵੇਰਵਾ ਇਕੱਠਾ ਕਰਨ ਵਾਲੇ ਪੜਾਅ ਦੌਰਾਨ ਹਰ ਵੋਟਰ ਤੋਂ ਦਸਤਾਵੇਜ਼ ਇਕੱਠੇ ਕਰਨ ਦੀ ਵਿਵਸਥਾ ਨਹੀਂ ਹੈ।

ਬਾਅਦ ਵਿੱਚ ਜੇ ਕਿਸੇ ਵਿਅਕਤੀ ਦੇ ਵੇਰਵੇ ਪੁਰਾਣੀ ਵੋਟਰ ਸੂਚੀ ਨਾਲ ਨਹੀਂ ਮਿਲਦੇ ਜਾਂ ਕਿਸੇ ਤਰ੍ਹਾਂ ਦੀ ਅਸੰਗਤੀ ਸਾਹਮਣੇ ਆਉਂਦੀ ਹੈ ਤਾਂ ਸੰਬੰਧਿਤ ਚੋਣ ਰਜਿਸਟ੍ਰੇਸ਼ਨ ਅਧਿਕਾਰੀ ਵੱਲੋਂ ਨੋਟਿਸ ਜਾਰੀ ਕੀਤਾ ਜਾ ਸਕਦਾ ਹੈ ਅਤੇ ਉਸ ਪੜਾਅ ’ਤੇ ਲੋੜੀਂਦੇ ਦਸਤਾਵੇਜ਼ ਜਾਂ ਸਪਸ਼ਟੀਕਰਨ ਮੰਗਿਆ ਜਾ ਸਕਦਾ ਹੈ।

ਇਸ ਲਈ ਜੇ ਕੋਈ ਵਿਅਕਤੀ ਸਿਰਫ਼ ਇਸ ਕਰਕੇ ਘਬਰਾ ਜਾਂਦਾ ਹੈ ਕਿ ਮੇਰੇ ਕੋਲੋਂ ਅੱਜ ਹੀ ਨਾਗਰਿਕਤਾ ਦੇ ਕਾਗਜ਼ ਮੰਗ ਲਏ ਗਏ ਹਨ , ਤਾਂ ਸਭ ਤੋਂ ਪਹਿਲਾਂ ਇਹ ਦੇਖਣਾ ਚਾਹੀਦਾ ਹੈ ਕਿ ਉਹ ਕਿਹੜੇ ਪੜਾਅ ਵਿੱਚ ਹੈ ਅਤੇ ਦਸਤਾਵੇਜ਼ ਕਿਸ ਅਧਿਕਾਰਤ ਪ੍ਰਕਿਰਿਆ ਅਧੀਨ ਮੰਗੇ ਜਾ ਰਹੇ ਹਨ।

ਇੱਕ ਹੋਰ ਮਹੱਤਵਪੂਰਨ ਤੱਥ ਇਹ ਹੈ ਕਿ ਆਧਾਰ ਕਾਰਡ ਨੂੰ ਪਛਾਣ ਦੇ ਸਬੂਤ ਵਜੋਂ ਵਰਤਿਆ ਜਾ ਸਕਦਾ ਹੈ, ਪਰ ਆਧਾਰ ਕਾਰਡ ਆਪਣੇ ਆਪ ਵਿੱਚ ਭਾਰਤੀ ਨਾਗਰਿਕਤਾ ਦਾ ਅੰਤਿਮ ਸਬੂਤ ਨਹੀਂ ਹੈ।

ਇਸ ਲਈ—

ਆਧਾਰ ਕਾਰਡ = ਪਛਾਣ ਦਾ ਸਬੂਤ

ਆਧਾਰ ਕਾਰਡ ? ਨਾਗਰਿਕਤਾ ਦਾ ਅੰਤਿਮ ਸਬੂਤ

ਇਹ ਅੰਤਰ ਹਰ ਨਾਗਰਿਕ ਨੂੰ ਸਮਝਣਾ ਚਾਹੀਦਾ ਹੈ।

ਚੋਣ ਰਜਿਸਟ੍ਰੇਸ਼ਨ ਅਧਿਕਾਰੀ ਕੋਲ ਅਧਿਕਾਰ ਹਨ, ਪਰ ਜ਼ਿੰਮੇਵਾਰੀ ਵੀ ਹੈ

ਕਿਸੇ ਅਧਿਕਾਰੀ ਨੂੰ ਕਾਨੂੰਨੀ ਸ਼ਕਤੀ ਮਿਲਣ ਦਾ ਮਤਲਬ ਇਹ ਨਹੀਂ ਕਿ ਉਹ ਸ਼ਕਤੀ ਮਨਮਰਜ਼ੀ ਨਾਲ ਵਰਤੀ ਜਾ ਸਕਦੀ ਹੈ।

ਜੇ ਕਿਸੇ ਮੌਜੂਦਾ ਵੋਟਰ ਦੀ ਯੋਗਤਾ ਬਾਰੇ ਸਵਾਲ ਉੱਠਦਾ ਹੈ ਤਾਂ ਉਸ ਨੂੰ ਕਾਨੂੰਨ ਅਨੁਸਾਰ ਨੋਟਿਸ, ਜਾਂਚ ਅਤੇ ਆਪਣਾ ਪੱਖ ਰੱਖਣ ਦਾ ਮੌਕਾ ਮਿਲਣਾ ਚਾਹੀਦਾ ਹੈ।

ਇਸ ਦਾ ਸਿੱਧਾ ਅਰਥ ਹੈ—

ਮਸੌਦਾ ਵੋਟਰ ਸੂਚੀ ਵਿੱਚ ਨਾਮ ਨਾ ਹੋਣਾ ਅਤੇ ਨਾਮ ਨੂੰ ਅੰਤਿਮ ਤੌਰ ’ਤੇ ਵੋਟਰ ਸੂਚੀ ਵਿੱਚੋਂ ਹਟਾ ਦਿੱਤਾ ਜਾਣਾ — ਇਹ ਦੋਵੇਂ ਇੱਕ ਗੱਲ ਨਹੀਂ ਹਨ।

ਇੱਕ ਨਾਗਰਿਕ ਨੂੰ ਆਪਣਾ ਪੱਖ ਰੱਖਣ ਅਤੇ ਉਪਲਬਧ ਕਾਨੂੰਨੀ ਉਪਚਾਰ ਵਰਤਣ ਦਾ ਮੌਕਾ ਮਿਲਣਾ ਚਾਹੀਦਾ ਹੈ।

ਜੇ ਚੋਣ ਰਜਿਸਟ੍ਰੇਸ਼ਨ ਅਧਿਕਾਰੀ ਗਲਤ ਫ਼ੈਸਲਾ ਕਰੇ ਤਾਂ ਨਾਗਰਿਕ ਕੀ ਕਰੇ ?

ਸਭ ਤੋਂ ਪਹਿਲਾਂ ਘਬਰਾਉਣ ਦੀ ਬਜਾਏ ਲਿਖਤੀ ਰਿਕਾਰਡ ਤਿਆਰ ਕਰਨਾ ਚਾਹੀਦਾ ਹੈ।

ਜੇ ਨੋਟਿਸ ਮਿਲਦਾ ਹੈ ਤਾਂ—

ਪਹਿਲਾ: ਨੋਟਿਸ ਦੀ ਕਾਪੀ ਸੰਭਾਲ ਕੇ ਰੱਖੋ।

ਦੂਜਾ: ਨੋਟਿਸ ਵਿੱਚ ਦਿੱਤੀ ਆਖ਼ਰੀ ਤਾਰੀਖ਼ ਨੂੰ ਧਿਆਨ ਨਾਲ ਨੋਟ ਕਰੋ।

ਤੀਜਾ: ਮੰਗੇ ਗਏ ਦਸਤਾਵੇਜ਼ਾਂ ਦੀ ਸੂਚੀ ਧਿਆਨ ਨਾਲ ਪੜ੍ਹੋ।

ਚੌਥਾ: ਲੋੜੀਂਦੇ ਦਸਤਾਵੇਜ਼ ਅਤੇ ਆਪਣਾ ਸਪਸ਼ਟੀਕਰਨ ਨਿਰਧਾਰਤ ਤਰੀਕੇ ਨਾਲ ਜਮ੍ਹਾਂ ਕਰਵਾਓ।

ਪੰਜਵਾਂ: ਜਮ੍ਹਾਂ ਕਰਵਾਏ ਗਏ ਦਸਤਾਵੇਜ਼ਾਂ ਦੀ ਪ੍ਰਾਪਤੀ ਰਸੀਦ ਜਾਂ ਹੋਰ ਸਬੂਤ ਜ਼ਰੂਰ ਸੰਭਾਲੋ।

ਛੇਵਾਂ: ਸਿਰਫ਼ ਮੌਖਿਕ ਇਨਕਾਰ ’ਤੇ ਨਿਰਭਰ ਨਾ ਰਹੋ। ਜਿੱਥੇ ਸੰਭਵ ਹੋਵੇ, ਲਿਖਤੀ ਹੁਕਮ ਦੀ ਮੰਗ ਕਰੋ।

ਸੱਤਵਾਂ: ਜੇ ਫ਼ੈਸਲਾ ਤੁਹਾਡੇ ਵਿਰੁੱਧ ਆਉਂਦਾ ਹੈ ਤਾਂ ਲਾਗੂ ਕਾਨੂੰਨ ਅਨੁਸਾਰ ਅਪੀਲ ਦਾ ਰਸਤਾ ਵਰਤੋ।

ਇਸ ਲਈ ਕਿਸੇ ਵੀ ਨਾਗਰਿਕ ਨੂੰ ਸਿਰਫ਼ ਇਹ ਕਹਿ ਕੇ ਚੁੱਪ ਨਹੀਂ ਕਰਾਇਆ ਜਾ ਸਕਦਾ ਕਿ—

ਅਧਿਕਾਰੀ ਦਾ ਫ਼ੈਸਲਾ ਹੀ ਅੰਤਿਮ ਹੈ।

ਕਾਨੂੰਨ ਵਿੱਚ ਨਿਰਧਾਰਤ ਹਾਲਾਤਾਂ ਅਨੁਸਾਰ ਅਪੀਲ ਅਤੇ ਹੋਰ ਕਾਨੂੰਨੀ ਉਪਚਾਰ ਉਪਲਬਧ ਹੋ ਸਕਦੇ ਹਨ।

ਕੀ ਅਧਿਕਾਰੀ ਨਾਗਰਿਕ ਨੂੰ ਪਰੇਸ਼ਾਨ ਕਰ ਸਕਦਾ ਹੈ ?

ਕਾਨੂੰਨ ਦਾ ਉਦੇਸ਼ ਜਾਂਚ ਅਤੇ ਪੁਸ਼ਟੀ ਹੈ, ਪਰੇਸ਼ਾਨੀ ਜਾਂ ਧੱਕੇਸ਼ਾਹੀ ਨਹੀਂ। ਖ਼ਾਸ ਕਰਕੇ ਬਜ਼ੁਰਗਾਂ, ਬਿਮਾਰਾਂ, ਦਿਵਿਆਂਗ ਵਿਅਕਤੀਆਂ, ਗਰੀਬਾਂ ਅਤੇ ਹੋਰ ਕਮਜ਼ੋਰ ਵਰਗਾਂ ਨੂੰ ਪ੍ਰਕਿਰਿਆ ਵਿੱਚ ਸਹੂਲਤ ਦੇਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਬਣਦੀ ਹੈ।

ਜੇ ਕਿਸੇ ਸੱਚੇ ਵੋਟਰ ਨੂੰ—

ਬਿਨਾਂ ਸਪਸ਼ਟ ਕਾਰਨ ਵਾਰ-ਵਾਰ ਬੁਲਾਇਆ ਜਾ ਰਿਹਾ ਹੈ,

ਦਸਤਾਵੇਜ਼ ਜਮ੍ਹਾਂ ਕਰਵਾਉਣ ਦੇ ਬਾਵਜੂਦ ਪ੍ਰਾਪਤੀ ਨਹੀਂ ਦਿੱਤੀ ਜਾ ਰਹੀ,

ਬਿਨਾਂ ਨੋਟਿਸ ਦੇ ਨਾਮ ਕੱਟਣ ਦੀ ਧਮਕੀ ਦਿੱਤੀ ਜਾ ਰਹੀ ਹੈ,

ਉਸ ਦੀ ਗੱਲ ਸੁਣੀ ਨਹੀਂ ਜਾ ਰਹੀ,

ਜਾਂ ਬਿਨਾਂ ਕਾਰਨ ਦਰਜ ਕੀਤੇ ਹੁਕਮ ਜਾਰੀ ਕੀਤਾ ਜਾ ਰਿਹਾ ਹੈ,

ਤਾਂ ਉਸ ਨੂੰ ਉਪਲਬਧ ਸ਼ਿਕਾਇਤ ਅਤੇ ਅਪੀਲ ਪ੍ਰਣਾਲੀ ਦੀ ਵਰਤੋਂ ਕਰਨੀ ਚਾਹੀਦੀ ਹੈ।

ਪਰ ਦੂਜੇ ਪਾਸੇ ਹਰ ਪ੍ਰਸ਼ਾਸਕੀ ਜਾਂਚ ਨੂੰ ਧੱਕੇਸ਼ਾਹੀ ਕਹਿਣਾ ਵੀ ਠੀਕ ਨਹੀਂ। ਅਧਿਕਾਰੀਆਂ ਨੂੰ ਕਾਨੂੰਨ ਦੀ ਹੱਦ ਵਿੱਚ ਰਹਿ ਕੇ ਕੰਮ ਕਰਨਾ ਚਾਹੀਦਾ ਹੈ ਅਤੇ ਨਾਗਰਿਕਾਂ ਨੂੰ ਵੀ ਕਾਨੂੰਨੀ ਪ੍ਰਕਿਰਿਆ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ।

ਵਿਸ਼ੇਸ਼ ਤੀਬਰ ਪੁਨਰ-ਜਾਂਚ ਦੀਆਂ ਅਸਲ ਖਾਮੀਆਂ ਕਿੱਥੇ ਹਨ ?

ਵਿਸ਼ੇਸ਼ ਤੀਬਰ ਪੁਨਰ-ਜਾਂਚ ਦਾ ਮਕਸਦ ਆਪਣੇ ਆਪ ਵਿੱਚ ਗਲਤ ਨਹੀਂ। ਅਸਲ ਚੁਣੌਤੀ ਇਸ ਦੀ ਕਾਰਗੁਜ਼ਾਰੀ ਵਿੱਚ ਹੈ।

ਪਹਿਲੀ ਖਾਮੀ—ਦਸਤਾਵੇਜ਼ੀ ਅਸਮਾਨਤਾ

ਪੜ੍ਹੇ-ਲਿਖੇ, ਸ਼ਹਿਰੀ ਅਤੇ ਤਕਨੀਕੀ ਸਹੂਲਤਾਂ ਵਾਲੇ ਵਿਅਕਤੀ ਲਈ ਦਸਤਾਵੇਜ਼ ਜਮ੍ਹਾਂ ਕਰਵਾਉਣਾ ਸੌਖਾ ਹੋ ਸਕਦਾ ਹੈ। ਪਰ ਪਿੰਡਾਂ ਦੇ ਬਜ਼ੁਰਗ, ਇਕੱਲੀਆਂ ਔਰਤਾਂ, ਗਰੀਬ ਪਰਿਵਾਰ, ਪਰਵਾਸੀ ਮਜ਼ਦੂਰ ਜਾਂ ਪੁਰਾਣੇ ਰਿਕਾਰਡਾਂ ਤੋਂ ਵਾਂਝੇ ਲੋਕਾਂ ਲਈ ਇਹ ਪ੍ਰਕਿਰਿਆ ਮੁਸ਼ਕਲ ਹੋ ਸਕਦੀ ਹੈ।

ਦੂਜੀ ਖਾਮੀ—ਪੁਰਾਣੇ ਰਿਕਾਰਡਾਂ ਦੀ ਉਪਲਬਧਤਾ

ਜੇ ਜਾਂਚ ਦਾ ਆਧਾਰ ਪੁਰਾਣੀ ਵੋਟਰ ਸੂਚੀ ਨਾਲ ਜੋੜ ਬਣਾਉਣਾ ਹੈ ਤਾਂ ਆਮ ਨਾਗਰਿਕ ਲਈ ਉਹ ਪੁਰਾਣਾ ਰਿਕਾਰਡ ਆਸਾਨੀ ਨਾਲ ਅਤੇ ਸਪਸ਼ਟ ਰੂਪ ਵਿੱਚ ਉਪਲਬਧ ਹੋਣਾ ਚਾਹੀਦਾ ਹੈ।

ਤੀਜੀ ਖਾਮੀ—ਭਾਸ਼ਾ

ਜਿਸ ਵਿਅਕਤੀ ਨੂੰ ਕਾਨੂੰਨੀ ਸ਼ਬਦਾਵਲੀ ਹੀ ਸਮਝ ਨਹੀਂ ਆਉਂਦੀ, ਉਸ ਨੂੰ ਸਿਰਫ਼ ਮੁਸ਼ਕਲ ਸਰਕਾਰੀ ਭਾਸ਼ਾ ਵਿੱਚ ਨੋਟਿਸ ਦੇ ਕੇ ਮੌਕਾ ਦਿੱਤਾ ਗਿਆ ਕਹਿਣਾ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਲੋਕ-ਕੇਂਦਰਿਤ ਨਹੀਂ ਬਣਾਉਂਦਾ।

ਚੌਥੀ ਖਾਮੀ—ਡਿਜੀਟਲ ਨਿਰਭਰਤਾ

ਆਨਲਾਈਨ ਸਹੂਲਤ ਇੱਕ ਸੁਵਿਧਾ ਹੈ, ਪਰ ਇਹ ਕਿਸੇ ਨਾਗਰਿਕ ਲਈ ਰੁਕਾਵਟ ਨਹੀਂ ਬਣਨੀ ਚਾਹੀਦੀ।

ਪੰਜਵੀਂ ਖਾਮੀ—ਅਫ਼ਵਾਹਾਂ

ਜਦੋਂ ਸਰਕਾਰੀ ਜਾਣਕਾਰੀ ਸਧਾਰਨ ਭਾਸ਼ਾ ਵਿੱਚ ਲੋਕਾਂ ਤੱਕ ਨਹੀਂ ਪਹੁੰਚਦੀ ਤਾਂ ਅਫ਼ਵਾਹਾਂ ਆਪਣਾ ਕੰਮ ਸ਼ੁਰੂ ਕਰ ਦਿੰਦੀਆਂ ਹਨ।

ਅਫ਼ਵਾਹਾਂ ਬਨਾਮ ਤੱਥ

ਅਫ਼ਵਾਹ 1: ਵਿਸ਼ੇਸ਼ ਤੀਬਰ ਪੁਨਰ-ਜਾਂਚ ਨਾਲ ਨਾਗਰਿਕਤਾ ਖ਼ਤਮ ਹੋ ਜਾਂਦੀ ਹੈ।

ਤੱਥ: ਵੋਟਰ ਵਜੋਂ ਯੋਗਤਾ ਅਤੇ ਨਾਗਰਿਕਤਾ ਦਾ ਅੰਤਿਮ ਕਾਨੂੰਨੀ ਨਿਰਧਾਰਨ ਦੋ ਵੱਖਰੇ ਮਾਮਲੇ ਹਨ। ਚੋਣੀ ਉਦੇਸ਼ ਲਈ ਕੀਤੀ ਜਾਣ ਵਾਲੀ ਜਾਂਚ ਨੂੰ ਨਾਗਰਿਕਤਾ ਦੇ ਅੰਤਿਮ ਫ਼ੈਸਲੇ ਦੇ ਬਰਾਬਰ ਨਹੀਂ ਮੰਨਿਆ ਜਾ ਸਕਦਾ।

ਅਫ਼ਵਾਹ 2: ਆਧਾਰ ਕਾਰਡ ਨਾਗਰਿਕਤਾ ਦਾ ਸਬੂਤ ਹੈ।

ਤੱਥ: ਆਧਾਰ ਪਛਾਣ ਸਾਬਤ ਕਰਨ ਲਈ ਵਰਤਿਆ ਜਾ ਸਕਦਾ ਹੈ, ਪਰ ਇਹ ਆਪਣੇ ਆਪ ਵਿੱਚ ਭਾਰਤੀ ਨਾਗਰਿਕਤਾ ਦਾ ਅੰਤਿਮ ਸਬੂਤ ਨਹੀਂ ਹੈ।

ਅਫ਼ਵਾਹ 3: ਚੋਣ ਰਜਿਸਟ੍ਰੇਸ਼ਨ ਅਧਿਕਾਰੀ ਜੋ ਕਹੇ ਉਹੀ ਅੰਤਿਮ ਹੈ।

ਤੱਥ: ਕਾਨੂੰਨ ਵਿੱਚ ਨਿਰਧਾਰਤ ਪ੍ਰਕਿਰਿਆ ਅਨੁਸਾਰ ਅਪੀਲ ਅਤੇ ਹੋਰ ਕਾਨੂੰਨੀ ਉਪਚਾਰ ਉਪਲਬਧ ਹੋ ਸਕਦੇ ਹਨ।

ਅਫ਼ਵਾਹ 4: ਮਸੌਦਾ ਵੋਟਰ ਸੂਚੀ ਵਿੱਚ ਨਾਮ ਨਾ ਹੋਣ ਦਾ ਮਤਲਬ ਵੋਟ ਹਮੇਸ਼ਾ ਲਈ ਖ਼ਤਮ।

ਤੱਥ: ਮਸੌਦਾ ਪੜਾਅ ’ਤੇ ਨਾਮ ਨਾ ਹੋਣਾ ਆਪਣੇ ਆਪ ਵਿੱਚ ਅੰਤਿਮ ਤੌਰ ’ਤੇ ਨਾਮ ਕੱਟੇ ਜਾਣ ਦੇ ਬਰਾਬਰ ਨਹੀਂ। ਨਿਰਧਾਰਤ ਪ੍ਰਕਿਰਿਆ ਅਨੁਸਾਰ ਨੋਟਿਸ, ਜਾਂਚ, ਆਪਣਾ ਪੱਖ ਰੱਖਣ ਅਤੇ ਫ਼ੈਸਲੇ ਦੀ ਪ੍ਰਕਿਰਿਆ ਹੋ ਸਕਦੀ ਹੈ।

ਅਫ਼ਵਾਹ 5: ਹਰ ਪੜਾਅ ’ਤੇ ਹਰ ਨਾਗਰਿਕ ਤੋਂ ਨਾਗਰਿਕਤਾ ਦੇ ਦਸਤਾਵੇਜ਼ ਲੈਣਾ ਲਾਜ਼ਮੀ ਹੈ।

ਤੱਥ: ਵਿਸ਼ੇਸ਼ ਤੀਬਰ ਪੁਨਰ-ਜਾਂਚ ਦੇ ਵੱਖ-ਵੱਖ ਪੜਾਆਂ ਲਈ ਵੱਖਰੇ ਨਿਰਦੇਸ਼ ਹੋ ਸਕਦੇ ਹਨ। ਇਸ ਲਈ ਕਿਸੇ ਵੀ ਦਸਤਾਵੇਜ਼ ਦੀ ਮੰਗ ਨੂੰ ਅਧਿਕਾਰਤ ਨੋਟਿਸ ਅਤੇ ਲਾਗੂ ਪ੍ਰਕਿਰਿਆ ਦੇ ਸੰਦਰਭ ਵਿੱਚ ਹੀ ਦੇਖਣਾ ਚਾਹੀਦਾ ਹੈ।

ਹੱਲ ਕੀ ਹੈ ?

ਵਿਸ਼ੇਸ਼ ਤੀਬਰ ਪੁਨਰ-ਜਾਂਚ ਨੂੰ ਸਫਲ ਬਣਾਉਣ ਲਈ ਸਰਕਾਰ ਅਤੇ ਚੋਣ ਕਮਿਸ਼ਨ ਨੂੰ ਸਿਰਫ਼ ਜਾਂਚ ’ਤੇ ਨਹੀਂ, ਸਹੂਲਤ ਦੇਣ ’ਤੇ ਵੀ ਉਤਨਾ ਹੀ ਜ਼ੋਰ ਦੇਣਾ ਪਵੇਗਾ।

੧. ਹਰ ਨੋਟਿਸ ਸਥਾਨਕ ਭਾਸ਼ਾ ਵਿੱਚ ਹੋਵੇ

ਪੰਜਾਬ ਵਿੱਚ ਨੋਟਿਸ ਪੰਜਾਬੀ ਵਿੱਚ ਸਪਸ਼ਟ ਅਤੇ ਸਧਾਰਨ ਭਾਸ਼ਾ ਵਿੱਚ ਵੀ ਹੋਣਾ ਚਾਹੀਦਾ ਹੈ।

੨. ਨੋਟਿਸ ਵਿੱਚ ਕਾਰਨ ਸਪਸ਼ਟ ਹੋਵੇ

ਸਿਰਫ਼ ਦਸਤਾਵੇਜ਼ ਲੋੜੀਂਦੇ ਹਨ ਲਿਖਣ ਦੀ ਬਜਾਏ ਇਹ ਦੱਸਿਆ ਜਾਵੇ ਕਿ ਕਿਸ ਯੋਗਤਾ ਜਾਂ ਕਿਹੜੀ ਅਸੰਗਤੀ ਕਾਰਨ ਸਪਸ਼ਟੀਕਰਨ ਮੰਗਿਆ ਗਿਆ ਹੈ।

੩. ਪ੍ਰਾਪਤੀ ਰਸੀਦ ਲਾਜ਼ਮੀ ਹੋਵੇ

ਨਾਗਰਿਕ ਵੱਲੋਂ ਜਮ੍ਹਾਂ ਕਰਵਾਏ ਗਏ ਫਾਰਮ ਅਤੇ ਦਸਤਾਵੇਜ਼ਾਂ ਦੀ ਪ੍ਰਾਪਤੀ ਦਾ ਸਬੂਤ ਉਸ ਨੂੰ ਦਿੱਤਾ ਜਾਣਾ ਚਾਹੀਦਾ ਹੈ।

੪. ਕਮਜ਼ੋਰ ਵਰਗਾਂ ਲਈ ਵਿਸ਼ੇਸ਼ ਸਹਾਇਤਾ

ਬਜ਼ੁਰਗਾਂ, ਦਿਵਿਆਂਗਾਂ ਅਤੇ ਅਸਮਰੱਥ ਲੋਕਾਂ ਲਈ ਘਰ-ਦਰਵਾਜ਼ੇ ਤੱਕ ਸਹਾਇਤਾ ਅਤੇ ਸਹਾਇਤਾ ਕੇਂਦਰ ਪ੍ਰਭਾਵਸ਼ਾਲੀ ਢੰਗ ਨਾਲ ਚਲਾਏ ਜਾਣ।

੫. ਰਾਜਨੀਤਿਕ ਪਾਰਟੀਆਂ ਦੀ ਭੂਮਿਕਾ

ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਬੂਥ ਪੱਧਰੀ ਏਜੰਟਾਂ ਨੂੰ ਵੀ ਵੋਟਰਾਂ ਦੀ ਸਹਾਇਤਾ ਅਤੇ ਪ੍ਰਕਿਰਿਆ ਦੀ ਨਿਗਰਾਨੀ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।

੬. ਅਧਿਕਾਰੀਆਂ ਦੀ ਜਵਾਬਦੇਹੀ

ਜੇ ਕਿਸੇ ਸੱਚੇ ਵੋਟਰ ਨੂੰ ਗਲਤ ਤਰੀਕੇ ਨਾਲ ਵੋਟਰ ਸੂਚੀ ਤੋਂ ਬਾਹਰ ਕੀਤਾ ਜਾਂਦਾ ਹੈ ਤਾਂ ਸੁਧਾਰ ਅਤੇ ਅਪੀਲ ਦੀ ਪ੍ਰਣਾਲੀ ਸਿਰਫ਼ ਕਾਗਜ਼ਾਂ ਤੱਕ ਸੀਮਿਤ ਨਾ ਰਹੇ, ਸਗੋਂ ਸਮੇਂ ਸਿਰ ਕਾਰਵਾਈ ਵੀ ਹੋਵੇ।

੭. ਅਫ਼ਵਾਹਾਂ ਵਿਰੁੱਧ ਸਰਕਾਰੀ ਜਾਣਕਾਰੀ

ਹਰ ਜ਼ਿਲ੍ਹੇ ਵਿੱਚ ਵਿਸ਼ੇਸ਼ ਤੀਬਰ ਪੁਨਰ-ਜਾਂਚ—ਅਫ਼ਵਾਹ ਬਨਾਮ ਤੱਥ ਦੇ ਨਾਮ ਨਾਲ ਸੌਖੀ ਭਾਸ਼ਾ ਵਿੱਚ ਜਾਣਕਾਰੀ ਪੱਤਰ ਜਾਰੀ ਕੀਤਾ ਜਾਣਾ ਚਾਹੀਦਾ ਹੈ।

ਸਰਕਾਰ ਅਤੇ ਚੋਣ ਕਮਿਸ਼ਨ ਲਈ ਸਭ ਤੋਂ ਵੱਡੀ ਕਸੌਟੀ

ਵਿਸ਼ੇਸ਼ ਤੀਬਰ ਪੁਨਰ-ਜਾਂਚ ਦੀ ਸਫਲਤਾ ਇਸ ਗੱਲ ਨਾਲ ਨਹੀਂ ਮਾਪੀ ਜਾਣੀ ਚਾਹੀਦੀ ਕਿ ਕਿੰਨੇ ਨਾਮ ਵੋਟਰ ਸੂਚੀ ਵਿੱਚੋਂ ਹਟਾਏ ਗਏ।

ਇਸ ਦੀ ਸਫਲਤਾ ਇਸ ਗੱਲ ਨਾਲ ਮਾਪੀ ਜਾਣੀ ਚਾਹੀਦੀ ਹੈ ਕਿ—

ਕਿੰਨੇ ਅਯੋਗ ਨਾਮ ਹਟਾਏ ਗਏ ਅਤੇ ਨਾਲ ਹੀ ਕਿੰਨੇ ਯੋਗ ਨਾਗਰਿਕਾਂ ਦਾ ਵੋਟ ਦਾ ਹੱਕ ਸੁਰੱਖਿਅਤ ਰਿਹਾ।

ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਸਿਰਫ਼ ਵੋਟਰ ਸੂਚੀ ਨੂੰ ਸ਼ੁੱਧ ਕਰਨਾ ਨਹੀਂ; ਇਹ ਯਕੀਨੀ ਬਣਾਉਣਾ ਵੀ ਹੈ ਕਿ ਇੱਕ ਵੀ ਸੱਚਾ ਵੋਟਰ ਪ੍ਰਸ਼ਾਸਕੀ ਗਲਤੀ, ਦਸਤਾਵੇਜ਼ੀ ਕਮੀ ਜਾਂ ਪ੍ਰਕਿਰਿਆਤਮਕ ਲਾਪਰਵਾਹੀ ਕਾਰਨ ਆਪਣੇ ਲੋਕਤੰਤਰਿਕ ਹੱਕ ਤੋਂ ਵਾਂਝਾ ਨਾ ਰਹਿ ਜਾਵੇ।

ਅੰਤ ਵਿੱਚ—ਵਿਸ਼ੇਸ਼ ਤੀਬਰ ਪੁਨਰ-ਜਾਂਚ ਤੋਂ ਡਰਨ ਦੀ ਨਹੀਂ, ਸਮਝਣ ਦੀ ਲੋੜ ਹੈ

ਅੱਜ ਸਭ ਤੋਂ ਵੱਡੀ ਲੋੜ ਕਿਸੇ ਪੱਖ ਦੇ ਹੱਕ ਜਾਂ ਵਿਰੋਧ ਵਿੱਚ ਨਾਅਰੇ ਲਾਉਣ ਦੀ ਨਹੀਂ, ਸਗੋਂ ਨਾਗਰਿਕ ਨੂੰ ਉਸ ਦੇ ਅਧਿਕਾਰ ਅਤੇ ਫ਼ਰਜ਼ ਦੋਵੇਂ ਸਮਝਾਉਣ ਦੀ ਹੈ।

ਵੋਟਰ ਨੂੰ ਵੀ ਆਪਣੇ ਦਸਤਾਵੇਜ਼ ਸੰਭਾਲ ਕੇ ਰੱਖਣੇ ਚਾਹੀਦੇ ਹਨ, ਆਪਣਾ ਨਾਮ ਵੋਟਰ ਸੂਚੀ ਵਿੱਚ ਜਾਂਚਣਾ ਚਾਹੀਦਾ ਹੈ, ਨੋਟਿਸ ਮਿਲਣ ’ਤੇ ਉਸ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ ਅਤੇ ਗਲਤ ਫ਼ੈਸਲੇ ਦੀ ਸਥਿਤੀ ਵਿੱਚ ਉਪਲਬਧ ਕਾਨੂੰਨੀ ਉਪਚਾਰ ਵਰਤਣਾ ਚਾਹੀਦਾ ਹੈ।

ਦੂਜੇ ਪਾਸੇ ਅਧਿਕਾਰੀ ਨੂੰ ਇਹ ਯਾਦ ਰੱਖਣਾ ਹੋਵੇਗਾ ਕਿ ਉਸ ਦੇ ਸਾਹਮਣੇ ਖੜ੍ਹਾ ਵਿਅਕਤੀ ਸਿਰਫ਼ ਇੱਕ ਵੋਟਰ ਨੰਬਰ ਜਾਂ ਸੂਚੀ ਦੀ ਇੱਕ ਐਂਟਰੀ ਨਹੀਂ—ਉਹ ਇੱਕ ਨਾਗਰਿਕ ਹੈ, ਜਿਸ ਦੀ ਲੋਕਤੰਤਰ ਵਿੱਚ ਆਪਣੀ ਆਵਾਜ਼ ਹੈ।

ਵੋਟਰ ਸੂਚੀ ਦੀ ਜਾਂਚ ਹੋਣੀ ਚਾਹੀਦੀ ਹੈ—ਪਰ ਵੋਟਰ ਦੀ ਇੱਜ਼ਤ ਨਾਲ।

ਦਸਤਾਵੇਜ਼ ਮੰਗੇ ਜਾ ਸਕਦੇ ਹਨ—ਪਰ ਕਾਨੂੰਨੀ ਪ੍ਰਕਿਰਿਆ ਅਨੁਸਾਰ।

ਯੋਗਤਾ ਦੀ ਜਾਂਚ ਹੋ ਸਕਦੀ ਹੈ—ਪਰ ਮਨਮਾਨੇ ਢੰਗ ਨਾਲ ਨਹੀਂ।

ਅਤੇ ਜੇ ਫ਼ੈਸਲਾ ਗਲਤ ਹੋਵੇ—ਤਾਂ ਕਾਨੂੰਨੀ ਅਪੀਲ ਦਾ ਦਰਵਾਜ਼ਾ ਖੁੱਲ੍ਹਾ ਰਹਿਣਾ ਚਾਹੀਦਾ ਹੈ।

ਕਿਉਂਕਿ ਲੋਕਤੰਤਰ ਦੀ ਅਸਲ ਤਾਕਤ ਸਿਰਫ਼ ਸਹੀ ਵੋਟਰ ਸੂਚੀ ਵਿੱਚ ਨਹੀਂ ਹੁੰਦੀ।

ਅਸਲ ਤਾਕਤ ਉਸ ਭਰੋਸੇ ਵਿੱਚ ਹੁੰਦੀ ਹੈ ਕਿ ਪ੍ਰਣਾਲੀ ਕਿਸੇ ਸੱਚੇ ਨਾਗਰਿਕ ਨੂੰ ਬਿਨਾਂ ਸੁਣੇ, ਬਿਨਾਂ ਮੌਕਾ ਦਿੱਤੇ ਅਤੇ ਬਿਨਾਂ ਕਾਨੂੰਨੀ ਪ੍ਰਕਿਰਿਆ ਦੇ ਉਸ ਦੇ ਵੋਟ ਦੇ ਹੱਕ ਤੋਂ ਵਾਂਝਾ ਨਹੀਂ ਕਰੇਗੀ।

ਇਸ ਲਈ ਸਵਾਲ ਸਿਰਫ਼ ਇਹ ਨਹੀਂ ਕਿ—

ਵਿਸ਼ੇਸ਼ ਤੀਬਰ ਪੁਨਰ-ਜਾਂਚ: ਵੋਟਰ ਦੀ ਜਾਂਚ ਜਾਂ ਨਾਗਰਿਕਤਾ ਦੀ ਪਰਖ ?

ਸਹੀ ਸਵਾਲ ਇਹ ਹੈ—

ਵਿਸ਼ੇਸ਼ ਤੀਬਰ ਪੁਨਰ-ਜਾਂਚ: ਵੋਟਰ ਸੂਚੀ ਕਿੰਨੀ ਸ਼ੁੱਧ ਹੋਵੇਗੀ ਅਤੇ ਉਸ ਸ਼ੁੱਧਤਾ ਦੀ ਪ੍ਰਕਿਰਿਆ ਕਿੰਨੀ ਨਿਆਂਪੂਰਨ ਹੋਵੇਗੀ ?

ਇਹੀ ਉਹ ਬਿੰਦੂ ਹੈ ਜਿੱਥੇ ਚੋਣੀ ਸ਼ੁੱਧਤਾ, ਨਾਗਰਿਕ ਅਧਿਕਾਰ ਅਤੇ ਸੰਵਿਧਾਨਕ ਜਵਾਬਦੇਹੀ ਇੱਕ ਦੂਜੇ ਨਾਲ ਮਿਲਦੇ ਹਨ।




## ਡਾ. ਵਨੀਤਾ ਰਾਣੀ ਪ੍ਰਿੰਸੀਪਲ ਵੱਲੋਂ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਕੰਮਾਂ ਦੀ ਸ਼ਲਾਘਾ



ਪਟਿਆਲਾ, 12 ਅਗਸਤ
-ਵਿਸ਼ਾਲ ਗੁਪਤਾ-

ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਸਮਾਜ ਦੇ ਭਲਾਈ ਲਈ ਚੰਗਾ ਕਾਰਜ ਕਰ ਰਹੀ ਹੈ। ਲੋਕਾਂ ਵਲੋਂ ਪਲਾਸਟਿਕ ਦੇ ਲਿਫਾਫਿਆ ਦੀ ਵਰਤੋ ਨਾ ਕੀਤੀ ਜਾਵੇ ਇਸ ਲਈ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ। ਪਲਾਸਟਿਕ ਦੀ ਵਰਤੋ ਨਾਲ ਉਸ ਵਿੱਚ ਲਿਆਦਾ ਸਮਾਨ ਖਰਾਬ ਹੋ ਜਾਂਦਾ ਹੈ ਅਤੇ ਫੁਫੱਦ ਵੀ ਲੱਗ ਜਾਦੀ ਹੈ ਅਤੇ ਕਈ ਬਿਮਾਰੀਆਂ ਨੂੰ ਜਨਮ ਦਿੰਦੀ ਹੈ। ਹੁਣ ਤੱਕ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਡੇਢ ਲੱਖ ਤੋਂ ਉਪਰ ਕੱਪੜੇ ਅਤੇ ਜੂਟ ਦੇ ਥੈਲੇ ਵੰਡ ਚੁੱਕੀ ਹੈ। ਅੱਜ ਸਟੇਟ ਕਾਲਜ ਵਿਖ ਜੂਟ ਦੇ ਥੈਲੇ ਵੰਡੇ ਗਏ। ਡਾ. ਵਨੀਤਾ ਰਾਣੀ ਪ੍ਰਿੰਸੀਪਲ ਨੇ ਸੋਸਾਇਟੀ ਦੇ ਇਸ ਕਾਰਜ ਦੀ ਪ੍ਰਸੰਸਾ ਕੀਤੀ ਅਤੇ ਦੱਸਿਆ ਕਿ ਉਹ ਆਪ ਵੀ ਕੱਪੜੇ ਦਾ ਥੈਲਾ ਲੈ ਕੇ ਜਾਦੇ ਹਨ ਅਤੇ ਲੋਕ ਵੀ ਸਬਜੀ ਵਗੈਰਾ ਲਿਆਉਣ ਲਈ ਕੱਪੜੇ ਜਾਂ ਜੂਟ ਦਾ ਥੈਲਾ ਲੈ ਕੇ ਜਾਣ ਤਾਂ ਕਿ ਉਸ ਵਿੱਚ ਲਿਆਦਾ ਸਮਾਨ ਵੀ ਸਹੀ ਆ ਜਾਵੇ ਅਤੇ ਜਿਹੜੀਆਂ ਬਿਮਾਰੀਆਂ ਫੈਲਦੀਆਂ ਹਨ ਉਸ ਤੋਂ ਦੂਰ ਰਹਿ ਸਕਣ। ਇਸ ਵਿੱਚ ਲਿਆਦਾ ਸਮਾਨ ਕੈਂਸਰ ਵਰਗੀ ਬਿਮਾਰੀ ਨੂੰ ਵੀ ਜਨਮ ਦਿੰਦਾ ਹੈ।

## ਜੇ.ਕੇ. ਕਾਟੇ ਮੈਮੋਰੀਅਲ ਆਲ ਇੰਡੀਆ ਇੰਟਰ-ਸਕੂਲ ਗਿਆਨ ਸੰਮੇਲਨ ਦਾ ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ ਆਗਾਜ਼

ਨਾਭਾ, 12 ਅਗਸਤ
-ਹਰਸ਼ਪ੍ਰੀਤ ਕੌਰ-

ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ ਦੋ ਦਿਨਾਂ ਸਾਲਾਨਾ ਸ਼੍ਰੀ ਜੇ.ਕੇ. ਕਾਟੇ ਮੈਮੋਰੀਅਲ ਆਲ ਇੰਡੀਆ ਇੰਟਰ-ਸਕੂਲ ਗਿਆਨ ਸੰਮੇਲਨ ਬੁੱਧਵਾਰ ਨੂੰ ਸ਼ੁਰੂ ਹੋਇਆ, ਜਿਸ ਵਿੱਚ ਆਈ.ਪੀ.ਐਸ.ਸੀ. ਅਤੇ ਗੈਰ-ਆਈ.ਪੀ.ਐਸ.ਸੀ. ਸਕੂਲਾਂ ਦੀਆਂ 21 ਪ੍ਰਤਿਸ਼ਠਾਵਾਨ ਟੀਮਾਂ ਦੇ 200 ਦੇ ਲਗਭਗ ਵਿਦਿਆਰਥੀ ਭਾਗ ਲੈ ਰਹੇ ਹਨ। ਇਸ ਸੰਮੇਲਨ ਵਿੱਚ ਸੱਤ ਬੌਧਿਕ ਤੌਰ ’ਤੇ ਉਤੇਜਕ ਪ੍ਰੋਗਰਾਮ ਸ਼ਾਮਲ ਹਨ - ਮਲਟੀ-ਫਾਰਮੈਟ ਅੰਗਰੇਜ਼ੀ ਡਿਬੇਟ , ਕੁਇਜ਼, ਰਚਨਾਤਮਕ ਲੇਖਣ, ਕਿਤਾਬ ਸਮੀਖਿਆ, ਕਹਾਣੀ ਸੁਣਾਉਣਾ, ਵਾਲ ਮੈਗਜ਼ੀਨ ਅਤੇ ਮੂਵੀ ਸਮੀਖਿਆ। ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਆਲੋਚਨਾਤਮਕ ਸੋਚ, ਰਚਨਾਤਮਕਤਾ, ਸਾਹਿਤਕ ਸੂਝ-ਬੂਝ ਅਤੇ ਸੰਚਾਰ ਹੁਨਰ ਦਾ ਪ੍ਰਦਰਸ਼ਨ ਕਰਨ ਲਈ ਇੱਕ ਜੀਵੰਤ ਪਲੇਟਫਾਰਮ ਪ੍ਰਦਾਨ ਕਰਨ ਲਈ ਤਿਆਰ ਕੀਤੇ ਗਏ ਹਨ। ਪੰਜਾਬ ਪਬਲਿਕ ਸਕੂਲ, ਨਾਭਾ ਦੇ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਉਦਘਾਟਨੀ ਸਮਾਰੋਹ ਦੀ ਪ੍ਰਧਾਨਗੀ ਕੀਤੀ।

ਸੰਮੇਲਨ ਵਿੱਚ ਦੇਸ਼ ਭਰ ਦੇ ਨੌਜਵਾਨ ਵਿਦਵਾਨਾਂ ਵਿੱਚ ਉਤਸ਼ਾਹੀ ਭਾਗੀਦਾਰੀ ਅਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਦੀ ਉਮੀਦ ਹੈ।



## ਐਚਆਈਵੀ/ਏਡਜ਼ ਦੇ ਖਾਤਮੇ ਲਈ ਜ਼ਿਲ੍ਹਾ ਪੱਧਰੀ ਲੇਖ ਮੁਕਾਬਲਾ ਆਯੋਜਿਤ ਕੀਤਾ ਗਿਆ

ਪਟਿਆਲਾ, 12 ਅਗਸਤ
-ਬਲਜੀਤ ਸਰਨਾ-

ਜ਼ਿਲ੍ਹਾ ਪੱਧਰੀ ਲੇਖ ਮੁਕਾਬਲੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਪਟਿਆਲਾ ਸ਼ਾਲੂ ਮਹਿਰਾ ਦੇ ਦਿਸ਼ਾ-ਨਿਰਦੇਸ਼ ਅਤੇ ਡਿਪਟੀ ਡੀਈਓ ਸੈਕੰਡਰੀ ਪਟਿਆਲਾ ਡਾ. ਰਵਿੰਦਰਪਾਲ ਸਿੰਘ ਦੀ ਦੇਖ-ਰੇਖ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨ, ਪਟਿਆਲਾ ਵਿਖੇ ਕਰਵਾਏ ਗਏ ।ਇਸ ਮੁਕਾਬਲੇ ਦਾ ਵਿਸ਼ਾ ‘ਐਚਆਈਵੀ/ਏਡਜ਼ ਦੇ ਖਾਤਮੇ ਲਈ ਨੌਜਵਾਨਾਂ ਨੂੰ ਸਸ਼ਕਤ ਬਣਾਉਣਾ: ਜਾਗਰੂਕਤਾ, ਰੋਕਥਾਮ ਅਤੇ ਹਮਦਰਦੀ’ ਸੀ। ਮੁਕਾਬਲੇ ਵਿੱਚ ਬਲਾਕ ਪੱਧਰ ’ਤੇ ਪਹਿਲਾ ਅਤੇ ਦੂਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੇ ਭਾਗ ਲਿਆ।ਮੁਕਾਬਲੇ ਵਿੱਚ ਹਰ ਬਲਾਕ ਵੱਲੋਂ ਦੋ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

ਜ਼ਿਲ੍ਹਾ ਰਾਸ਼ਟਰੀ ਜਨਸੰਖਿਆ ਪ੍ਰੋਗਰਾਮ ਕੋਆਰਡੀਨੇਟਰ ਹੈੱਡ ਮਾਸਟਰ ਜਗਮੀਤ ਸਿੰਘ ਨੇ ਜਾਣਕਾਰੀ ਦਿੱਤੀ ਕਿ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਸੂਰਪੁਰ ਦੇ ਵਿਦਿਆਰਥੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਜ਼ੀਦਪੁਰ ਦੂਜੇ ਅਤੇ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਹਨ ਸਿੰਘ ਨਾਭਾ ਤੀਜੇ ਸਥਾਨ ’ਤੇ ਰਿਹਾ। ਇਸ ਤੋਂ ਇਲਾਵਾ ਸਰਕਾਰੀ ਹਾਈ ਸਕੂਲ ਰਾਮਗੜ੍ਹ ਮੋਤੀ ਬਾਗ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੁਨਾਗਰਾ ਨੂੰ ਵਿਸ਼ੇਸ਼ ਇਨਾਮ ਦਿੱਤੇ ਗਏ। ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਇਸ ਤੋਂ ਪਹਿਲਾਂ ਬਲਾਕ ਪੱਧਰੀ ਮੁਕਾਬਲਿਆਂ ਵਿੱਚ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਸੀ। ਅਧਿਆਪਕਾਂ ਨੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਸਮਾਜਿਕ ਜਾਗਰੂਕਤਾ ਦੇ ਅਜਿਹੇ ਕਾਰਜਕ੍ਰਮਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਸਮਾਗਮ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਡਾਇਟ ਦੇ ਪ੍ਰਿੰਸੀਪਲ ਸੰਦੀਪ ਨਾਗਰ ਅਤੇ ਡਿਪਟੀ ਡੀਈਓ ਸੈਕੰਡਰੀ ਪਟਿਆਲਾ ਡਾ. ਰਵਿੰਦਰਪਾਲ ਸ਼ਰਮਾ ਵੱਲੋਂ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ।

ਡਾ. ਰਵਿੰਦਰਪਾਲ ਸਿੰਘ ਡਿਪਟੀ ਡੀਈਓ ਪਟਿਆਲਾ ਨੇ ਕਿਹਾ ਕਿ ਨੌਜਵਾਨਾਂ ਨੂੰ ਐਚਆਈਵੀ/ਏਡਜ਼ ਸਬੰਧੀ ਸਹੀ ਅਤੇ ਵਿਗਿਆਨਕ ਜਾਣਕਾਰੀ ਦੇਣਾ ਸਮੇਂ ਦੀ ਲੋੜ ਹੈ।ਜ਼ਿਲ੍ਹਾ ਪੱਧਰੀ ਵਿਜੇਤਾਵਾਂ ਦਾ ਮਿਤੀ 12 ਅਗਸਤ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਮਾਣਯੋਗ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੁਆਰਾ ਸਨਮਾਨਿਤ ਵੀ ਕੀਤਾ ਜਾਵੇਗਾ। ਇਸ ਮੌਕੇ ਤੇ ਪ੍ਰਿੰਸੀਪਲ ਸੀਮਾ ਉਪਲ ਸਸਸਸ ਸਿਵਲ ਲਾਈਨ, ਹੈਡ ਮਾਸਟਰ ਲਲਿਤ ਕੁਮਾਰ ਸਹਸ ਰਣਬੀਰਪੁਰਾ,ਲੈਕ. ਰਾਮ ਲਾਲ,ਬੀਆਰਸੀ ਹਿਮਾਂਸ਼ੂ ਅਗਰਵਾਲ, ਬੀਆਰਸੀ ਯੁਵਰਾਜ,ਲੈਕ.ਰਵੀਕਾਂਤ, ਲੈਕ. ਹਰਮਨਦੀਪ ਕੌਰ, ਲੈਕ. ਰਾਜਵੀਰ ਕੌਰ,ਸਾਇੰਸ ਮਿਸਟ੍ਰੈਸ ਗਗਨਦੀਪ ਕੌਰ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।





# ਪੋਲੀਟਿਕਸ



## ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਅਲਬਾ ਸਮੇਰਿਗਲੋ ਵੱਲੋਂ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨਾਲ ਮੁਲਾਕਾਤ

**ਚੰਡੀਗੜ੍ਹ, 12 ਅਗਸਤ**
**-ਜੀ. ਐਸ. ਤੁੰਗ-**

ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਅਲਬਾ ਸਮੇਰਿਗਲੋ ਅਤੇ ਬ੍ਰਿਟਿਸ਼ ਹਾਈ ਕਮਿਸ਼ਨ ਦੀ ਸੀਨੀਅਰ ਸਲਾਹਕਾਰ (ਇਕਨਾਮਿਕਸ, ਕਲਾਈਮੇਟ ਐਂਡ ਡਿਵੈਲਪਮੈਂਟ) ਮਧੂ ਮਿਸ਼ਰਾ ਨੇ ਅੱਜ ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨਾਲ ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ ਵਿਖੇ ਉਨ੍ਹਾਂ ਦੇ ਦਫ਼ਤਰ ਵਿੱਚ ਮੁਲਾਕਾਤ ਕੀਤੀ।



ਇਸ ਮੌਕੇ ਡਾ. ਰਵਜੋਤ ਸਿੰਘ ਨੇ ਬ੍ਰਿਟਿਸ਼ ਵਫ਼ਦ ਨਾਲ ਬ੍ਰਿਟੇਨ ਵਿੱਚ ਵਸਦੇ ਪੰਜਾਬੀ ਭਾਈਚਾਰੇ ਅਤੇ ਪੰਜਾਬ ਨਾਲ ਸਬੰਧਤ ਐਨ.ਆਰ.ਆਈਜ਼ ਦੇ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ।

ਡਾ. ਰਵਜੋਤ ਸਿੰਘ ਨੇ ਬ੍ਰਿਟੇਨ ਵਿੱਚ ਵਸਦੇ ਪੰਜਾਬੀਆਂ ਨੂੰ ਜਾਅਲੀ ਅਤੇ ਗੈਰ-ਅਧਿਕਾਰਤ ਟ੍ਰੈਵਲ ਏਜੰਟਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਐਨ.ਆਰ.ਆਈਜ਼ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੀਜ਼ਾ, ਇਮੀਗ੍ਰੇਸ਼ਨ, ਵਿਦੇਸ਼ ਯਾਤਰਾ ਜਾਂ ਹੋਰ ਸੇਵਾਵਾਂ ਸਬੰਧੀ ਝੂਠੇ ਦਾਅਵੇ ਕਰਨ ਵਾਲੇ ਵਿਅਕਤੀਆਂ ਦੇ ਝਾਂਸੇ ਵਿੱਚ ਨਹੀਂ ਆਉਣਾ ਚਾਹੀਦਾ। ਉਨ੍ਹਾਂ ਕਿਹਾ ਕਿ ਜਾਅਲੀ ਟ੍ਰੈਵਲ ਏਜੰਟਾਂ ਵੱਲੋਂ ਕੀਤੀ ਜਾਂਦੀ ਧੋਖਾਧੜੀ ਤੋਂ ਬਚਣ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਬੇਹੱਦ ਜ਼ਰੂਰੀ ਹੈ।

ਮੰਤਰੀ ਨੇ ਬ੍ਰਿਟਿਸ਼ ਵਫ਼ਦ ਨੂੰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 26 ਅਗਸਤ ਨੂੰ ਬਠਿੰਡਾ ਵਿਖੇ ਐਨ.ਆਰ.ਆਈ. ਮਿਲਣੀ ਕਰਵਾਈ ਜਾ ਰਹੀ ਹੈ, ਜਿਸ ਵਿੱਚ ਐਨ.ਆਰ.ਆਈਜ਼ ਨਾਲ ਸੰਵਾਦ ਕੀਤਾ ਜਾਵੇਗਾ।

ਉਨ੍ਹਾਂ ਬ੍ਰਿਟੇਨ ਸਮੇਤ ਵਿਦੇਸ਼ਾਂ ਵਿੱਚ ਵਸਦੇ, ਖਾਸ ਕਰਕੇ ਬਠਿੰਡਾ ਅਤੇ ਆਸ-ਪਾਸ ਦੇ ਇਲਾਕਿਆਂ ਨਾਲ ਸਬੰਧਤ ਪੰਜਾਬੀਆਂ ਨੂੰ ਇਸ ਮਿਲਣੀ ਵਿੱਚ ਸ਼ਾਮਲ ਹੋ ਕੇ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਿੱਧੇ ਪੰਜਾਬ ਸਰਕਾਰ ਸਾਹਮਣੇ ਰੱਖਣ ਦਾ ਸੱਦਾ ਦਿੱਤਾ।

ਮੀਟਿੰਗ ਦੌਰਾਨ ਬ੍ਰਿਟੇਨ ਵਿੱਚ ਵਸਦੇ ਪੰਜਾਬੀਆਂ ਅਤੇ ਪੰਜਾਬ ਨਾਲ ਜੁੜੇ ਐਨ.ਆਰ.ਆਈਜ਼ ਦੀਆਂ ਵੱਖ-ਵੱਖ ਚਿੰਤਾਵਾਂ, ਪੰਜਾਬ ਨਾਲ ਉਨ੍ਹਾਂ ਦੇ ਸਬੰਧਾਂ ਅਤੇ ਉਨ੍ਹਾਂ ਦੇ ਹਿੱਤਾਂ ਨਾਲ ਜੁੜੇ ਮੁੱਦਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਦੋਵਾਂ ਧਿਰਾਂ ਨੇ ਪੰਜਾਬੀ ਪਰਵਾਸੀ ਭਾਈਚਾਰੇ ਨਾਲ ਸਬੰਧਤ ਮੁੱਦਿਆਂ 'ਤੇ ਆਪਸੀ ਸੰਪਰਕ ਅਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

## ਸੁਤੰਤਰਤਾ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਗਮ ਲਈ ਸੱਭਿਆਚਾਰਕ ਪੇਸ਼ਕਾਰੀਆਂ ਦੀ ਦੂਜੀ ਰਿਹਰਸਲ ਕਰਵਾਈ




**ਮਲੇਰਕੋਟਲਾ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਤੰਤਰਤਾ ਦਿਵਸ ਮੌਕੇ ਸਥਾਨਕ ਡਾ. ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਸੱਭਿਆਚਾਰਕ ਪ੍ਰੋਗਰਾਮ ਦੀ ਦੂਜੀ ਰਿਹਰਸਲ ਕਰਵਾਈ ਗਈ।

ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਦੇਸ਼ ਭਗਤੀ ਅਤੇ ਸੱਭਿਆਚਾਰਕ ਵੰਨਗੀਆਂ ਦੀ ਰਿਹਰਸਲ ਕਰਵਾਈ ਗਈ, ਜਿਸ ਦਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ ਨੇ ਜਾਇਜ਼ਾ ਲਿਆ।

ਰਿਹਰਸਲ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੁਤੰਤਰਤਾ ਦਿਵਸ ਸਾਡੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਯਾਦ ਕਰਨ ਅਤੇ ਨੌਜਵਾਨ ਪੀੜ੍ਹੀ ਵਿੱਚ ਦੇਸ਼ ਭਗਤੀ ਦੀ ਭਾਵਨਾ ਮਜ਼ਬੂਤ ਕਰਨ ਦਾ ਵਿਸ਼ੇਸ਼ ਮੌਕਾ ਹੈ।
ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਪੂਰੇ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ ਜਾਵੇਗਾ।

ਉਨ੍ਹਾਂ ਵੱਖ-ਵੱਖ ਸਕੂਲਾਂ ਦੇ ਇੰਚਾਰਜਾਂ ਅਤੇ ਨੁਮਾਇੰਦਿਆਂ ਨੂੰ ਹਦਾਇਤ ਕੀਤੀ ਕਿ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਵਿੱਚ ਹੋਰ ਨਿਖਾਰ ਲਿਆਉਣ ਲਈ ਬਾਕੀ ਰਹਿੰਦੀਆਂ ਰਿਹਰਸਲਾਂ ਨੂੰ ਗੰਭੀਰਤਾ ਨਾਲ ਕਰਵਾਇਆ ਜਾਵੇ, ਤਾਂ ਜੋ 15 ਅਗਸਤ ਨੂੰ ਵਿਦਿਆਰਥੀ ਪੂਰੇ ਆਤਮ-ਵਿਸ਼ਵਾਸ ਅਤੇ ਉਤਸ਼ਾਹ ਨਾਲ ਆਪਣੀਆਂ ਪੇਸ਼ਕਾਰੀਆਂ ਪੇਸ਼ ਕਰ ਸਕਣ।

ਉਨ੍ਹਾਂ ਦੱਸਿਆ ਕਿ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ 13 ਅਗਸਤ ਨੂੰ ਕਰਵਾਈ ਜਾਵੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਅਤੇ ਸਕੂਲ ਪ੍ਰਬੰਧਕਾਂ ਨੂੰ ਸਮਾਗਮ ਨਾਲ ਜੁੜੀਆਂ ਸਾਰੀਆਂ ਤਿਆਰੀਆਂ ਆਪਸੀ ਤਾਲਮੇਲ ਨਾਲ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸੱਭਿਆਚਾਰਕ ਪੇਸ਼ਕਾਰੀਆਂ ਦੇ ਨਾਲ-ਨਾਲ ਪੁਲਿਸ, ਹੋਮਗਾਰਡ, ਐਨ.ਸੀ.ਸੀ. ਅਤੇ ਪੁਲਿਸ ਤੇ ਸਕੂਲੀ ਬੈਂਡ ਦੀਆਂ ਟੁਕੜੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਵੀ ਪੇਸ਼ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਮਾਗਮ ਦੌਰਾਨ ਪੰਜਾਬ ਦੇ ਲੋਕ ਨਾਚ ਗਿੱਧਾ ਅਤੇ ਭੰਗੜਾ ਵੀ ਖਿੱਚ ਦਾ ਕੇਂਦਰ ਰਹਿਣਗੇ। ਉਨ੍ਹਾਂ ਕਿਹਾ ਕਿ ਸਮੁੱਚਾ ਸੱਭਿਆਚਾਰਕ ਪ੍ਰੋਗਰਾਮ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਹੋਇਆ ਹੋਵੇਗਾ।

ਇਸ ਮੌਕੇ ਪ੍ਰਿੰਸੀਪਲ ਨਰੇਸ਼ ਕੁਮਾਰ, ਪ੍ਰਿੰਸੀਪਲ ਆਰਤੀ ਗੁਪਤਾ, ਸਲੀਮ ਜ਼ੁਬੈਰੀ, ਅਭਿਸ਼ੇਕ ਜੈਨ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਅਧਿਆਪਕ, ਇੰਚਾਰਜ ਅਤੇ ਨੁਮਾਇੰਦੇ ਹਾਜ਼ਰ ਸਨ।

## ਸਨਸਨੀਖੇਜ਼ ਅਪਰਾਧ ਦੀ ਸਾਜ਼ਿਸ਼ ਨਾਕਾਮ; ਵਿਦੇਸ਼ ਅਧਾਰਤ ਗੈਂਗਸਟਰ ਦਾ ਕਾਰਕੁਨ ਪਿਸਤੌਲ ਸਮੇਤ ਬਠਿੰਡਾ ਤੋਂ ਗ੍ਰਿਫ਼ਤਾਰ

**ਬਠਿੰਡਾ, 12 ਅਗਸਤ**
**-ਗੁਰਤੇਜ ਅਤਲਾ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ, ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ਼.) ਪੰਜਾਬ ਨੇ ਵਿਦੇਸ਼ ਅਧਾਰਤ ਗੈਂਗਸਟਰ ਨੈੱਟਵਰਕ ਨਾਲ ਸਬੰਧਤ ਕਾਰਕੁਨ ਨੂੰ ਇੱਕ ਦੇਸੀ ਗੈਰ-ਕਾਨੂੰਨੀ .32 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਰੌਂਦ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਜਸਦੀਪ ਸਿੰਘ ਉਰਫ਼ ਜੱਸਾ (25) ਵਾਸੀ ਪਿੰਡ ਬੀੜ ਬਹਿਮਣ, ਬਠਿੰਡਾ ਵਜੋਂ ਹੋਈ ਹੈ।

ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਤਫ਼ਤੀਸ਼ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਵਿਦੇਸ਼ ਅਧਾਰਤ ਗੈਂਗਸਟਰ ਦੇ ਨਿਰਦੇਸ਼ਾਂ @ਤੇ ਇਹ ਗੈਰ-ਕਾਨੂੰਨੀ ਹਥਿਆਰ ਹਾਸਲ ਕੀਤਾ ਸੀ ਅਤੇ ਉਹ ਪੰਜਾਬ ਵਿੱਚ ਕਿਸੇ ਸਨਸਨੀਖੇਜ਼ ਅਪਰਾਧ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਸੀ।

ਡੀ.ਜੀ.ਪੀ. ਨੇ ਦੱਸਿਆ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਤਫ਼ਤੀਸ਼ ਜਾਰੀ ਹੈ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏ.ਡੀ.ਜੀ.ਪੀ.) ਏ.ਜੀ.ਟੀ.ਐਫ਼. ਪ੍ਰਮੋਦ ਬਾਨ ਨੇ ਦੱਸਿਆ ਕਿ ਜਦੋਂ ਏ.ਜੀ.ਟੀ.ਐਫ਼. ਦੀਆਂ ਪੁਲਿਸ ਟੀਮਾਂ ਗਸ਼ਤ @ਤੇ ਸਨ, ਤਾਂ ਉਨ੍ਹਾਂ ਨੇ ਰਾਜਿੰਦਰਾ ਕਾਲਜ ਦੀ ਚਾਰਦੀਵਾਰੀ ਨੇੜੇ ਇੱਕ ਵਿਅਕਤੀ ਨੂੰ ਸ਼ੱਕੀ ਹਾਲਤ ਵਿੱਚ ਖੜ੍ਹਾ ਦੇਖਿਆ, ਜੋ ਪੁਲਿਸ ਵਾਹਨ ਨੂੰ ਦੇਖ ਕੇ ਘਬਰਾ ਗਿਆ।

ਉਸ ਦੇ ਚਾਲ-ਚਲਣ ਨੂੰ ਸ਼ੱਕੀ ਪਾਉਂਦਿਆਂ ਏ.ਜੀ.ਟੀ.ਐਫ਼. ਟੀਮ ਨੇ ਤੁਰੰਤ ਉਸ ਨੂੰ ਹਿਰਾਸਤ ਵਿੱਚ ਲੈ ਲਿਆ, ਜਿਸ ਨੇ ਆਪਣੀ ਪਛਾਣ ਜਸਦੀਪ ਉਰਫ਼ ਜੱਸਾ ਵਜੋਂ ਦੱਸੀ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ ਇੱਕ .32 ਬੋਰ ਪਿਸਤੌਲ ਸਮੇਤ ਦੋ ਜ਼ਿੰਦਾ ਕਾਰਤੂਸ ਬਰਾਮਦ ਹੋਏ।

ਏ.ਡੀ.ਜੀ.ਪੀ. ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਜਸਦੀਪ ਸਿੰਘ ਉਰਫ਼ ਜੱਸਾ ਦਾ ਪੁਰਾਣਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਅਸਲਾ ਐਕਟ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਨਾਲ ਸਬੰਧਤ ਕਈ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਰਿਹਾ ਹੈ। ਇਸ ਸਬੰਧ ਵਿੱਚ ਥਾਣਾ ਕੋਤਵਾਲੀ, ਬਠਿੰਡਾ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਮਿਤੀ 10.08.2026 ਨੂੰ ਐਫ਼.ਆਈ.ਆਰ. ਨੰਬਰ 164 ਦਰਜ ਕੀਤੀ ਗਈ ਹੈ।

## ਪੰਜਾਬ ਦੀਆਂ 117 ਸੀਟਾਂ ਉੱਤੇ ਇਕੱਲੇ ਚੋਣ ਲੜੇਗੀ ਭਾਜਪਾ: ਕੇਵਲ ਢਿੱਲੋਂ




**ਚੰਡੀਗੜ੍ਹ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਮੁਲਾਕਾਤ ਤੋਂ ਬਾਅਦ ਭਾਜਪਾ-ਅਕਾਲੀ ਦਲ ਗਠਜੋੜ ਦੀਆਂ ਚਰਚਾਵਾਂ ਵਿੱਚ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸਪਸ਼ਟ ਕੀਤਾ ਕਿ ਪੰਜਾਬ ਦੀਆਂ ਸਾਰੀਆਂ 117 ਸੀਟਾਂ ਉੱਤੇ ਭਾਜਪਾ ਇਕੱਲੀ ਚੋਣ ਲੜੇਗੀ।

ਇਸ ਲਈ ਪੰਜਾਬ ਭਾਜਪਾ ਵੱਲੋਂ ਸਾਰੀਆਂ ਵਿਧਾਨਸਭਾ ਸੀਟਾਂ ਉੱਤੇ ਚੋਣ ਲੜਨ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਪਾਰਟੀ ਵਿੱਚ ਟਕਸਾਲੀ ਵਰਕਰਾਂ ਦੀ ਨਾਰਾਜ਼ਗੀ ਬਾਰੇ ਕਿਹਾ ਕਿ ਪਾਰਟੀ ਵੱਲੋਂ ਸਾਰਿਆਂ ਨੂੰ ਮਨਾ ਲਿਆ ਜਾਵੇਗਾ।

ਸ੍ਰੀ ਢਿੱਲੋਂ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਉੱਤੇ ਤਿੱਖਾ ਹਮਲਾ ਕਰਦਿਆਂ ਦੋਵਾਂ ਪਾਰਟੀਆਂ ਵੱਲੋਂ ਝਾਰਖੰਡ ਵਿੱਚ ਵਿਦਿਆਰਥੀ ਲਾਠੀਚਾਰਜ ਉੱਤੇ ਚੁੱਪੀ ਉੱਤੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਦੋਵਾਂ ਪਾਰਟੀਆਂ ਵੱਲੋਂ ਭਾਜਪਾ ਸ਼ਾਸਤ ਸੂਬਿਆਂ ਵਿੱਚ ਜਾਣਬੁੱਝ ਕੇ ਹੰਗਾਮਾ ਕੀਤਾ ਜਾ ਰਿਹਾ ਹੈ।

ਜੋ ਕਿ ਸੰਸਦ ਵਿੱਚ ਵੀ ਚਰਚਾ ਤੋਂ ਭੱਜ ਰਹੀ ਹੈ। ਇਸ ਦੇ ਨਾਲ ਹੀ ਸਾਬਕਾ ਵਿਧਾਇਕ ਦਰਸ਼ਨ ਸਿੰਘ ਕੋਟਫੱਤਾ ਨੇ ਭਾਜਪਾ ਦਾ ਪੱਲਾ ਫੜ ਲਿਆ, ਜਿਸ ਨੂੰ ਭਾਜਪਾ ਪ੍ਰਧਾਨ ਕੇਵਲ ਢਿੱਲੋਂ ਨੇ ਸਿਰੋਪਾਓ ਪਾ ਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ।

## ਪੰਡਿਤ ਆਰਚੀ ਭੱਟਾਚਾਰੀਆ ਦੀ ਸੁਰਮਈ ਪੇਸ਼ਕਾਰੀ ਨੇ ਸੰਗੀਤ ਪ੍ਰੇਮੀਆਂ ਦਾ ਦਿਲ ਜਿੱਤਿਆ

**ਚੰਡੀਗੜ੍ਹ, 12 ਅਗਸਤ**
**-ਸੰਜੀਵ ਸਿੰਗਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਸ਼ਾਸਤਰੀ ਸੰਗੀਤ ਦੀ ਅਮੀਰ ਪਰੰਪਰਾ ਨੂੰ ਸਮਰਪਿਤ ਪ੍ਰਾਚੀਨ ਕਲਾ ਕੇਂਦਰ, ਚੰਡੀਗੜ੍ਹ ਦੀ 322ਵੀਂ ਮਾਸਿਕ ਸੰਗੀਤ ਸਭਾ ਮੰਗਲਵਾਰ ਨੂੰ ਸੈਕਟਰ-35 ਬੀ ਸਥਿਤ ਐਮ. ਐਲ. ਕੌਸਰ ਸਭਾਗਾਰ ਵਿੱਚ ਸੁਰਾਂ ਅਤੇ ਸੰਗੀਤ ਦੀ ਮਨਮੋਹਕ ਛਟਾ ਬਿਖੇਰਦੀ ਹੋਈ ਸੰਪੰਨ ਹੋਈ।



ਨੌਜਵਾਨ ਅਤੇ ਪ੍ਰਤਿਭਾਸ਼ਾਲੀ ਸ਼ਾਸਤਰੀ ਗਾਇਕਾ ਆਰਚੀ ਭੱਟਾਚਾਰੀਆ ਨੇ ਆਪਣੀ ਪੱਕੀ, ਭਾਵਪੂਰਨ ਅਤੇ ਪ੍ਰਭਾਵਸ਼ਾਲੀ ਗਾਇਕੀ ਨਾਲ ਸੰਗੀਤ ਪ੍ਰੇਮੀਆਂ ਨੂੰ ਮੰਤਰਮੁਗਧ ਕਰ ਦਿੱਤਾ। ਉਨ੍ਹਾਂ ਦੀ ਪੇਸ਼ਕਾਰੀ ਵਿੱਚ ਸੁਰਾਂ ਦੀ ਸ਼ੁੱਧਤਾ, ਰਾਗਦਾਰੀ ਦੀ ਗਹਿਰਾਈ, ਲੈਅ ਉੱਤੇ ਪਕੜ ਅਤੇ ਭਾਵਾਂ ਦੀ ਸੁੰਦਰ ਅਭਿਵਿਅਕਤੀ ਦਾ ਸ਼ਾਨਦਾਰ ਸੰਤੁਲਨ ਦੇਖਣ ਨੂੰ ਮਿਲਿਆ।

ਕਾਰਜਕ੍ਰਮ ਦੀ ਸ਼ੁਰੂਆਤ ਰਾਗ ਮੀਆਂ ਕੀ ਮਲ੍ਹਾਰ ਨਾਲ ਹੋਈ। ਆਰਚੀ ਨੇ ਵਿਲੰਬਿਤ ਇਕਤਾਲ ਵਿੱਚ ਬੱਧ ਬੰਦਿਸ਼ ਕਰੀਮ ਨਾਮ ਤੇਰੋ ਪੇਸ਼ ਕਰਕੇ ਆਪਣੀ ਸਧੀ ਹੋਈ ਗਾਇਕੀ ਦਾ ਪਰਿਚੈ ਦਿੱਤਾ। ਉਨ੍ਹਾਂ ਦੇ ਆਲਾਪ, ਸੁਰਾਂ ਦੇ ਵਿਸਥਾਰ ਅਤੇ ਰਾਗ ਦੀ ਗੰਭੀਰਤਾ ਨੇ ਸਭਾਗਾਰ ਵਿੱਚ ਅਜਿਹਾ ਸੁਰਮਈ ਮਾਹੌਲ ਪੈਦਾ ਕੀਤਾ ਕਿ ਸਰੋਤੇ ਪੂਰੀ ਤਰ੍ਹਾਂ ਸੰਗੀਤ ਵਿੱਚ ਡੁੱਬ ਗਏ। ਇਸ ਤੋਂ ਬਾਅਦ ਮੱਧ ਲੈਅ ਇਕਤਾਲ ਵਿੱਚ ਪੇਸ਼ ਕੀਤੀ ਉਮੜ ਘੁਮੜ ਰਚਨਾ ਨੇ ਵਰਖਾ ਰੁੱਤ ਦੀਆਂ ਭਾਵਨਾਵਾਂ ਨੂੰ ਸੁਰਾਂ ਰਾਹੀਂ ਬਹੁਤ ਸੁੰਦਰ ਢੰਗ ਨਾਲ ਪੇਸ਼ ਕੀਤਾ।

ਦ੍ਰੁਤ ਤੀਨਤਾਲ ਵਿੱਚ ਬੋਲੇ ਰੇ ਪਪੀਹਰਾ ਦੀ ਪੇਸ਼ਕਾਰੀ ਨੇ ਕਾਰਜਕ੍ਰਮ ਵਿੱਚ ਵਿਸ਼ੇਸ਼ ਜੋਸ਼ ਭਰ ਦਿੱਤਾ। ਆਰਚੀ ਦੀਆਂ ਪ੍ਰਭਾਵਸ਼ਾਲੀ ਤਾਨਾਂ, ਲੈਅਕਾਰੀ ਅਤੇ ਸੁਰਾਂ ਦੀ ਸੁਭਾਵਿਕ ਉਡਾਣ ਨੇ ਸਰੋਤਿਆਂ ਨੂੰ ਬਹੁਤ ਪ੍ਰਭਾਵਿਤ ਕੀਤਾ। ਪੇਸ਼ਕਾਰੀ ਤੋਂ ਬਾਅਦ ਸਭਾਗਾਰ ਤਾਲੀਆਂ ਦੀ ਗੂੰਜ ਨਾਲ ਭਰ ਗਿਆ।

ਆਰਚੀ ਨੇ ਆਪਣੇ ਦਾਦਾ-ਗੁਰੂ ਪੰਡਿਤ ਮਾਨਸ ਚਕਰਵਰਤੀ ਵੱਲੋਂ ਰਚੇ ਰਾਗ ਮੇਘ ਵਿੱਚ ਮੱਧ ਲੈਅ ਝਪਤਾਲ ਦੀ ਬੰਦਿਸ਼ ਪ੍ਰਬਲ ਦਲ ਬਦਲ ਵੀ ਪੇਸ਼ ਕੀਤੀ। ਇਸ ਰਚਨਾ ਵਿੱਚ ਉਨ੍ਹਾਂ ਦੀ ਰਾਗਦਾਰੀ ਉੱਤੇ ਡੂੰਘੀ ਪਕੜ, ਸੁਰ ਸਾਧਨਾ ਅਤੇ ਭਾਵਪੂਰਨ ਗਾਇਕੀ ਸਪੱਸ਼ਟ ਤੌਰ 'ਤੇ ਨਜ਼ਰ ਆਈ। ਉਨ੍ਹਾਂ ਦੀ ਗਾਇਕੀ ਵਿੱਚ ਗੁਰੂ-ਪਰੰਪਰਾ ਦੇ ਸੰਸਕਾਰ ਅਤੇ ਲੰਬੀ ਸਾਧਨਾ ਦੀ ਝਲਕ ਦਿਖਾਈ ਦਿੱਤੀ, ਜਿਸ ਦੀ ਹਾਜ਼ਰ ਕਲਾ-ਰਸਿਕਾਂ ਨੇ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ।

ਸੰਗੀਤਕ ਸ਼ਾਮ ਦੇ ਅੰਤ ਵਿੱਚ ਆਰਚੀ ਨੇ ਰਾਗ ਭੈਰਵੀ ਵਿੱਚ ਪੇਸ਼ ਕੀਤੀ ਮਨਮੋਹਕ ਕਜਰੀ ਨਾਲ ਸਰੋਤਿਆਂ ਨੂੰ ਮੋਹ ਲਿਆ। ਉਨ੍ਹਾਂ ਦੀ ਮਿੱਠੀ ਆਵਾਜ਼ ਅਤੇ ਭਾਵਪੂਰਨ ਗਾਇਕੀ ਨੇ ਪੂਰੇ ਮਾਹੌਲ ਨੂੰ ਮਧੁਰਤਾ ਨਾਲ ਭਰ ਦਿੱਤਾ। ਇਸ ਸੁੰਦਰ ਪੇਸ਼ਕਾਰੀ ਨਾਲ ਕਾਰਜਕ੍ਰਮ ਦਾ ਸਮਾਪਨ ਬਹੁਤ ਹੀ ਸੁਰੀਲੇ ਅਤੇ ਯਾਦਗਾਰ ਢੰਗ ਨਾਲ ਹੋਇਆ।

ਆਰਚੀ ਭੱਟਾਚਾਰੀਆ ਦੀ ਗਾਇਨ ਪੇਸ਼ਕਾਰੀ ਵਿੱਚ ਕੋਲਕਾਤਾ ਦੇ ਪ੍ਰਤਿਭਾਸ਼ਾਲੀ ਤਬਲਾ ਵਾਦਕ ਰੂਪਕ ਮਿੱਤਰਾ ਨੇ ਤਬਲੇ 'ਤੇ ਅਤੇ ਪਾਣੀਪਤ ਤੋਂ ਪੰਡਿਤ ਦਿਨਕਰ ਸ਼ਰਮਾ ਨੇ ਹਾਰਮੋਨੀਅਮ 'ਤੇ ਪ੍ਰਭਾਵਸ਼ਾਲੀ ਸੰਗਤ ਕੀਤੀ। ਦੋਵਾਂ ਕਲਾਕਾਰਾਂ ਦੀ ਸਧੀ ਹੋਈ ਲੈਅਕਾਰੀ ਅਤੇ ਸੰਵੇਦਨਸ਼ੀਲ ਸੰਗਤ ਨੇ ਮੁੱਖ ਗਾਇਕੀ ਨੂੰ ਹੋਰ ਵੀ ਨਿਖਾਰਿਆ ਅਤੇ ਪੇਸ਼ਕਾਰੀ ਦੀ ਸੰਗੀਤਕ ਗੰਭੀਰਤਾ ਨੂੰ ਵਧਾਇਆ।

ਕਾਰਜਕ੍ਰਮ ਵਿੱਚ ਸ਼ਹਿਰ ਦੇ ਵੱਡੀ ਗਿਣਤੀ ਵਿੱਚ ਸੰਗੀਤ ਪ੍ਰੇਮੀ, ਕਲਾ-ਰਸਿਕ ਅਤੇ ਹੋਰ ਪਤਵੰਤੇ ਮਹਿਮਾਨ ਹਾਜ਼ਰ ਸਨ। ਸਰੋਤਿਆਂ ਨੇ ਆਰਚੀ ਭੱਟਾਚਾਰੀਆ ਦੀ ਗਾਇਕੀ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਅਤੇ ਇਸ ਨੂੰ ਸ਼ਾਸਤਰੀ ਸੰਗੀਤ ਦੀ ਪਰੰਪਰਾ ਅਤੇ ਨੌਜਵਾਨ ਪ੍ਰਤਿਭਾ ਦਾ ਸੁੰਦਰ ਮੇਲ ਦੱਸਿਆ।

ਕਾਰਜਕ੍ਰਮ ਦੇ ਅੰਤ ਵਿੱਚ ਪ੍ਰਾਚੀਨ ਕਲਾ ਕੇਂਦਰ ਦੀ ਰਜਿਸਟਰਾਰ ਡਾ. ਸ਼ੋਭਾ ਕੌਸਰ ਅਤੇ ਸਕੱਤਰ ਸ਼੍ਰੀ ਸਜਲ ਕੌਸਰ ਨੇ ਹਾਜ਼ਰ ਮਹਿਮਾਨਾਂ, ਸੰਗੀਤ ਪ੍ਰੇਮੀਆਂ, ਕਲਾਕਾਰਾਂ ਅਤੇ ਸੰਗਤਕਾਰਾਂ ਦਾ ਧੰਨਵਾਦ ਕੀਤਾ। ਕੇਂਦਰ ਵੱਲੋਂ ਆਰਚੀ ਭੱਟਾਚਾਰੀਆ ਸਮੇਤ ਦੋਵਾਂ ਸੰਗਤਕਾਰਾਂ ਨੂੰ ਉੱਤਰੀਏ ਅਤੇ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਪ੍ਰਾਚੀਨ ਕਲਾ ਕੇਂਦਰ ਦੀ ਇਹ ਮਾਸਿਕ ਸੰਗੀਤ ਸਭਾ ਭਾਰਤੀ ਸ਼ਾਸਤਰੀ ਸੰਗੀਤ ਦੀ ਮਾਣਮੱਤੀ ਪਰੰਪਰਾ ਨੂੰ ਜ਼ਿੰਦਾ ਰੱਖਣ ਦੇ ਨਾਲ-ਨਾਲ ਨੌਜਵਾਨ ਅਤੇ ਉੱਭਰ ਰਹੇ ਕਲਾਕਾਰਾਂ ਨੂੰ ਇੱਕ ਵੱਕਾਰੀ ਮੰਚ ਪ੍ਰਦਾਨ ਕਰਨ ਵਿੱਚ ਲਗਾਤਾਰ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।

## ਪੰਜਾਬ ਸਰਕਾਰ ਨੇ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਲਈ ਇਕ ਕਰੋੜ ਰੁਪਏ ਕੀਤੇ ਜਾਰੀ

### 12 ਜ਼ਿਲ੍ਹਿਆਂ ਲਈ 85 ਲੱਖ, ਮਲੋਟ ਦੇ ਸੂਬਾ ਪੱਧਰੀ ਸਮਾਗਮ ਲਈ 15 ਲੱਖ ਰੁਪਏ ਰਾਖਵੇਂ ਰੱਖੇ

**ਚੰਡੀਗੜ੍ਹ 12 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਰੋਕਥਾਮ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਿੱਤੀ ਸਾਲ 2026-27 ਦੌਰਾਨ ਇੱਕ ਕਰੋੜ ਰੁਪਏ ਦੀ ਟੋਕਨ ਗਰਾਂਟ ਜਾਰੀ ਕਰ ਦਿੱਤੀ ਹੈ। ਇਸ ਵਿੱਚੋਂ 12 ਜ਼ਿਲ੍ਹਿਆਂ ਵਿੱਚ ਜਾਗਰੂਕਤਾ ਅਤੇ ਰੋਕਥਾਮ ਗਤੀਵਿਧੀਆਂ ਲਈ 85 ਲੱਖ ਰੁਪਏ ਜਾਰੀ ਕੀਤੇ ਗਏ ਹਨ, ਜਦੋਂਕਿ ਅਗਸਤ 2026 ਦੌਰਾਨ ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਵਿਖੇ ਕਰਵਾਏ ਜਾਣ ਵਾਲੇ ਸੂਬਾ ਪੱਧਰੀ ਨਸ਼ਾ ਵਿਰੋਧੀ ਸਮਾਗਮ ਲਈ 15 ਲੱਖ ਰੁਪਏ ਰਾਖਵੇਂ ਰੱਖੇ ਗਏ ਹਨ।

ਇਸ ਬਾਰੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਜਾਗਰੂਕਤਾ, ਰੋਕਥਾਮ, ਮੁੜ ਵਸੇਬੇ ਅਤੇ ਲੋਕ ਭਾਗੀਦਾਰੀ ਨੂੰ ਬਰਾਬਰ ਮਹੱਤਵ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।



ਉਨ੍ਹਾਂ ਦੱਸਿਆ ਕਿ ਫਾਜ਼ਿਲਕਾ, ਤਰਨ ਤਾਰਨ, ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਰੂਪਨਗਰ, ਐੱਸ.ਏ.ਐੱਸ. ਨਗਰ (ਮੁਹਾਲੀ), ਪਠਾਨਕੋਟ, ਕਪੂਰਥਲਾ, ਗੁਰਦਾਸਪੁਰ, ਲੁਧਿਆਣਾ ਅਤੇ ਪਟਿਆਲਾ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ। ਇਨ੍ਹਾਂ ਤਹਿਤ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇਗਾ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਲੋਟ ਵਿਖੇ ਹੋਣ ਵਾਲਾ ਸੂਬਾ ਪੱਧਰੀ ਨਸ਼ਾ ਵਿਰੋਧੀ ਸਮਾਗਮ ਉਨ੍ਹਾਂ ਦੀ ਪ੍ਰਧਾਨਗੀ ਹੇਠ ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ, ਵਿੱਦਿਅਕ ਸੰਸਥਾਵਾਂ, ਯੁਵਾ ਸੰਗਠਨਾਂ, ਸਮਾਜ ਸੇਵੀ ਸੰਸਥਾਵਾਂ ਅਤੇ ਹੋਰ ਹਿੱਸੇਦਾਰਾਂ ਦੀ ਵਿਆਪਕ ਸ਼ਮੂਲੀਅਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਸਮਾਗਮ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਨ-ਜਾਗਰੂਕਤਾ ਵਧਾਉਣ, ਨੌਜਵਾਨਾਂ ਵਿੱਚ ਰੋਕਥਾਮ ਦੀ ਸੋਚ ਮਜ਼ਬੂਤ ਕਰਨ ਅਤੇ ਸਮਾਜ ਦੇ ਹਰ ਵਰਗ ਨੂੰ ਨਸ਼ਾ-ਮੁਕਤ ਪੰਜਾਬ ਦੀ ਮੁਹਿੰਮ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਡਾ. ਬਲਜੀਤ ਕੌਰ ਨੇ ਕਿਹਾ, ਨਸ਼ਿਆਂ ਵਿਰੁੱਧ ਲੜਾਈ ਕੇਵਲ ਸਰਕਾਰ ਦੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ। ਪਰਿਵਾਰਾਂ, ਵਿੱਦਿਅਕ ਸੰਸਥਾਵਾਂ, ਸਮਾਜਿਕ ਜਥੇਬੰਦੀਆਂ ਅਤੇ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਅਸੀਂ ਨਸ਼ਾ-ਮੁਕਤ ਪੰਜਾਬ ਦਾ ਸੁਪਨਾ ਸਾਕਾਰ ਕਰ ਸਕਦੇ ਹਾਂ।

## ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ 15 ਅਗਸਤ ਤੱਕ ਕੀਤੀ ਜਾ ਸਕੇਗੀ ਰਜਿਸਟ੍ਰੇਸ਼ਨ

**ਹੁਸ਼ਿਆਰਪੁਰ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਸਰਕਾਰ ਦੇ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ ਵਲੋਂ ਹਰ ਸਾਲ ਦੇਸ਼ ਵਿਚ ਹੋਣਹਾਰ ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਨਾਲ ਸਨਮਾਨਿਤ ਕਰਨ ਦੀ ਲੜੀ ਤਹਿਤ ਇਸ ਸਾਲ ਪੁਰਸਕਾਰ ਲਈ ਰਜਿਸਟ੍ਰੇਸ਼ਨ 15 ਅਗਸਤ 2026 ਤੱਕ ਕਰਵਾਈ ਜਾ ਸਕਦੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਹ ਪੁਸਕਾਰ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ

ਜਿਨ੍ਹਾਂ ਨੇ ਬਹਾਦਰੀ ਦੇ ਨਾਲ ਦੂਜਿਆਂ ਲਈ ਕੰਮ ਕੀਤੇ ਹੋਣ ਜਾਂ ਛੋਟੇ ਬੱਚਿਆਂ ਲਈ ਰੋਲ ਮਾਡਲ ਹੋਣ ਜਾਂ ਉਹ ਬੱਚੇ ਜਿਨ੍ਹਾਂ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਜੋ ਕਿ ਰਾਸ਼ਟਰੀ ਪੱਧਰ @ਤੇ ਮਾਨਤਾ ਦੇ ਹੱਕਦਾਰ ਹਨ, ਚੰਗੀ ਕਾਰਗੁਜ਼ਾਰੀ ਕੀਤੀ ਹੋਵੇ। ਉਨ੍ਹਾਂ ਦੱਸਿਆ ਕਿ ਭਾਰਤ ਦੇ ਨਾਗਰਿਕ ਉਹ ਬੱਚੇ, ਜਿਨ੍ਹਾਂ ਦੀ ਅਰਜੀ ਦੇਣ ਦੀ ਅੰਤਿਮ ਮਿਤੀ ਤੱਕ ਉਮਰ 5 ਤੋਂ 18 ਸਾਲ ਤੱਕ ਹੈ, ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਰ (ਪੀ.ਐਮ.ਆਰ.ਬੀ.ਪੀ.) ਦੀ ਵੈਬਸਾਈਟ 'ਤੇ ਆਪਣੀ ਰਜਿਸਟ੍ਰੇਸ਼ਨ ਕਰ ਸਕਦੇ ਹਨ ਜਿਸ ਦੀ ਅੰਤਿਮ ਮਿਤੀ 15 ਅਗਸਤ 2026 ਹੈ।

## 'Same Look, Same Hook' ਟਵਿਨਿੰਗ ਥੀਮ ਨਾਲ ਕਰੀਏਟਿਵ ਲੇਡੀਜ਼ ਕਲੱਬ ਨੇ ਮਨਾਇਆ ਫ੍ਰੈਂਡਸ਼ਿਪ ਡੇ

**ਲੁਧਿਆਣਾ, 12 ਅਗਸਤ**
**-ਜਗਮੇਲ ਸਿੰਘ ਢਿਲੋਂ-**

ਕਰੀਏਟਿਵ ਲੇਡੀਜ਼ ਕਲੱਬ ਵੱਲੋਂ ਫ੍ਰੈਂਡਸ਼ਿਪ ਡੇ ਦੇ ਮੌਕੇ 'ਤੇ ਬੇਹੱਦ ਉਤਸ਼ਾਹ, ਗਰਮਜੋਸ਼ੀ ਅਤੇ ਸਦਭਾਵਨਾ ਨਾਲ ਭਰਪੂਰ ਸ਼ਾਨਦਾਰ ਸਮਾਗਮ ਕਰਵਾਇਆ ਗਿਆ। ਇਸ ਸਾਲ ਸਮਾਗਮ ਦੀ ਖਾਸ ਥੀਮ "Same Look, Same Hook – Twinning with Friendship" ਰਹੀ। ਇਸ ਵਿਲੱਖਣ ਥੀਮ ਤਹਿਤ ਕਲੱਬ ਦੀਆਂ ਮੈਂਬਰਾਂ ਨੇ ਇੱਕੋ ਜਿਹੇ ਪਹਿਰਾਵੇ ਪਹਿਨ ਕੇ ਦੋਸਤੀ, ਰਚਨਾਤਮਕਤਾ ਅਤੇ ਆਪਸੀ ਸਾਂਝ ਦਾ ਖ਼ੂਬਸੂਰਤ ਪ੍ਰਦਰਸ਼ਨ ਕੀਤਾ। ਪੂਰਾ ਸਮਾਗਮ ਸੰਗੀਤ, ਡਾਂਸ, ਮਨੋਰੰਜਨ ਅਤੇ ਖੁਸ਼ੀਆਂ ਨਾਲ ਭਰਪੂਰ ਰਿਹਾ।



ਸਮਾਗਮ ਵਿੱਚ ਡਾਇਰੈਕਟਰ ਸੁਰਿੰਦਰ ਬੰਸਲ, ਪ੍ਰਧਾਨ ਸਤਿੰਦਰ ਸੋਨੀ, ਵਾਈਸ ਪ੍ਰੈਜ਼ੀਡੈਂਟ ਤਰਨਪ੍ਰੀਤ, ਚੇਅਰਪਰਸਨ ਮੀਨਾ ਕੋਚਰ ਸਮੇਤ ਕਲੱਬ ਦੇ ਸਾਰੇ ਸਨਮਾਨਿਤ ਬੋਰਡ ਮੈਂਬਰਾਂ ਦੀ ਗਰਿਮਾਮਈ ਹਾਜ਼ਰੀ ਰਹੀ।

ਸਮਾਗਮ ਦਾ ਸਫਲ ਆਯੋਜਨ ਪ੍ਰਧਾਨ ਸਤਿੰਦਰ ਸੋਨੀ ਅਤੇ ਸਕੱਤਰ ਸਾਕਸ਼ੀ ਗੁਪਤਾ ਦੀ ਅਗਵਾਈ ਹੇਠ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਕੀਤਾ ਗਿਆ। ਟੀਮ ਦੀ ਸ਼ਾਨਦਾਰ ਯੋਜਨਾਬੰਦੀ, ਮਿਹਨਤ ਅਤੇ ਬਿਹਤਰੀਨ ਤਾਲਮੇਲ ਨੇ ਸਮਾਗਮ ਨੂੰ ਯਾਦਗਾਰ ਅਤੇ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਸਮਾਗਮ ਦਾ ਮੁੱਖ ਆਕਰਸ਼ਣ ਦੋਸਤੀ ਨੂੰ ਸਮਰਪਿਤ ਸ਼ਾਨਦਾਰ ਗਰੁੱਪ ਪੇਸ਼ਕਾਰੀਆਂ ਰਹੀਆਂ। ਸਤਿੰਦਰ ਸੋਨੀ ਅਤੇ ਸਾਕਸ਼ੀ, ਵਿਨੈਪ੍ਰੀਤ ਅਤੇ ਮਿਸ਼ੀ, ਹਰਮੀਤ ਅਤੇ ਸਪਨਾ ਖੁਰਾਨਾ, ਜੋਨੂ ਅਤੇ ਜਸਪ੍ਰੀਤ, ਆਸ਼ੂ ਅਤੇ ਸ਼ਿਵਾਨੀ, ਨੈਂਸੀ ਅਤੇ ਅਮਨ ਅਤੇ ਸ਼ਿਖਾ ਅਤੇ ਜਸਪ੍ਰੀਤ ਲੋਟੇ ਨੇ ਜੋਸ਼ ਭਰੀਆਂ ਪੇਸ਼ਕਾਰੀਆਂ ਰਾਹੀਂ ਦੋਸਤੀ, ਹਾਸੇ-ਖੁਸ਼ੀ ਅਤੇ ਆਪਸੀ ਏਕਤਾ ਦੀ ਖ਼ੂਬਸੂਰਤ ਤਸਵੀਰ ਪੇਸ਼ ਕੀਤੀ।

ਸਮਾਗਮ ਵਿੱਚ ਦੇਸ਼ਭਗਤੀ ਦਾ ਰੰਗ ਵੀ ਦੇਖਣ ਨੂੰ ਮਿਲਿਆ। ਰਮਾ ਭਾਰਦਵਾਜ ਅਤੇ ਸੰਗੀਤਾ ਭਾਰਦਵਾਜ ਨੇ ਆਜ਼ਾਦੀ ਦਿਵਸ ਨੂੰ ਸਮਰਪਿਤ ਸੁੰਦਰ ਪੇਸ਼ਕਾਰੀ ਦਿੱਤੀ, ਜਿਸ ਨੇ ਪੂਰੇ ਮਾਹੌਲ ਨੂੰ ਦੇਸ਼ਭਗਤੀ ਅਤੇ ਮਾਣ ਦੀ ਭਾਵਨਾ ਨਾਲ ਭਰ ਦਿੱਤਾ। ਉਨ੍ਹਾਂ ਦੀ ਪੇਸ਼ਕਾਰੀ ਨੂੰ ਹਾਜ਼ਰ ਮੈਂਬਰਾਂ ਵੱਲੋਂ ਖ਼ੂਬ ਸਰਾਹਿਆ ਗਿਆ। ਮਨੋਰੰਜਨ ਦਾ ਸਿਲਸਿਲਾ ਕਈ ਸ਼ਾਨਦਾਰ ਪੇਸ਼ਕਾਰੀਆਂ ਨਾਲ ਜਾਰੀ ਰਿਹਾ। ਚੈਰੀ ਕੁਮਾਰ ਅਤੇ ਸ਼ਿਲਪਾ ਕੁਮਾਰ ਨੇ ਨਨਾਣ-ਭਰਜਾਈ ਦੇ ਖ਼ੂਬਸੂਰਤ ਰਿਸ਼ਤੇ ਅਤੇ ਦੋਸਤੀ ਨੂੰ ਦਰਸਾਉਂਦੀ ਮਨਮੋਹਕ ਪੇਸ਼ਕਾਰੀ ਦਿੱਤੀ। ਇਸੇ ਤਰ੍ਹਾਂ ਸ਼ਸ਼ੀ ਖੁੱਲਰ ਅਤੇ ਰਵਿੰਦਰ ਚਾਵਲਾ ਅਤੇ ਸਿਮਰਨ ਅਤੇ ਹਰਜੀਤ ਮੱਕੜ ਨੇ ਆਪਣੀਆਂ ਜੋਸ਼ੀਲੀਆਂ ਡਾਂਸ ਪੇਸ਼ਕਾਰੀਆਂ ਨਾਲ ਸਾਰਿਆਂ ਦਾ ਮਨੋਰੰਜਨ ਕੀਤਾ। ਅਨੂ ਕਪੂਰ ਅਤੇ ਆਰਤੀ ਨੇ ਵੀ ਆਪਣੀ ਜੀਵੰਤ ਪੇਸ਼ਕਾਰੀ ਨਾਲ ਸਮਾਗਮ ਵਿੱਚ ਰੰਗ ਭਰ ਦਿੱਤਾ। ਉੱਥੇ ਹੀ ਗੁਰਮੀਤ ਬਬਲੀ ਅਤੇ ਬਲਵਿੰਦਰ ਬੱਤਰਾ ਦੀ ਸ਼ਾਨਦਾਰ ਡਾਂਸ ਪੇਸ਼ਕਾਰੀ ਨੇ ਸਮਾਗਮ ਦੇ ਉਤਸ਼ਾਹ ਨੂੰ ਹੋਰ ਵਧਾ ਦਿੱਤਾ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Flyers & Broucher
★ Poster
★ Books & Note Books
★ Diaries
★ Carry Bags
Opp. Gurudwara Dukhniwaran Sahib Srihind Road, Patiala

## ਧੂਰੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੀਤੇ ਜਾ ਰਹੇ ਵਿਕਾਸ ਕਾਰਜ: ਓ.ਐਸ.ਡੀ.



**ਧੂਰੀ 12 ਅਗਸਤ**
**-ਜਤਿੰਦਰ ਗਰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਧੂਰੀ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਅਨਾਜ ਮੰਡੀ ਧੂਰੀ ਵਿਖੇ ਕਰੀਬ 9 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ।

ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਅਨਾਜ ਮੰਡੀ ਧੂਰੀ ਵਿਖੇ ਹੋਣ ਵਾਲੇ ਇਨ੍ਹਾਂ ਵਿਕਾਸ ਕਾਰਜਾਂ ਨਾਲ ਆੜ੍ਹਤੀਆਂ, ਕਿਸਾਨਾਂ, ਮਜ਼ਦੂਰਾਂ ਅਤੇ ਮੰਡੀ ਵਿੱਚ ਆਉਣ ਵਾਲੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਪ੍ਰਾਜੈਕਟ ਤਹਿਤ ਸੀ.ਸੀ. ਰੋਡ ਦੀ ਉਸਾਰੀ, ਫੜਾਂ ਅਤੇ ਪਾਰਕਿੰਗ ਦੀ ਡੀ.ਬੀ. ਫਲੋਰਿੰਗ, ਸੜਕਾਂ ਦੀ ਉਸਾਰੀ ਤੇ ਪੈਚ ਵਰਕ, ਚਾਰਦੀਵਾਰੀ ਅਤੇ ਗੇਟ ਦੀ ਉਸਾਰੀ, ਪਾਰਕਿੰਗ ਦੇ ਨਾਲ ਪਾਈਪ ਲਾਈਨ ਵਿਛਾਉਣ, ਸ਼ੈਡਾਂ ਉੱਤੇ ਪਰਨਾਲੇ ਲਗਾਉਣ, ਟਾਇਲਟ ਦੀ ਉਸਾਰੀ ਅਤੇ ਸਬਜ਼ੀ ਮੰਡੀ ਦੀ ਮੁਰੰਮਤ ਸਮੇਤ ਕਈ ਕੰਮ ਕਰਵਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਨਵੀਂ ਅਨਾਜ ਮੰਡੀ ਧੂਰੀ ਵਿਖੇ ਟਾਇਲਟ ਬਲਾਕ ਅਤੇ ਕੈਟਲ ਕੈਚਰ ਵੀ ਬਣਾਏ ਜਾਣਗੇ। ਇਸ ਤੋਂ ਇਲਾਵਾ ਮੰਡੀ ਦੀਆਂ ਫੜਾਂ ਨੂੰ ਉੱਚਾ ਕੀਤਾ ਜਾਵੇਗਾ, ਜਿਸ ਨਾਲ ਬਰਸਾਤ ਦੇ ਮੌਸਮ ਦੌਰਾਨ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਨੂੰ ਘਟਾਉਣ ਵਿੱਚ ਮਦਦ ਮਿਲੇਗੀ।

ਮੰਡੀ ਦੀਆਂ ਸੜਕਾਂ ਨੂੰ ਵੀ ਬਿਹਤਰ ਬਣਾਇਆ ਜਾਵੇਗਾ ਅਤੇ ਸਾਈਡਾਂ ਤੋਂ ਆਉਣ ਵਾਲੇ ਪਾਣੀ ਦੀ ਨਿਕਾਸੀ ਲਈ ਢੁਕਵਾਂ ਪ੍ਰਬੰਧ ਕੀਤਾ ਜਾਵੇਗਾ।

ਓ.ਐਸ.ਡੀ. ਨੇ ਕਿਹਾ ਕਿ ਧੂਰੀ ਸ਼ਹਿਰ ਦੀਆਂ ਲੋੜਾਂ ਅਤੇ ਲੋਕਾਂ ਵੱਲੋਂ ਉਠਾਏ ਜਾ ਰਹੇ ਮੁੱਦਿਆਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਬਿਜਲੀ ਸਬੰਧੀ ਕੰਮਾਂ, ਸੂਏ ਨੂੰ ਕਵਰ ਕਰਨ, ਸੀਵਰੇਜ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ.) ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰਾਜੈਕਟਾਂ 'ਤੇ ਵੀ ਕੰਮ ਕੀਤਾ ਜਾ ਰਿਹਾ ਹੈ।

ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਧੂਰੀ ਸ਼ਹਿਰ ਵਿੱਚ ਹੁਣ ਤੱਕ ਕਈ ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰਾਜੈਕਟ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਅਤੇ ਲੋੜਾਂ ਸਬੰਧੀ ਦਿੱਤੇ ਜਾ ਰਹੇ ਸੁਝਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਇਨ੍ਹਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਤਿੰਦਰ ਸਿੰਘ ਮੰਡੇਰ, ਡਾਇਰੈਕਟਰ ਚੌਧਰੀ ਪਵਨ ਕੁਮਾਰ ਵਰਮਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਮੰਡੀ ਬੋਰਡ ਦੇ ਐਕਸੀਅਨ ਪੁਨੀਤ, ਐਸ.ਡੀ.ਓ. ਰਤਨਦੀਪ ਸਿੰਘ, ਗਗਨ ਜਵੰਧਾ, ਬਲਵਿੰਦਰ ਸਿੰਘ ਬਿੱਲੂ, ਡਾ. ਮੇਜਰ ਸਿੰਘ, ਸ਼ਮੀਰ ਕੁਮਾਰ ਸ਼ਮੀ, ਮਲਕੀਤ ਸਿੰਘ ਅਤੇ ਸ਼ਾਮ ਲਾਲ ਸ਼ਰਮਾ ਸਮੇਤ ਮੰਡੀ ਦੇ ਆੜ੍ਹਤੀ, ਕਿਸਾਨ ਅਤੇ ਹੋਰ ਸਬੰਧਤ ਧਿਰਾਂ ਹਾਜ਼ਰ ਸਨ। ਇਸ ਮੌਕੇ ਮੰਡੀ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਲਈ ਆੜ੍ਹਤੀਆਂ ਅਤੇ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।

## ਸਫਾਈ ਕਰਮਚਾਰੀਆਂ ਦੀ ਤਨਖਾਹ ਵਧਣ 'ਤੇ ਚੰਦਨ ਗਰੇਵਾਲ ਵੱਲੋਂ ਵਧਾਈ; ਸਫਾਈ ਕਰਮਚਾਰੀਆਂ ਦੀ ਭਲਾਈ ਲਈ ਸਰਕਾਰ ਨਾਲ ਮਿਲ ਕੇ ਕੰਮ ਕਰ ਰਿਹਾ ਕਮਿਸ਼ਨ: ਗਰੇਵਾਲ



**ਪਟਿਆਲਾ, 12 ਅਗਸਤ**
**-ਬਲਜੀਤ ਸਰਨਾ-**

ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਸਫਾਈ ਕਰਮਚਾਰੀਆਂ ਦੀ ਤਨਖਾਹ ਵਿੱਚ 10 ਹਜ਼ਾਰ ਤੋਂ 20 ਹਜ਼ਾਰ ਰੁਪਏ ਤੱਕ ਹੋਏ ਵਾਧੇ 'ਤੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਫਾਈ ਕਰਮਚਾਰੀਆਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ।

ਓਹਨਾ ਕਿਹਾ ਕਿ ਸੂਬੇ ਦੇ ਸਫਾਈ ਕਰਮਚਾਰੀਆਂ ਦੇ ਹੱਕਾਂ ਦੀ ਰਾਖੀ ਅਤੇ ਉਨ੍ਹਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਹ ਅੱਜ ਨਗਰ ਨਿਗਮ ਦੇ ਅਧਿਕਾਰੀਆਂ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਨਗਰ ਨਿਗਮ ਦੇ ਸਫਾਈ ਕਰਮਚਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਮੀਟਿੰਗ ਦਾ ਮੁੱਖ ਉਦੇਸ਼ ਸਫਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ, ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਨਾ ਅਤੇ ਸਰਕਾਰ ਦੀਆਂ ਨੀਤੀਆਂ ਸਬੰਧੀ ਵਿਚਾਰ-ਵਟਾਂਦਰਾ ਕਰਨਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਸਫਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਪੂਰੀ ਤਨਦੇਹੀ ਨਾਲ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਅਤੇ ਉਨ੍ਹਾਂ ਦੀ ਭਲਾਈ ਲਈ ਢੁੱਕਵੇਂ ਫੈਸਲੇ ਲੈਣ ਵਾਸਤੇ ਲਗਾਤਾਰ ਯਤਨ ਕੀਤੇ ਜਾਣਗੇ। ਸ੍ਰੀ ਗਰੇਵਾਲ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ। ਕਮਿਸ਼ਨ ਦਾ ਮੁੱਖ ਉਦੇਸ਼ ਰਾਜ ਦੇ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ।

ਮੀਟਿੰਗ ਦੌਰਾਨ ਸਫਾਈ ਕਰਮਚਾਰੀਆਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਆਪਣੀਆਂ ਵੱਖ-ਵੱਖ ਮੰਗਾਂ ਚੇਅਰਮੈਨ ਦੇ ਸਾਹਮਣੇ ਰੱਖੀਆਂ।

ਚੇਅਰਮੈਨ ਚੰਦਨ ਗਰੇਵਾਲ ਨੇ ਕਰਮਚਾਰੀਆਂ ਦੀਆਂ ਸਾਰੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਕਮਿਸ਼ਨ ਵੱਲੋਂ ਇਨ੍ਹਾਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਅਤੇ ਜਲਦ ਤੋਂ ਜਲਦ ਹੱਲ ਕਰਵਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਸਫਾਈ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਸ਼ਹਿਰ ਦੀ ਸਫਾਈ ਵਿਵਸਥਾ ਨੂੰ ਹੋਰ ਬਿਹਤਰ, ਸੁਚੱਜਾ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ। ਇਸ ਨਾਲ ਸ਼ਹਿਰ ਵਾਸੀਆਂ ਨੂੰ ਸਿਹਤਮੰਦ ਅਤੇ ਸਾਫ-ਸੁਥਰਾ ਮਾਹੌਲ ਮੁਹੱਈਆ ਕਰਵਾਉਣ ਵਿੱਚ ਵੀ ਮਦਦ ਮਿਲੇਗੀ।

ਇਸ ਮੌਕੇ ਮੇਅਰ ਨਗਰ ਨਿਗਮ ਕਮਿਸ਼ਨਰ ਨਗਰ ਨਿਗਮ ਪੂਜਾ ਸਿਆਲ, ਜੁਆਇੰਟ ਕਮਿਸ਼ਨਰ ਸਿਮਰਪ੍ਰੀਤ ਕੌਰ ਤੋਂ ਇਲਾਵਾ ਨਗਰ ਨਿਗਮ ਦੇ ਅਧਿਕਾਰੀ ਅਤੇ ਸਫਾਈ ਕਰਮਚਾਰੀ ਮਜੂਦ ਸਨ।

## ਡੀਜੀਪੀ ਪੰਜਾਬ ਵੱਲੋਂ ਸਮਾਰੋਹ ਵਾਲੇ ਪ੍ਰਮੁੱਖ ਸਥਾਨਾਂ 'ਤੇ ਮਜ਼ਬੂਤ ਸੁਰੱਖਿਆ ਵਿਵਸਥਾ ਲਾਗੂ ਕਰਨ ਦੇ ਨਿਰਦੇਸ਼



**ਪਟਿਆਲਾ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਆਗਾਮੀ ਆਜ਼ਾਦੀ ਦਿਵਸ-2026 ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਲਗਾਤਾਰ ਦੂਜੇ ਦਿਨ ਆਪਣੇ ਦੌਰੇ ਨੂੰ ਜਾਰੀ ਰੱਖਦਿਆਂ, ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਐਸਏਐਸ ਨਗਰ ਅਤੇ ਪਟਿਆਲਾ ਦਾ ਦੌਰਾ ਕੀਤਾ ਅਤੇ ਸੀਨੀਅਰ ਅਧਿਕਾਰੀਆਂ ਅਤੇ ਫੀਲਡ ਅਫਸਰਾਂ ਨਾਲ ਰੇਂਜ-ਪੱਧਰੀ ਕਾਨੂੰਨ-ਵਿਵਸਥਾ ਸਮੀਖਿਆ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ। ਡੀਜੀਪੀ ਨੇ ਸੂਬੇ ਭਰ ਵਿੱਚ ਖ਼ਤਰੇ ਦੀ ਸੰਭਾਵਨਾ, ਅੱਤਵਾਦ ਵਿਰੋਧੀ ਤਿਆਰੀਆਂ, ਆਜ਼ਾਦੀ ਦਿਵਸ ਨਾਲ ਸਬੰਧਤ ਜਸ਼ਨ ਵਾਲੇ ਸਥਾਨਾਂ 'ਤੇ ਸੁਰੱਖਿਆ ਅਤੇ ਸ਼ਾਂਤੀ ਤੇ ਸਦਭਾਵਨਾ ਨੂੰ ਬਰਕਰਾਰ ਰੱਖਣ 'ਤੇ ਜ਼ੋਰ ਦਿੰਦਿਆਂ ਅਮਲੀ ਨਿਰਦੇਸ਼ ਜਾਰੀ ਕੀਤੇ। ਐਸਏਐਸ ਨਗਰ ਵਿੱਚ ਆਪਣੇ ਦੂਜੇ ਦਿਨ ਦੇ ਦੌਰੇ ਦੀ ਸ਼ੁਰੂਆਤ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਰੂਪਨਗਰ ਰੇਂਜ ਦੇ ਅਧਿਕਾਰੀਆਂ ਨਾਲ ਵਿਆਪਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਰੇਂਜ ਵਿੱਚ ਐਸਏਐਸ ਨਗਰ, ਰੂਪਨਗਰ ਅਤੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਸ਼ਾਮਲ ਹਨ। ਮੀਟਿੰਗ ਦੌਰਾਨ, ਉਨ੍ਹਾਂ ਨੇ ਅਧਿਕਾਰੀਆਂ ਨੂੰ ਨਜ਼ਦੀਕੀ ਤਾਲਮੇਲ ਬਣਾਈ ਰੱਖਣ, ਪੁਲਿਸ ਦੀ ਬਿਹਤਰ ਮੌਜੂਦਗੀ ਨੂੰ ਯਕੀਨੀ ਬਣਾਉਣ ਅਤੇ ਕਿਸੇ ਵੀ ਉੱਭਰ ਰਹੀ ਚੁਣੌਤੀ ਦਾ ਤੁਰੰਤ ਅਤੇ ਫੈਸਲਾਕੁੰਨ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।

ਪੁਲਿਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਦਿਆਂ, ਉਨ੍ਹਾਂ ਨੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਦੇ ਸੁਝਾਅ ਸੁਣੇ ਅਤੇ ਉਨ੍ਹਾਂ ਨੂੰ ਸੁਚੇਤ ਅਤੇ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਰਹਿਣ ਲਈ ਉਤਸ਼ਾਹਿਤ ਕੀਤਾ। ਐਸਏਐਸ ਨਗਰ ਦੌਰੇ ਤੋਂ ਬਾਅਦ, ਡੀਜੀਪੀ ਨੇ ਪਟਿਆਲਾ ਵਿਖੇ ਪਟਿਆਲਾ ਰੇਂਜ ਦੇ ਅਧਿਕਾਰੀਆਂ ਨਾਲ ਵਿਆਪਕ ਸੁਰੱਖਿਆ ਸਮੀਖਿਆ ਮੀਟਿੰਗ ਕੀਤੀ। ਇਸ ਰੇਂਜ ਵਿੱਚ ਪਟਿਆਲਾ, ਸੰਗਰੂਰ, ਬਰਨਾਲਾ ਅਤੇ ਮਾਲੇਰਕੋਟਲਾ ਜ਼ਿਲ੍ਹੇ ਸ਼ਾਮਲ ਹਨ। ਇਹਨਾਂ ਮੀਟਿੰਗਾਂ ਦੌਰਾਨ ਸਮਾਰੋਹ ਵਾਲੇ ਪ੍ਰਮੁੱਖ ਸਥਾਨਾਂ 'ਤੇ ਮਜ਼ਬੂਤ ਸੁਰੱਖਿਆ ਵਿਵਸਥਾ ਲਾਗੂ ਕਰਨ ਅਤੇ ਸਰਗਰਮ ਭਾਈਚਾਰਕ ਸ਼ਮੂਲੀਅਤ ਯਕੀਨੀ ਬਣਾਉਣ ਸਬੰਧੀ ਚਰਚਾ ਕੀਤੀ ਗਈ। ਐਸਐਚਓਜ਼ ਅਤੇ ਫੀਲਡ ਅਫਸਰਾਂ ਨਾਲ ਗੱਲਬਾਤ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਉਨ੍ਹਾਂ ਨੂੰ ਚੌਕਸੀ ਬਣਾਈ ਰੱਖਣ, ਭਾਈਚਾਰਕ ਪਹੁੰਚ ਨੂੰ ਮਜ਼ਬੂਤ ਕਰਨ ਅਤੇ ਅਗਵਾਈ ਕਰਨ ਲਈ ਉਤਸ਼ਾਹਿਤ ਕੀਤਾ। ਸਮੀਖਿਆ ਮੀਟਿੰਗਾਂ ਵਿੱਚ ਡੀਆਈਜੀ ਪਟਿਆਲਾ ਰੇਂਜ ਕੁਲਦੀਪ ਚਾਹਲ, ਡੀਆਈਜੀ ਰੂਪਨਗਰ ਰੇਂਜ ਨਾਨਕ ਸਿੰਘ, ਐਸਐਸਪੀ ਪਟਿਆਲਾ ਵਰੁਣ ਸ਼ਰਮਾ, ਐਸਐਸਪੀ ਸੰਗਰੂਰ ਡਾ. ਰਵਜੋਤ ਗਰੇਵਾਲ, ਐਸਐਸਪੀ ਐਸਏਐਸ ਨਗਰ ਹਰਮਨਦੀਪ ਹੰਸ, ਐਸਐਸਪੀ ਫਤਿਹਗੜ੍ਹ ਸਾਹਿਬ ਸ਼ੁਭਮ ਅਗਰਵਾਲ, ਐਸਐਸਪੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ, ਐਸਐਸਪੀ ਰੂਪਨਗਰ ਮਨਿੰਦਰ ਸਿੰਘ ਅਤੇ ਐਸਐਸਪੀ ਮਾਲੇਰਕੋਟਲਾ ਗੁਰਮੀਤ ਸਿੰਘ ਸਮੇਤ ਮੁੱਖ ਅਧਿਕਾਰੀਆਂ ਹਾਜ਼ਰ ਸਨ।

## ਲਾਲ ਚੰਦ ਕਟਾਰੂਚੱਕ ਦਾ ਐਲਾਨ : ਪੰਜਾਬ 'ਚ 760.30 ਕਰੋੜ ਦਾ ਜੈਵ ਵਿਭਿੰਨਤਾ ਤੇ ਕੁਦਰਤੀ ਸਰੋਤ ਸੰਭਾਲ ਪ੍ਰੋਜੈਕਟ ਜਾਪਾਨੀ ਕੌਮਾਂਤਰੀ ਸਹਿਯੋਗ ਏਜੰਸੀ 'ਜੀਕਾ' ਦੇ ਸਹਿਯੋਗ ਨਾਲ ਲਾਗੂ ਹੋਵੇਗਾ



**ਚੰਡੀਗੜ੍ਹ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੂਬੇ ਵਿੱਚ ਐਗਰੋਫਾਰੈਸਟਰੀ ਰਾਹੀਂ ਰੁੱਖਾਂ ਹੇਠ ਰਕਬਾ ਵਧਾਉਣਾ, ਕੁਦਰਤੀ ਸਰੋਤਾਂ ਦੀ ਸੰਭਾਲ ਕਰਨਾ ਅਤੇ ਜੈਵ ਵਿਭਿੰਨਤਾ ਨੂੰ ਸੁਰੱਖਿਅਤ ਕਰਨ ਦੇ ਨਾਲ-ਨਾਲ ਇਸ ਵਿੱਚ ਵਾਧਾ ਕਰਨਾ ਸੂਬਾ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਿਲ ਹੈ। ਇਨ੍ਹਾਂ ਉਦੇਸ਼ਾਂ ਨੂੰ ਪੂਰਾ ਕਰਨ ਲਈ ਪੰਜਾਬ ਵਣ ਵਿਭਾਗ ਵੱਲੋਂ ਜਾਪਾਨ ਕੌਮਾਂਤਰੀ ਸਹਿਯੋਗ ਏਜੰਸੀ ('ਜੀਕਾ') ਨਾਲ ਸਹਿਯੋਗ ਲਈ ਪਹੁੰਚ ਕੀਤੀ ਗਈ ਹੈ।

'ਜੀਕਾ' ਦੀ ਸਹਾਇਤਾ ਨਾਲ ਸੂਬੇ ਵਿੱਚ ਪੰਜਾਬ ਜੈਵ ਵਿਭਿੰਨਤਾ ਤੇ ਕੁਦਰਤੀ ਸਰੋਤ ਸੰਭਾਲ ਪ੍ਰੋਜੈਕਟ ਲਾਗੂ ਕਰਨ ਦੀ ਤਜਵੀਜ਼ ਹੈ, ਇਹ ਜਾਣਕਾਰੀ ਦਿੰਦੇ ਹੋਏ ਇੱਥੇ ਇੱਕ ਮੀਟਿੰਗ ਵਿੱਚ ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਐਗਰੋਫਾਰੈਸਟਰੀ ਨੂੰ ਉਤਸ਼ਾਹਿਤ ਕਰਨਾ, ਕੁਦਰਤੀ ਸਰੋਤਾਂ ਦੀ ਸੰਭਾਲ, ਜੈਵ ਵਿਭਿੰਨਤਾ ਦੀ ਸੁਰੱਖਿਆ, ਧਰਤੀ ਹੇਠ ਪਾਣੀ ਨੂੰ ਬਚਾਉਣਾ, ਸ਼ਿਵਾਲਿਕ ਖੇਤਰ ਵਿੱਚ ਏਕੀਕ੍ਰਿਤ ਵਾਟਰਸ਼ੈਡ ਪ੍ਰਬੰਧਨ ਕਰਨਾ ਹੈ। ਇਸ ਤੋਂ ਬਿਨਾਂ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਾ ਅਤੇ ਪਰਾਲੀ ਨਾਲ ਹੋ ਰਹੇ ਵਾਯੂ ਪ੍ਰਦੂਸ਼ਣ ਨੂੰ ਰੋਕਣਾ ਅਤੇ ਪੇਂਡੂ ਭਾਈਚਾਰਿਆਂ ਦੀ ਆਮਦਨ ਵਿੱਚ ਵਾਧਾ ਕਰਨਾ ਵੀ ਅਹਿਮ ਪੱਖ ਹਨ।

ਇਸ ਪ੍ਰੋਜੈਕਟ ਦਾ ਇੱਕ ਉਦੇਸ਼ ਈਕੋਟੂਰਿਜ਼ਮ ਨੂੰ ਹੱਲਾਸ਼ੇਰੀ ਦੇਣਾ ਵੀ ਹੈ ਤਾਂ ਜੋ ਸਥਾਨਕ ਆਰਥਿਕਤਾ ਨੂੰ ਹੁਲਾਰਾ ਮਿਲ ਸਕੇ। ਇਸ ਤੋਂ ਇਲਾਵਾ ਜੈਵਿਕ ਵਿਭਿੰਨਤਾ ਦੀ ਸੰਭਾਲ ਅਤੇ ਰਾਜ ਦੇ ਵੈਟਲੈਂਡਜ਼ ਵਿੱਚ ਸੁਧਾਰ ਕਰਨਾ ਵੀ ਇਸ ਪ੍ਰੋਜੈਕਟ ਦਾ ਬੇਹੱਦ ਅਹਿਮ ਹਿੱਸਾ ਹੈ।

ਇਸ ਮੰਤਵ ਲਈ ਵਾਤਾਵਰਨ ਅਤੇ ਵਣਾਂ ਦੀ ਸਾਂਭ ਸੰਭਾਲ ਦੇ ਨਾਲ ਲੋਕਾਂ ਦੀ ਆਮਦਨ ਲਈ ਖੇਤੀਬਾੜੀ ਤੋਂ ਇਲਾਵਾ ਪਸ਼ੂ ਪਾਲਣ ਨੂੰ ਵਿਕਸਿਤ ਕੀਤਾ ਜਾਵੇਗਾ।

ਸ੍ਰੀ ਕਟਾਰੂਚੱਕ ਨੇ ਇਹ ਵੀ ਕਿਹਾ ਕਿ ਇਸ ਪ੍ਰੋਜੈਕਟ ਦੀ ਕੁੱਲ ਅਨੁਮਾਨਿਤ ਲਾਗਤ 760.30 ਕਰੋੜ ਰੁਪਏ ਹੈ, ਜਿਸ ਵਿੱਚ 85:15 ਦੇ ਅਨੁਪਾਤ ਅਨੁਸਾਰ ਵਿੱਤੀ ਹਿੱਸੇਦਾਰੀ ਹੈ। ਪ੍ਰੋਜੈਕਟ ਨੂੰ 8 ਸਾਲਾਂ ਦੀ ਮਿਆਦ ਦੌਰਾਨ ਲਾਗੂ ਕਰਨ ਦੀ ਤਜਵੀਜ਼ ਹੈ ਅਤੇ ਇਸ ਨੂੰ ਸੋਸਾਇਟੀ ਮੋਡ ਰਾਹੀਂ ਲਾਗੂ ਕੀਤਾ ਜਾਣਾ ਹੈ।

ਪੰਜਾਬ ਮੰਤਰੀ ਮੰਡਲ ਵੱਲੋਂ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਪਹਿਲਾਂ ਹੀ ਮਨਜ਼ੂਰੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ, ਪ੍ਰੋਜੈਕਟ ਲਈ ਲੋਨ ਐਗਰੀਮੈਂਟ ਉੱਤੇ 'ਜੀਕਾ' ਅਤੇ ਭਾਰਤ ਸਰਕਾਰ ਦੇ ਵਿੱਤ ਮੰਤਰਾਲੇ ਅਧੀਨ ਆਉਂਦੇ ਆਰਥਿਕ ਮਾਮਲੇ ਵਿਭਾਗ ਵਿਚਕਾਰ ਦਸਤਖ਼ਤ ਵੀ ਕੀਤੇ ਜਾ ਚੁੱਕੇ ਹਨ। ਪੰਜਾਬ ਸਰਕਾਰ ਵੱਲੋਂ ਇਸ ਪ੍ਰੋਜੈਕਟ ਦੇ ਪ੍ਰਭਾਵਸ਼ਾਲੀ ਸੰਚਾਲਨ ਅਤੇ ਲਾਗੂਕਰਨ ਲਈ ਪੰਜਾਬ ਜੈਵ ਵਿਭਿੰਨਤਾ ਤੇ ਕੁਦਰਤੀ ਸਰੋਤ ਸੰਭਾਲ ਸੋਸਾਇਟੀ ਦੇ ਗਠਨ ਨੂੰ ਵੀ ਮਨਜ਼ੂਰੀ ਪ੍ਰਦਾਨ ਕੀਤੀ ਜਾ ਚੁੱਕੀ ਹੈ।

ਇਹ ਪ੍ਰੋਜੈਕਟ ਪੰਜਾਬ ਵਿੱਚ ਟਿਕਾਊ ਕੁਦਰਤੀ ਸਰੋਤ ਪ੍ਰਬੰਧਨ, ਵਾਤਾਵਰਨ ਸੰਭਾਲ, ਜੈਵ ਵਿਭਿੰਨਤਾ ਦੀ ਸੁਰੱਖਿਆ ਅਤੇ ਕਿਸਾਨਾਂ ਅਤੇ ਸਥਾਨਕ ਭਾਈਚਾਰਿਆਂ ਦੀ ਆਮਦਨ ਵਿੱਚ ਵਾਧੇ ਵੱਲ ਇੱਕ ਮਹੱਤਵਪੂਰਨ ਕਦਮ ਸਾਬਿਤ ਹੋਵੇਗਾ।

ਇਸ ਮੌਕੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਸਕੱਤਰ ਕਮਲ ਕਿਸ਼ੋਰ ਯਾਦਵ, ਪ੍ਰਮੁੱਖ ਮੁੱਖ ਵਣਪਾਲ (ਜੰਗਲਾਤ ਬਲ ਦੇ ਮੁਖੀ) ਧਰਮਿੰਦਰ ਸ਼ਰਮਾ, ਸੌਰਵ ਗੁਪਤਾ ਪੀਸੀਸੀਐਫ ਚੀਫ ਪ੍ਰੋਜੈਕਟ ਡਾਇਰੈਕਟਰ, ਮੁੱਖ ਜੰਗਲੀ ਜੀਵ ਵਾਰਡਨ ਬਸੰਤਾ ਰਾਜ ਕੁਮਾਰ, ਮੁੱਖ ਵਣਪਾਲ (ਪਲੇਨਜ਼) ਨਿਧੀ ਸ਼੍ਰੀਵਾਸਤਵ, ਮੁੱਖ ਵਣਪਾਲ (ਜੰਗਲੀ ਜੀਵ) ਸਤਿੰਦਰ ਸਾਗਰ ਤੇ ਹੋਰ ਅਧਿਕਾਰੀ ਵੀ ਹਾਜ਼ਿਰ ਸਨ।

## ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਬੁੜੇਮਾਜਰਾ ਤੇ ਮੀਰਾਂਪੁਰ 'ਚ ਵਿਕਾਸ ਕਾਰਜਾਂ ਦੇ ਉਦਘਾਟਨ



**ਸਨੌਰ,12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਬੁੜੇਮਾਜਰਾ ਅਤੇ ਮੀਰਾਂਪੁਰ ਵਿਖੇ ਵੱਖ-ਵੱਖ ਨਵੇਂ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨਾਲ ਉਚੇਚੇ ਤੌਰ 'ਤੇ ਮੁਲਾਕਾਤ ਕੀਤੀ ਅਤੇ ਮਾਨ ਸਰਕਾਰ ਵੱਲੋਂ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਕਰਵਾਏ ਜਾ ਰਹੇ ਇਤਿਹਾਸਕ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ, ਪਰਮਪਾਲ ਸਿੰਘ ਬਲਾਕ ਇੰਚਾਰਜ, ਕੁਲਬੀਰ ਸਿੰਘ ਸਰਪੰਚ, ਖੁਸ਼ਪਿੰਦਰ ਕੌਰ ਸਰਪੰਚ, ਲਖਵੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਗੁਰਜੀਤ ਨਿਜਾਮਪੁਰ ਸਰਪੰਚ, ਗੁਰਿੰਦਰ ਅਦਾਲਤੀਵਾਲਾ ਮੈਂਬਰ ਬਲਾਕ ਸੰਮਤੀ, ਭੁਪਿੰਦਰ ਸਿੰਘ ਪ੍ਰਧਾਨ, ਅਮਨਦੀਪ ਸਿੰਘ ਆਪ ਆਗੂ ਤੋਂ ਇਲਾਵਾ 'ਆਪ' ਦੇ ਸੀਨੀਅਰ ਆਗੂ, ਸਥਾਨਕ ਸਰਪੰਚ-ਪੰਚ, ਪਾਰਟੀ ਵਰਕਰ ਅਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਇਸ ਦੌਰਾਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਬਦੌਲਤ ਜਨਤਾ ਦਾ 'ਆਪ' 'ਤੇ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਸਾਡਾ ਮੁੱਖ ਟੀਚਾ ਹਲਕਾ ਸਨੌਰ ਦੇ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨਾ ਹੈ ਅਤੇ ਲੋਕਾਂ ਵੱਲੋਂ ਮਿਲ ਰਿਹਾ ਇਹ ਅਥਾਹ ਸਹਿਯੋਗ 2027 ਦੀ ਜਿੱਤ ਦਾ ਹੁਣ ਤੋਂ ਜਿੱਤ ਦਾ ਫਤਵਾ ਦੇ ਰਹੀ ਹੈ। ਰਣਜੋਧ ਸਿੰਘ ਹਡਾਣਾ ਨੇ ਅੱਗੇ ਆਖਿਆ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸਰਕਾਰ ਦਾ ਮਨੋਰਥ ਹਰ ਘਰ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ ਅਤੇ ਅਸੀਂ ਹਲਕੇ ਦੇ ਵਿਕਾਸ ਨਾਲ ਜੁੜੇ ਹਰੇਕ ਵਾਅਦੇ ਨੂੰ ਪਾਰਦਰਸ਼ੀ ਤਰੀਕੇ ਨਾਲ ਪੂਰਾ ਕਰਨ ਲਈ ਵਚਨਬੱਧ ਹਾਂ।

## ਘੱਗਾ ਦੇ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਦਾ ਹੱਲ ਨਾ ਹੋਇਆ ਤਾਂ 13 ਅਗਸਤ ਤੋਂ ਐਸ.ਡੀ.ਐਮ. ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਦਾ ਧਰਨ



**ਸਮਾਣਾ 12 ਅਗਸਤ**
**-ਜਗਦੇਵ ਸਿੰਘ ਜੱਗੀ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਘੱਗਾ ਵਿੱਚ ਪਿਛਲੇ ਲੰਮੇ ਸਮੇਂ ਤੋਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ ਪਰਿਵਾਰ ਆਪਣੇ ਘਰਾਂ ਅਤੇ ਬੁਨਿਆਦੀ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਨ੍ਹਾਂ ਪਰਿਵਾਰਾਂ ਦੀ ਮੁੱਖ ਮੰਗ ਹੈ ਕਿ ਉਨ੍ਹਾਂ ਨੂੰ ਘਰ ਬਣਾਉਣ ਲਈ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦਿੱਤਾ ਜਾਵੇ।

ਨੌਜਵਾਨ ਭਾਰਤ ਸਭਾ ਦੇ ਜਿਲ੍ਹਾ ਆਗੂ ਗੁਰਦੀਪ ਕਲਵਾਨੂੰ ਅਤੇ ਰਾਹੁਲ ਘੱਗਾ ਨੇ ਕਿਹਾ ਕਿ ਮਜ਼ਦੂਰ ਪਰਿਵਾਰ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਸ਼ਾਸਨ ਅਤੇ ਸਰਕਾਰ ਦੇ ਧਿਆਨ ਵਿੱਚ ਮਸਲਾ ਲਿਆਉਂਦੇ ਆ ਰਹੇ ਹਨ। ਇਸ ਦੇ ਬਾਵਜੂਦ ਅਜੇ ਤੱਕ ਇਨ੍ਹਾਂ ਪਰਿਵਾਰਾਂ ਦੀਆਂ ਮੰਗਾਂ ਦਾ ਕੋਈ ਪੱਕਾ ਅਤੇ ਠੋਸ ਹੱਲ ਨਹੀਂ ਕੀਤਾ ਗਿਆ । ਮਜ਼ਦੂਰ ਪਰਿਵਾਰਾਂ ਨੂੰ ਬੁਨਿਆਦੀ ਸਹੂਲਤਾਂ ਅਤੇ ਪੱਕੀ ਰਿਹਾਇਸ਼ ਦੇਣ ਦੀ ਬਜਾਏ ਉਨ੍ਹਾਂ ਨੂੰ ਲੰਮੇ ਸਮੇਂ ਤੋਂ ਅਣਦੇਖਾ ਕੀਤਾ ਜਾ ਰਿਹਾ ਹੈ। ਮਜ਼ਦੂਰ ਪਰਿਵਾਰਾਂ ਦਾ ਕਹਿਣਾ ਹੈ ਕਿ ਉਹ ਆਪਣੀ ਜ਼ਿੰਦਗੀ ਦਾ ਲੰਮਾ ਸਮਾਂ ਇਨ੍ਹਾਂ ਝੁੱਗੀਆਂ ਵਿੱਚ ਗੁਜ਼ਾਰ ਚੁੱਕੇ ਹਨ ਅਤੇ ਹੁਣ ਉਹ ਆਪਣੇ ਪਰਿਵਾਰਾਂ ਲਈ ਸੁਰੱਖਿਅਤ ਘਰ ਦੀ ਮੰਗ ਕਰ ਰਹੇ ਹਨ।

ਇਸੇ ਦੇ ਚਲਦਿਆਂ ਨੌਜਵਾਨ ਭਾਰਤ ਸਭਾ ਦੇ ਆਗੂ ਗੁਰਦੀਪ ਅਜ਼ਾਦ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜੇਕਰ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਗਿਆ ਤਾਂ 13 ਅਗਸਤ ਤੋਂ ਐਸ.ਡੀ.ਐਮ. ਦਫ਼ਤਰ ਪਾਤੜਾਂ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ।

ਨੌਜਵਾਨ ਭਾਰਤ ਸਭਾ ਦੇ ਆਗੂਆਂ ਨੇ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ ਨੂੰ ਤੁਰੰਤ ਪ੍ਰਵਾਨ ਕਰਕੇ ਮਸਲੇ ਦਾ ਪੱਕਾ ਹੱਲ ਕੀਤਾ ਜਾਵੇ। ਇਸ ਮੀਟਿੰਗ ਵਿਚ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ, ਨੌਜਵਾਨ ਆਗੂ ਜਸਵੀਰ ਘੱਗਾ, ਖਿੜਕੀ ਪ੍ਰਧਾਨ, ਬਿੱਟੂ ਤੋਂ ਇਲਾਵਾ ਵੱਡੀ ਗਿਣਤੀ ਵਿਚ ਨੌਜਵਾਨ ਤੇ ਮਜਦੂਰ ਸ਼ਾਮਲ ਹੋਏ।

## ਸੇਪੀਅਨਜ਼ ਸਿਲੇਸਟੀਆ 2026 - 'ਰਨਵੇਅ ਆਫ਼ ਡ੍ਰੀਮਜ਼' ਨੇ ਬੱਚਿਆਂ ਲਈ ਵੱਖ-ਵੱਖ ਸ਼੍ਰੇਣੀਆਂ ਦੇ ਮੁਕਾਬਲੇ ਕਰਵਾਏ

**ਚੰਡੀਗੜ੍ਹ 12 ਅਗਸਤ**
**-ਛਤਰਪਾਲ ਸਿੰਘ-**

ਪਟਿਆਲਾ ਵਿਖੇ ਬੱਚਿਆਂ ਦੀ ਪ੍ਰਤਿਭਾ, ਰਚਨਾਤਮਕ ਹੁਨਰ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕਰਨ ਲਈ ਇੱਕ ਰੰਗਾ-ਰੰਗ ਅਤੇ ਪ੍ਰੇਰਨਾਦਾਇਕ ਸਮਾਗਮ 'ਸੇਪੀਅਨਜ਼ ਸਿਲੇਸਟੀਆ 2026 - ਰਨਵੇਅ ਆਫ਼ ਡ੍ਰੀਮਜ਼÷ ਕਰਵਾਇਆ ਗਿਆ, ਜਿਸ ਵਿੱਚ ਸ਼ਹਿਰ ਭਰ ਦੇ ਬੱਚਿਆਂ ਨੇ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ।

'ਲਿਟਲ ਸੇਪੀਅਨਜ਼' ਅਤੇ 'ਸੇਪੀਅਨਜ਼ ਕਿੰਡਰਗਾਰਟਨ', ਪਟਿਆਲਾ ਵੱਲੋਂ ਮਹਾਰਾਣੀ ਕਲੱਬ, ਪਟਿਆਲਾ ਵਿਖੇ ਕਰਵਾਏ ਗਏ ਇਸ ਸਮਾਗਮ ਨੇ ਬੱਚਿਆਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਤੋਂ ਬਾਹਰ ਨਿਕਲ ਕੇ ਵਿਭਿੰਨ ਗਤੀਵਿਧੀਆਂ ਅਤੇ ਮੁਕਾਬਲਿਆਂ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਬਹਿਤਰੀਨ ਮੰਚ ਮੁਹੱਈਆ ਕਰਵਾਇਆ।

ਇਸ ਸਮਾਗਮ ਵਿੱਚ ਸਿੰਗਿੰਗ, ਡਾਂਸ, ਕਵਿਤਾ ਉਚਾਰਨ, ਪੇਂਟਿੰਗ, ਡਰਾਇੰਗ, ਕਲੇਅ ਮਾਡਲਿੰਗ, ਕੈਲੀਗ੍ਰਾਫ਼ੀ, ਫੈਂਸੀ ਡਰੈੱਸ, ਮਾਡਲਿੰਗ, ਸੰਗੀਤਕ ਸਾਜ਼ ਵਜਾਉਣਾ, ਅਬੈਕਸ, ਵੈਦਿਕ ਮੈਥਸ ਅਤੇ ਰੂਬਿਕਸ ਕਿਊਬ ਵਰਗੀਆਂ ਕਈ ਸ਼੍ਰੇਣੀਆਂ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਨਾ ਕੇਵਲ ਆਪਣੀ ਪ੍ਰਤਿਭਾ, ਸਗੋਂ ਆਪਣੇ ਦ੍ਰਿੜ ਇਰਾਦੇ, ਕਲਪਨਾ ਸ਼ਕਤੀ ਅਤੇ ਆਤਮ-ਵਿਸ਼ਵਾਸ ਦੀ ਸ਼ਾਨਦਾਰ



ਮਿਸਾਲ ਪੇਸ਼ ਕੀਤੀ।

ਦਿਨ ਭਰ ਚੱਲੇ ਇਸ ਸਮਾਗਮ ਵਾਲੀ ਥਾਂ 'ਤੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ, ਜਿੱਥੇ ਬੱਚਿਆਂ ਪ੍ਰਤੀਯੋਗੀਆਂ ਨੇ ਜੱਜਾਂ, ਮਾਪਿਆਂ ਅਤੇ ਆਪਣੇ ਸਾਥੀਆਂ ਸਾਹਮਣੇ ਮੰਚ 'ਤੇ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ। ਹਰ ਪੇਸ਼ਕਾਰੀ ਬੱਚਿਆਂ ਦੀ ਸਖ਼ਤ ਮਿਹਨਤ, ਤਿਆਰੀ ਅਤੇ ਜਜ਼ਬੇ ਨੂੰ ਦਰਸਾਉਂਦੀ ਸੀ। ਸਮਾਗਮ ਵਿੱਚ ਮੌਜੂਦ ਹਰ ਇੱਕ ਨੇ ਤਾੜੀਆਂ ਮਾਰ ਕੇ ਬੱਚਿਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ।

ਇਹ ਮਹਿਜ਼ ਇੱਕ ਮੁਕਾਬਲਾ ਨਹੀਂ ਸੀ, 'ਸੇਪੀਅਨਜ਼ ਸਿਲੇਸਟੀਆ' ਦਾ ਮੁੱਖ ਉਦੇਸ਼ ਬੱਚਿਆਂ ਲਈ ਸਿੱਖਣ ਅਤੇ ਆਤਮ-ਵਿਸ਼ਵਾਸ ਵਧਾਉਣ ਦਾ ਅਨੁਭਵ ਪ੍ਰਦਾਨ ਕਰਨਾ ਸੀ। ਇਸ ਨੇ ਬੱਚਿਆਂ ਨੂੰ ਸਟੇਜ 'ਤੇ ਪ੍ਰਦਰਸ਼ਨ ਕਰਨ ਦੇ ਡਰ ਉੱਪਰ ਕਾਬੂ ਪਾਉਣਾ, ਇੱਕ-ਦੂਜੇ ਨਾਲ ਗੱਲਬਾਤ ਕਰਨ, ਆਪਣੀਆਂ ਰੁਚੀਆਂ ਦੀ ਪਛਾਣ ਕਰਨ ਅਤੇ ਆਪਣੀਆਂ ਸ਼ਕਤੀਆਂ ਨੂੰ ਉਜਾਗਰ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਨੇ ਬੱਚਿਆਂ ਨੂੰ ਇੱਕ ਸਹਿਯੋਗੀ ਮਾਹੌਲ ਵਿੱਚ ਆਪਣੇ ਆਪ ਨੂੰ ਪ੍ਰਗਟ ਕਰਨ ਦੇ ਮਹੱਤਵ ਨੂੰ ਵੀ ਰੇਖਾਂਕਿਤ ਕੀਤਾ।

ਪ੍ਰਬੰਧਕਾਂ ਨੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਹਰ ਬੱਚੇ ਵਿੱਚ ਵਿਲੱਖਣ ਯੋਗਤਾਵਾਂ ਹੁੰਦੀਆਂ ਹਨ ਅਤੇ ਉਹ ਇੱਕ ਅਜਿਹੇ ਮੰਚ ਦੇ ਹੱਕਦਾਰ ਹੈ ਜਿੱਥੇ ਉਨ੍ਹਾਂ ਦੀ ਪ੍ਰਤਿਭਾ ਦੀ ਪਛਾਣ ਅਤੇ ਸ਼ਲਾਘਾ ਕੀਤੀ ਜਾ ਸਕੇ। ਉਨ੍ਹਾਂ ਜ਼ੋਰ ਦਿੱਤਾ ਕਿ ਅਜਿਹੇ ਸਮਾਗਮ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਗੱਲਬਾਤ ਦਾ ਢੰਗ, ਰਚਨਾਤਮਕਤਾ ਅਤੇ ਸਿੱਖਣ ਪ੍ਰਤੀ ਸਕਾਰਾਤਮਕ ਰਵੱਈਆ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ। ਅਜਿਹੇ ਸਮਾਗਮਾਂ ਵਿੱਚ ਹਿੱਸਾ ਲੈਣਾ ਹੀ ਆਪਣੇ ਆਪ ਵਿੱਚ ਇੱਕ ਪ੍ਰਾਪਤੀ ਹੁੰਦਾ ਹੈ, ਜੋ ਇਸ ਵਿਚਾਰ ਨੂੰ ਮਜ਼ਬੂਤ ਕਰਦਾ ਹੈ ਕਿ ਜਿੱਤਣ ਦੇ ਨਾਲ-ਨਾਲ ਸ਼ਖ਼ਸੀਅਤ ਦਾ ਵਿਕਾਸ ਅਤੇ ਸਵੈ-ਪ੍ਰਗਟਾਵਾ ਵੀ ਓਨਾ ਹੀ ਮਹੱਤਵਪੂਰਨ ਹੈ।

ਮਾਪਿਆਂ ਨੇ ਵੀ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ 'ਸੇਪੀਅਨਜ਼ ਸਿਲੇਸਟੀਆ' ਵਰਗੇ ਮੰਚ ਬੱਚਿਆਂ ਨੂੰ ਛੋਟੀ ਉਮਰ ਵਿੱਚ ਹੀ ਬਿਹਤਰ ਮੌਕੇ ਦੇ ਕੇ ਉਨ੍ਹਾਂ ਦੇ ਸਵੈ-ਵਿਸ਼ਵਾਸ ਨੂੰ ਵਧਾਉਂਦੇ ਹਨ। ਮਾਪਿਆਂ ਨੇ ਆਪਣੇ ਬੱਚਿਆਂ ਨੂੰ ਮੰਚ 'ਤੇ ਪੂਰੇ ਵਿਸ਼ਵਾਸ ਨਾਲ ਪ੍ਰਦਰਸ਼ਨ ਕਰਦੇ ਅਤੇ ਆਪਣੇ ਸਾਥੀਆਂ ਨਾਲ ਅਨੰਦ ਲੈਂਦੇ ਦੇਖ ਕੇ ਬੇਹੱਦ ਖ਼ੁਸ਼ੀ ਪ੍ਰਗਟਾਈ।

ਸਮਾਗਮ ਦਾ ਸਮਾਪਤੀ ਸਰਟੀਫਿਕੇਟ ਅਤੇ ਇਨਾਮ ਵੰਡ ਸਮਾਰੋਹ ਨਾਲ ਹੋਇਆ, ਜਿਸ ਵਿੱਚ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਵੱਖ-ਵੱਖ ਸ਼੍ਰੇਣੀਆਂ ਦੇ ਪ੍ਰਤੀਯੋਗੀਆਂ ਨੂੰ ਸਨਮਾਨਿਤ ਕੀਤਾ ਗਿਆ। ਹੱਸਦੇ ਚਿਹਰਿਆਂ, ਖ਼ੁਸ਼ੀ ਨਾਲ ਭਰੇ ਮਾਪਿਆਂ ਅਤੇ ਉਤਸ਼ਾਹੀ ਬੱਚਿਆਂ ਨੇ ਸਮਾਪਤੀ ਦੇ ਪਲਾਂ ਨੂੰ ਹੋਰ ਯਾਦਗਾਰੀ ਬਣਾ ਦਿੱਤਾ।

'ਸੇਪੀਅਨਜ਼ ਸਿਲੇਸਟੀਆ' ਵਰਗੀਆਂ ਪਹਿਲਕਦਮੀਆਂ ਰਾਹੀਂ 'ਲਿਟਲ ਸੇਪੀਅਨਜ਼' ਅਤੇ 'ਸੇਪੀਅਨਜ਼ ਕਿੰਡਰਗਾਰਟਨ', ਪਟਿਆਲਾ ਸਿੱਖਿਆ ਨੂੰ ਰਚਨਾਤਮਕਤਾ, ਭਾਗੀਦਾਰੀ ਅਤੇ ਅਨੁਭਵੀ ਤਜ਼ਰਬੇ ਨਾਲ ਜੋੜ ਕੇ ਬੱਚਿਆਂ ਦੇ ਸਰਬਪੱਖੀ ਵਿਕਾਸ ਨੂੰ ਲਗਾਤਾਰ ਉਤਸ਼ਾਹਿਤ ਕਰ ਰਹੇ ਹਨ।

ਸੇਪੀਅਨਜ਼ ਸਿਲੇਸਟੀਆ 2026 - ÷ਰਨਵੇਅ ਆਫ਼ ਡ੍ਰੀਮਜ਼÷ ਸਿਰਫ਼ ਇੱਕ ਟੈਲੇਂਟ ਹੰਟ ਨਹੀਂ ਸੀ, ਸਗੋਂ ਇਹ ਬਚਪਨ, ਕਲਪਨਾ ਸ਼ਕਤੀ ਅਤੇ ਆਤਮ-ਵਿਸ਼ਵਾਸ ਦੇ ਪਲਾਂ ਦਾ ਇੱਕ ਸ਼ਾਨਦਾਰ ਜਸ਼ਨ ਸੀ। ਇਸ ਸਮਾਗਮ ਨੇ ਬੱਚਿਆਂ ਅਤੇ ਪਰਿਵਾਰਾਂ ਲਈ ਅਮਿੱਟ ਯਾਦਾਂ ਸਿਰਜਦਿਆਂ ਸਿੱਖਿਆਰਥੀਆਂ ਨੂੰ ਅੱਗੇ ਵਧਣ, ਸ਼ਾਨਦਾਰ ਪ੍ਰਦਰਸ਼ਨ ਅਤੇ ਪ੍ਰਾਪਤੀਆਂ ਕਰਨ ਦੇ ਸਾਰਥਕ ਮੌਕੇ ਪ੍ਰਦਾਨ ਕਰਨ ਦੇ ਮਹੱਤਵ ਨੂੰ ਦਰਸਾਇਆ।

## ਸਮਾਣਾ ਬਲਾਕ ਦੇ ਪਿੰਡ ਬਨਵਾਲਾ, ਤੰਬੂਆਲਾ, ਡਰੌਲੀ ਅਤੇ ਕਲਵਾਨੂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਸਮਾਣਾ 12 ਅਗਸਤ**
**-ਵਿਸ਼ਾਲ ਗੁਪਤਾ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸਮਾਣਾ ਬਲਾਕ ਦੇ ਪਿੰਡ ਬਨਵਾਲਾ, ਤੰਬੂਆਲਾ, ਡਰੌਲੀ ਅਤੇ ਕਲਵਾਨੂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਵਿਧਾਨ ਸਭਾ ਦੇ ਸਪੀਕਰ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਵਿਖੇ ਪੁੱਜੀ ਸ਼ਿਕਾਇਤ; ਭੱਦੀ ਸ਼ਬਦਾਵਲੀ ਵਰਤਣ ਦਾ ਦੋਸ਼

**ਅੰਮ੍ਰਿਤਸਰ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਕਾਲੀ ਦਲ ਵਾਰਿਸ ਪੰਜਾਬ ਨਾਲ ਸਬੰਧਤ ਆਗੂਆਂ ਵੱਲੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਖ਼ਿਲਾਫ਼ ਇਕ ਸ਼ਿਕਾਇਤ ਸੌਂਪਦਿਆਂ ਸ੍ਰੀ ਅਕਾਲ ਤਖ਼ਤ ਤੋਂ ਕਾਰਵਾਈ ਦੀ ਮੰਗ ਕੀਤੀ ਗਈ ਹੈ। ਇਸ ਸਬੰਧ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਖੇਮਕਰਨ ਇਕਾਈ ਦੇ ਆਗੂਆਂ ਸੁਰਜੀਤ ਸਿੰਘ ਭੂਰਾ ਅਤੇ ਰਵੇਲ ਸਿੰਘ ਭੂਰਾ ਆਦਿ ਵੱਲੋਂ ਸ੍ਰੀ ਅਕਾਲ ਤਖ਼ਤ ਦੇ ਸਕੱਤਰੇਤ ਵਿਖੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਪੱਤਰ ਸੌਂਪਿਆ ਗਿਆ ਹੈ।

ਪੱਤਰ ਵਿੱਚ ਉਨ੍ਹਾਂ ਸ਼ਿਕਾਇਤ ਕੀਤੀ ਹੈ ਕਿ ਪੰਜਾਬ ਸਰਕਾਰ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਵਿਚ ਦਾੜ੍ਹੇ ਪ੍ਰਤੀ ਭੱਦੀ ਸ਼ਬਦਾਵਲੀ ਵਰਤੀ ਗਈ ਹੈ। ਉਨ੍ਹਾਂ ਆਖਿਆ ਕਿ ਪਿਛਲੇ ਦਿਨੀਂ ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਇਜਲਾਸ ਦੌਰਾਨ ਜਦ ਇੱਕ ਧਿਰ ਨੇ ਸਪੀਕਰ ਕੋਲੋਂ ਪੁੱਛਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੁਕਮ ਜਾਰੀ ਹੋਇਆ ਕਿ ਕੋਈ ਵੀ ਗੁਰਸਿੱਖ ਮੁੱਖ ਮੰਤਰੀ ਨੂੰ ਮੂੰਹ ਨਾ ਲਾਏ, ਤਾਂ ਤੁਹਾਡੇ ਇਸ ਬਾਰੇ ਕੀ ਵਿਚਾਰ ਹਨ।

ਸਿੱਖ ਆਗੂਆਂ ਨੇ ਦੋਸ਼ ਲਾਇਆ ਕਿ ਸਪੀਕਰ ਨੇ ਗੁਰਸਿੱਖਾਂ ਦੇ ਦਾੜ੍ਹੇ ਪ੍ਰਤੀ ਭੱਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਬੈਠੇ ਵਿਧਾਇਕਾਂ ਨੂੰ ਵੀ ਉਨ੍ਹਾਂ ਸੰਗਤ ਆਖਿਆ ਜੋ ਕਿ ਚੁਣੇ ਹੋਏ ਨੁਮਾਇੰਦੇ ਸਨ। ਪੱਤਰ ਦੇਣ ਆਏ ਇਨਾ ਆਗੂਆਂ ਨੇ ਮੰਗ ਕੀਤੀ ਹੈ ਕਿ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਤਲਬ ਕਰਕੇ ਸਪਸ਼ਟੀਕਰਨ ਲਿਆ ਜਾਵੇ ਅਤੇ ਕਾਰਵਾਈ ਕੀਤੀ ਜਾਵੇ।

ਦੱਸਣ ਯੋਗ ਹੈ ਕਿ ਇਸ ਤੋਂ ਪਹਿਲਾਂ ਆਪ ਸਰਕਾਰ ਦੇ ਖ਼ਿਲਾਫ਼ ਬੇਅਦਬੀ ਸੋਧ ਐਕਟ ਦਾ ਮਾਮਲਾ ਸ੍ਰੀ ਅਕਾਲ ਤਖਤ ਵਿਖੇ ਵਿਚਾਰ ਅਧੀਨ ਹੈ। ਜਦੋਂ ਕਿ ਇੱਕ ਇਤਰਾਜ਼ਯੋਗ ਵੀਡੀਓ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਤੋਂ ਮੁੱਖ ਮੰਤਰੀ ਖਿਲਾਫ ਕਾਰਵਾਈ ਕੀਤੀ ਜਾ ਚੁੱਕੀ ਹੈ।

# ਸਰਕਾਰ 12 ਜ਼ਿਲ੍ਹਿਆਂ ਵਿੱਚ 21,850 ਅਧਿਆਪਕਾਂ ਨੂੰ ਨਸ਼ਿਆਂ ਖ਼ਿਲਾਫ਼ ਲੜਾਈ ਅਤੇ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨੂੰ ਉਤਸ਼ਾਹਿਤ ਕਰਨ ਲਈ ਦੇਵੇਗੀ ਸਿਖਲਾਈ

## ਸਿਖਲਾਈ ਨਾਲ ਅਧਿਆਪਕ ਸੰਵੇਦਨਸ਼ੀਲ ਵਿਦਿਆਰਥੀਆਂ ਦੀ ਪਛਾਣ ਕਰਨ, ਤਣਾਅ ਨਾਲ ਨਜਿੱਠਣ ਦੇ ਬਿਹਤਰ ਤਰੀਕਿਆਂ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਕਲੰਕ ਤੋਂ ਮੁਕਤ ਮਾਹੌਲ ਪ੍ਰਦਾਨ ਕਰਨ ਦੇ ਸਮਰੱਥ ਹੋਣਗੇ: ਡਾ. ਬਲਬੀਰ ਸਿੰਘ

**ਚੰਡੀਗੜ੍ਹ 12 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ਿਆਂ ਦੀ ਦੁਰਵਰਤੋਂ ਖ਼ਿਲਾਫ਼ ਆਪਣੀ ਲੜਾਈ ਨੂੰ ਹੋਰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੀ ਪ੍ਰਮੁੱਖ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪਿਛਲੇ ਹਫ਼ਤੇ 12 ਜ਼ਿਲ੍ਹਿਆਂ ਵਿੱਚ ਅਧਿਆਪਕਾਂ ਲਈ ਜਾਗਰੂਕਤਾ ਅਤੇ ਸਮਰੱਥਾ ਨਿਰਮਾਣ ਪ੍ਰੋਗਰਾਮ ਸ਼ੁਰੂ ਕੀਤਾ।

ਇਸ ਪਹਿਲ ਦਾ ਉਦੇਸ਼ 21,850 ਤੋਂ ਵੱਧ ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਮਾਨਸਿਕ ਸਿਹਤ ਸਬੰਧੀ ਚਿੰਤਾਵਾਂ ਅਤੇ ਨਸ਼ਿਆਂ ਦੀ ਦੁਰਵਰਤੋਂ ਦੇ ਸ਼ੁਰੂਆਤੀ ਸੰਕੇਤਾਂ ਦੀ ਪਛਾਣ ਕਰਨ ਅਤੇ ਸਮੇਂ ਸਿਰ ਲੋੜੀਂਦੇ ਕਦਮ ਚੁੱਕਣ ਲਈ ਲੋੜੀਂਦੀ ਸਮਰੱਥਾ ਅਤੇ ਵਿਹਾਰਕ ਹੁਨਰਾਂ ਨਾਲ ਲੈਸ ਕਰਨਾ ਹੈ। ਇਸ ਮੁਹਿੰਮ ਦੀ ਸ਼ੁਰੂਆਤ ਸੋਮਵਾਰ ਨੂੰ ਫ਼ਾਜ਼ਿਲਕਾ ਅਤੇ ਤਰਨ ਤਾਰਨ ਤੋਂ ਕੀਤੀ ਗਈ, ਜਿੱਥੇ ਪਿਛਲੇ ਹਫ਼ਤੇ 800 ਤੋਂ ਵੱਧ ਅਧਿਆਪਕਾਂ ਨੇ ਵਰਕਸ਼ਾਪਾਂ ਵਿੱਚ ਹਿੱਸਾ ਲਿਆ।

ਇਹ ਪ੍ਰੋਗਰਾਮ ਸਕੂਲਾਂ ਵਿੱਚ ਸਰਕਾਰ ਵੱਲੋਂ ਚਲਾਏ ਗਏ ਜਾਗਰੂਕਤਾ ਪ੍ਰੋਗਰਾਮਾਂ ਦੀ ਸਫ਼ਲਤਾ ਤੋਂ ਬਾਅਦ ਸ਼ੁਰੂ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਇਸ ਸਾਲ ਜਨਵਰੀ ਵਿੱਚ, ਨੌਂ ਜ਼ਿਲ੍ਹਿਆਂ ਦੇ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਹੈੱਡਮਾਸਟਰਾਂ ਲਈ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ ਸੀ। ਇਸ ਸਿਖਲਾਈ ਦੌਰਾਨ ਸੂਬੇ ਦੇ ਉਨ੍ਹਾਂ ਸਰਹੱਦੀ ਜ਼ਿਲ੍ਹਿਆਂ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਗਿਆ ਸੀ, ਜੋ ਨਸ਼ਿਆਂ ਦੀ ਵਰਤੋਂ ਦੀ ਸਮੱਸਿਆ ਪ੍ਰਤੀ ਸੰਵੇਦਨਸ਼ੀਲ ਹਨ।

ਇਸ ਤੋਂ ਇਲਾਵਾ, ਅੰਮ੍ਰਿਤਸਰ ਵਿੱਚ ਇੱਕ ਪਾਇਲਟ ਅਧਿਆਪਕ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ 2,800 ਤੋਂ ਵੱਧ ਅਧਿਆਪਕਾਂ ਨੇ ਹਿੱਸਾ ਲਿਆ। 75 ਫ਼ੀਸਦੀ ਤੋਂ ਵੱਧ ਭਾਗੀਦਾਰਾਂ ਨੇ ਦੱਸਿਆ ਕਿ ਉਹ ਸਿਹਤਮੰਦ ਸਕੂਲੀ ਮਾਹੌਲ ਬਣਾਉਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਹੋਏ। ਇਨ੍ਹਾਂ ਪਹਿਲਕਦਮੀਆਂ ਦੀ ਸਫ਼ਲਤਾ ਦੇ ਆਧਾਰ 'ਤੇ ਭਗਵੰਤ ਮਾਨ ਸਰਕਾਰ ਨੇ ਹੁਣ ਸਿਖਲਾਈ ਮਾਡਿਊਲ ਦਾ ਪੜਾਅਵਾਰ ਵਿਸਥਾਰ ਸ਼ੁਰੂ ਕੀਤਾ ਹੈ, ਜਿਸ ਦੀ ਸ਼ੁਰੂਆਤ ਫ਼ਾਜ਼ਿਲਕਾ, ਤਰਨ ਤਾਰਨ, ਫ਼ਿਰੋਜ਼ਪੁਰ, ਗੁਰਦਾਸਪੁਰ, ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫ਼ਰੀਦਕੋਟ, ਮੋਹਾਲੀ, ਰੋਪੜ, ਕਪੂਰਥਲਾ, ਲੁਧਿਆਣਾ ਅਤੇ ਪਟਿਆਲਾ ਤੋਂ ਕੀਤੀ ਜਾ ਰਹੀ ਹੈ।

ਜਦੋਂ ਕੋਈ ਵਿਦਿਆਰਥੀ ਕਿਸੇ ਪਰੇਸ਼ਾਨੀ ਵਿੱਚ ਹੁੰਦਾ ਹੈ, ਤਾਂ ਅਧਿਆਪਕ ਅਕਸਰ ਸਭ ਤੋਂ ਪਹਿਲਾਂ ਇਸ ਨੂੰ ਮਹਿਸੂਸ ਕਰਦੇ ਹਨ, ਪਰ ਅਜਿਹੇ ਵਿਹਾਰ ਨੂੰ ਸਿਹਤ ਸਬੰਧੀ ਸਮੱਸਿਆ ਸਮਝਣ ਦੀ ਬਜਾਏ ਅਕਸਰ ਅਨੁਸ਼ਾਸਨਹੀਣਤਾ ਮੰਨ ਲਿਆ ਜਾਂਦਾ ਹੈ। ਕਿਸ਼ੋਰਾਂ ਵਿੱਚ ਵਧ ਰਹੀ ਚਿੰਤਾ, ਤਣਾਅ ਅਤੇ ਨਸ਼ਿਆਂ ਦੀ ਵਰਤੋਂ ਨੂੰ ਦੇਖਦੇ ਹੋਏ, ਸਕੂਲ-ਅਧਾਰਿਤ ਰੋਕਥਾਮ ਸ਼ੁਰੂਆਤੀ ਪਛਾਣ ਅਤੇ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨ ਦਾ ਇੱਕ ਵਿਆਪਕ ਅਤੇ ਟਿਕਾਊ ਸਾਧਨ ਹੈ। ਅਧਿਆਪਕਾਂ ਨੂੰ ਜਾਗਰੂਕ ਕਰਨ ਦੀ ਇਹ ਪਹਿਲ ਸਕੂਲ ਮੁਖੀਆਂ ਲਈ ਪਹਿਲਾਂ ਚਲਾਏ ਗਏ ਜਾਗਰੂਕਤਾ ਪ੍ਰੋਗਰਾਮ 'ਤੇ ਆਧਾਰਿਤ ਹੈ, ਜਿਸ ਦਾ ਉਦੇਸ਼ ਵਿਦਿਆਰਥੀਆਂ ਦੀ ਭਲਾਈ ਲਈ ਪੂਰੇ ਸਕੂਲ ਨੂੰ ਸ਼ਾਮਲ ਕਰਨ ਵਾਲੀ ਵਿਵਸਥਾ ਵਿਕਸਿਤ ਕਰਨਾ ਹੈ।

ਇਸ ਸਬੰਧੀ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.



ਬਲਬੀਰ ਸਿੰਘ ਨੇ ਕਿਹਾ, ਹਰ ਉਹ ਬੱਚਾ ਜੋ ਨਸ਼ਿਆਂ ਦੇ ਹਨੇਰੇ ਵਿੱਚ ਚਲਾ ਜਾਂਦਾ ਹੈ, ਉਹ ਅਜਿਹਾ ਬੱਚਾ ਹੈ ਜਿਸ ਤੱਕ ਅਸੀਂ ਪਹਿਲਾਂ ਪਹੁੰਚ ਸਕਦੇ ਸੀ। ਸਾਡੇ ਅਧਿਆਪਕ ਬੱਚਿਆਂ ਨਾਲ ਸਭ ਤੋਂ ਵੱਧ ਸਮਾਂ ਬਿਤਾਉਂਦੇ ਹਨ; ਉਹ ਉਨ੍ਹਾਂ ਦੀਆਂ ਖ਼ਾਮੋਸ਼ੀਆਂ, ਗੈਰ-ਹਾਜ਼ਰੀਆਂ ਅਤੇ ਉਨ੍ਹਾਂ ਤਬਦੀਲੀਆਂ ਨੂੰ ਦੇਖਦੇ ਹਨ, ਜਿਨ੍ਹਾਂ ਨੂੰ ਕੋਈ ਹੋਰ ਨਹੀਂ ਦੇਖ ਪਾਉਂਦਾ। ਸਿਖਲਾਈ ਮਾਡਿਊਲ ਇਸ ਤਰ੍ਹਾਂ ਤਿਆਰ ਕੀਤਾ ਗਿਆ ਹੈ ਕਿ ਅਧਿਆਪਕਾਂ ਨੂੰ ਕਿਸ਼ੋਰਾਂ ਨਾਲ ਜੁੜੇ ਮੁੱਦਿਆਂ, ਉਨ੍ਹਾਂ ਦੀ ਮਾਨਸਿਕ ਸਿਹਤ ਅਤੇ ਭਾਵਨਾਤਮਕ ਭਲਾਈ ਦੀ ਬਿਹਤਰ ਸਮਝ ਮਿਲ ਸਕੇ। ਅਧਿਆਪਕਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਨਾਲ ਜੁੜੇ ਖ਼ਤਰਿਆਂ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ। ਇਹ ਸਿਖਲਾਈ ਉਨ੍ਹਾਂ ਨੂੰ ਲੋੜ ਪੈਣ 'ਤੇ ਵਿਦਿਆਰਥੀਆਂ ਨੂੰ ਸਹਾਇਤਾ ਪ੍ਰਦਾਨ ਕਰਨ ਦੇ ਸਮਰੱਥ ਬਣਾਏਗੀ। ਉਹ ਤਣਾਅ ਅਤੇ ਨਸ਼ਿਆਂ ਵੱਲ ਵਧਣ ਦੀ ਸੰਭਾਵਨਾ ਦੇ ਸ਼ੁਰੂਆਤੀ ਸੰਕੇਤਾਂ ਨੂੰ ਪਛਾਨਣਾ, ਸਜ਼ਾ ਦੇਣ ਦੀ ਬਜਾਏ ਸੰਵੇਦਨਸ਼ੀਲਤਾ ਨਾਲ ਪ੍ਰਤੀਕਿਰਿਆ ਦੇਣਾ ਅਤੇ ਮੁਸ਼ਕਲ ਵਿੱਚ ਘਿਰੇ ਵਿਦਿਆਰਥੀਆਂ ਨੂੰ ਬਹੁਤ ਦੇਰ ਹੋਣ ਤੋਂ ਪਹਿਲਾਂ ਸਹਾਇਤਾ ਨਾਲ ਜੋੜਨਾ ਸਿੱਖਣਗੇ। ਪੰਜਾਬ ਵਿੱਚ ਕਿਸੇ ਵੀ ਬੱਚੇ ਨੂੰ ਆਪਣੀ ਪਰੇਸ਼ਾਨੀ ਚੁੱਪਚਾਪ ਸਹਿਣ ਲਈ ਮਜ਼ਬੂਰ ਨਾ ਹੋਣਾ ਪਵੇ ਅਤੇ ਨਾ ਹੀ ਉਸ ਨੂੰ ਸਮਾਜਿਕ ਕਲੰਕ ਦਾ ਸਾਹਮਣਾ ਕਰਨਾ ਪਵੇ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਹਰ ਅਜਿਹੇ ਬੱਚੇ ਨੂੰ ਉਚਿਤ ਦੇਖਭਾਲ ਅਤੇ ਸਹਿਯੋਗ ਮਿਲੇ।

ਇਹ ਇੱਕ ਵਿਆਪਕ ਅੰਤਰ-ਵਿਭਾਗੀ ਪਹਿਲ ਹੈ, ਜਿਸ ਦੇ ਲਾਗੂਕਰਨ ਨੂੰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਕੌਂਸਲ (ਐਸਸੀਈਆਰਟੀ), ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਦੇ ਸਹਿਯੋਗ ਨਾਲ ਯਕੀਨੀ ਬਣਾ ਰਹੀ ਹੈ। ਨਸ਼ਿਆਂ ਦੀ ਵਰਤੋਂ ਖ਼ਿਲਾਫ਼ ਵਿਆਪਕ ਮੁਹਿੰਮ ਦੀ ਅਗਵਾਈ ਕਰ ਰਹੀ ਰਾਜ ਦੀ ਡਾਟਾ ਇੰਟੈਲੀਜੈਂਸ ਐਂਡ ਟੈਕਨੀਕਲ ਸਪੋਰਟ ਯੂਨਿਟ (ਡੀਆਈਟੀਐਸਯੂ) ਪ੍ਰੋਗਰਾਮ ਦੇ ਲਾਗੂਕਰਨ ਵਿੱਚ ਸਹਿਯੋਗ ਦੇਣ ਦੇ ਨਾਲ-ਨਾਲ ਸਿਖਲਾਈ ਸਮੱਗਰੀ ਤਿਆਰ ਕਰੇਗੀ ਅਤੇ ਪੂਰੀ ਮੁਹਿੰਮ ਦੌਰਾਨ ਗੁਣਵੱਤਾ ਯਕੀਨੀ ਬਣਾਏਗੀ। ਜ਼ਿਲ੍ਹਾ ਪੱਧਰ 'ਤੇ ਨੋਡਲ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ, ਤਾਂ ਜੋ ਸਾਰੇ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਦੇ ਅਧਿਆਪਕ ਇਨ੍ਹਾਂ ਸੈਸ਼ਨਾਂ ਵਿੱਚ ਭਾਗ ਲੈ ਸਕਣ ਅਤੇ ਇਨ੍ਹਾਂ ਦਾ ਲਾਭ ਉਠਾ ਸਕਣ।

ਇਹ ਸੈਸ਼ਨ ਨਸ਼ਾ ਮੁਕਤ ਭਾਰਤ ਅਭਿਆਨ (ਐਨਐਮਬੀਏ) ਅਤੇ ਨੈਸ਼ਨਲ ਐਕਸ਼ਨ ਪਲਾਨ ਫਾਰ ਡਰੱਗ ਡਿਮਾਂਡ ਰਿਡਕਸ਼ਨ (ਐਨਏਪੀਡੀਡੀਆਰ) ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ।

ਇੱਕ ਰੋਜ਼ਾ ਜਾਗਰੂਕਤਾ-ਕਮ-ਸਮਰੱਥਾ ਨਿਰਮਾਣ ਸੈਸ਼ਨ ਅਗਸਤ 2026 ਤੋਂ ਪੜਾਅਵਾਰ ਢੰਗ ਨਾਲ 12 ਜ਼ਿਲ੍ਹਿਆਂ ਵਿੱਚ 500 ਤੋਂ ਵੱਧ ਬੈਚਾਂ ਵਿੱਚ ਕਰਵਾਏ ਜਾਣਗੇ। ਇਨ੍ਹਾਂ ਸੈਸ਼ਨਾਂ ਵਿੱਚ ਮਾਹਿਰ ਸਿਖਲਾਈਕਾਰ ਨਸ਼ਿਆਂ ਦੀ ਵਰਤੋਂ ਦੀ ਸਮੱਸਿਆ ਨੂੰ ਮਾਨਸਿਕ ਅਤੇ ਸਮਾਜਿਕ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਸਿਖਲਾਈ ਦੇਣਗੇ। ਸਿਖਲਾਈ ਵਿੱਚ ਮਿਲੀ ਸਿੱਖਿਆ ਨੂੰ ਕਲਾਸਰੂਮ ਵਿੱਚ ਲਾਗੂ ਕਰਨਾ ਯਕੀਨੀ ਬਣਾਉਣ ਲਈ ਹਰ ਅਧਿਆਪਕ ਆਪਣੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੀ ਜ਼ਿੰਮੇਵਾਰੀ ਨਿਭਾਉਣ ਦੀ ਸਹੁੰ ਚੁੱਕੇਗਾ ਅਤੇ ਸਿਖਲਾਈ ਤੋਂ ਬਾਅਦ ਦੇ ਹਫ਼ਤਿਆਂ ਵਿੱਚ ਵਿਦਿਆਰਥੀਆਂ ਨਾਲ ਵੱਖ-ਵੱਖ ਗਤੀਵਿਧੀਆਂ ਕਰੇਗਾ। ਭਾਗੀਦਾਰਾਂ ਦੀ ਪ੍ਰਤੀਕਿਰਿਆ ਅਤੇ ਇੱਕ ਸੁਚੱਜੀ ਨਿਗਰਾਨ ਪ੍ਰਣਾਲੀ ਰਾਹੀਂ ਪ੍ਰੋਗਰਾਮ ਦੀ ਪਹੁੰਚ ਅਤੇ ਪ੍ਰਭਾਵਸ਼ੀਲਤਾ 'ਤੇ ਨਜ਼ਰ ਰੱਖੀ ਜਾਵੇਗੀ।

# ਇਸਟੇਟ ਆਫ਼ਿਸ ਦੇ ਆਟੋ-ਮਿਊਟੇਸ਼ਨ ਸਿਸਟਮ ਨੇ ਇੱਕ ਵਰ੍ਹਾ ਪੂਰਾ ਕੀਤਾ, ਡਿਜੀਟਲ ਪ੍ਰਾਪਰਟੀ ਸੇਵਾਵਾਂ ਵਿੱਚ ਇੱਕ ਮਹੱਤਵਪੂਰਨ ਉਪਲਬਧੀ

**ਚੰਡੀਗੜ੍ਹ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇਸਟੇਟ ਆਫ਼ਿਸ, ਯੂਟੀ ਚੰਡੀਗੜ੍ਹ ਨੇ 7 ਜੁਲਾਈ 2025 ਤੋਂ ਆਟੋ-ਮਿਊਟੇਸ਼ਨ ਸਿਸਟਮ ਨੂੰ ਸਫ਼ਲਤਾਪੂਰਵਕ ਸ਼ੁਰੂ ਕੀਤਾ। ਇਹ ਮਹੱਤਵਪੂਰਨ ਈ-ਗਵਰਨੈਂਸ ਸੁਧਾਰ ਮਿਊਟੇਸ਼ਨ ਪ੍ਰਕਿਰਿਆ ਨੂੰ ਅਲੱਗ ਤੋਂ ਐਪਲੀਕੇਸ਼ਨ-ਅਧਾਰਿਤ ਸੇਵਾ ਤੋਂ ਬਦਲ ਕੇ ਆਟੋਮੈਟਿਕ ਪੋਸਟ-ਰਜਿਸਟ੍ਰੇਸ਼ਨ ਡਿਜੀਟਲ ਪ੍ਰਕਿਰਿਆ ਵਿੱਚ ਬਦਲ ਦਿੱਤਾ ਹੈ। ਇਸ ਨਾਲ ਨਾਗਰਿਕਾਂ ਲਈ ਸੁਵਿਧਾ ਵਿੱਚ ਵਾਧਾ ਹੋਇਆ ਹੈ ਅਤੇ ਜਾਇਦਾਦ ਸਬੰਧੀ ਸੇਵਾਵਾਂ ਨੂੰ ਅਧਿਕ ਨਾਗਰਿਕ-ਕੇਂਦ੍ਰਿਤ ਬਣਾਇਆ ਗਿਆ ਹੈ।

ਨਵੀਂ ਪ੍ਰਣਾਲੀ ਦੇ ਤਹਿਤ ਸਬ-ਰਜਿਸਟਰਾਰ ਦਫ਼ਤਰ ਵਿੱਚ ਜਾਇਦਾਦ ਡੀਡ ਦੀ ਰਜਿਸਟ੍ਰੇਸ਼ਨ ਦੇ ਬਾਅਦ ਸਬੰਧਿਤ ਜਾਣਕਾਰੀ ਇਲੈਕਟ੍ਰੌਨਿਕ ਤੌਰ 'ਤੇ ਆਪਣੇ ਆਪ ਹੀ ਇਸਟੇਟ ਆਫ਼ਿਸ ਨੂੰ ਭੇਜੀ ਜਾਂਦੀ ਹੈ। ਇਸ ਤੋਂ ਬਾਅਦ ਮਿਊਟੇਸ਼ਨ ਦੀ ਪ੍ਰਕਿਰਿਆ ਬੈਕਐਂਡ 'ਤੇ ਡਿਜੀਟਲ ਤੌਰ 'ਤੇ ਪੂਰੀ ਕੀਤੀ ਜਾਂਦੀ ਹੈ। ਇਸ ਨਾਲ ਜਾਇਦਾਦ ਮਾਲਕਾਂ ਨੂੰ ਅਲੱਗ ਤੋਂ ਮਿਊਟੇਸ਼ਨ ਲਈ ਆਵੇਦਨ ਕਰਨ ਜਾਂ ਇਸਟੇਟ ਆਫ਼ਿਸ ਜਾਣ ਦੀ ਜ਼ਰੂਰਤ ਨਹੀਂ ਰਹਿੰਦੀ।

ਆਟੋ-ਮਿਊਟੇਸ਼ਨ ਸਿਸਟਮ ਦੇ ਤਹਿਤ ਮਿਊਟੇਸ਼ਨ ਦੀ ਪੂਰੀ ਪ੍ਰਕਿਰਿਆ ਡਿਜੀਟਲ ਅਤੇ ਪੇਪਰਲੈੱਸ ਹੈ। ਇਸ ਵਿੱਚ ਅਲੱਗ ਤੋਂ ਮਿਊਟੇਸ਼ਨ ਆਵੇਦਨ, ਫਾਰਮ ਅਤੇ ਦਸਤਾਵੇਜ਼ਾਂ ਨੂੰ ਵਾਰ-ਵਾਰ ਜਮ੍ਹਾਂ ਕਰਾਉਣ ਦੀ ਜ਼ਰੂਰਤ ਸਮਾਪਤ ਹੋ ਗਈ ਹੈ। ਇਹ ਪੂਰੀ ਤਰ੍ਹਾਂ ਫੇਸਲੈੱਸ ਸੇਵਾ ਹੈ ਅਤੇ ਇਸ ਲਈ ਇਸਟੇਟ ਆਫ਼ਿਸ ਵਿੱਚ ਫਿਜ਼ੀਕਲੀ ਜਾਣ ਦੀ ਜ਼ਰੂਰਤ ਨਹੀਂ ਹੈ। ਆਟੋਮੇਟਿਡ ਡੇਟਾ ਐਕਸਚੇਂਜ ਨਾਲ ਏਜੰਟਾਂ ਅਤੇ ਵਿਚੋਲਿਆਂ 'ਤੇ ਨਿਰਭਰਤਾ ਵੀ ਘੱਟ ਹੋਈ ਹੈ।ਐੱਸਐੱਮਐੱਸ ਅਧਾਰਿਤ ਟ੍ਰੈਕਿੰਗ ਦੇ ਜ਼ਰੀਏ ਰੀਅਲ-ਟਾਇਮ ਪਾਰਦਰਸ਼ਤਾ ਸੁਨਿਸ਼ਚਿਤ ਕੀਤੀ ਜਾ ਰਹੀ ਹੈ। ਨਿਰਧਾਰਿਤ ਸਮਾਂ-ਸੀਮਾ ਦੇ ਅਨੁਸਾਰ ਲੀਜ਼ਹੋਲਡ ਜਾਇਦਾਦਾਂ ਦਾ ਮਿਊਟੇਸ਼ਨ ਦੋ ਕਾਰਜ ਦਿਵਸਾਂ ਅਤੇ ਫ੍ਰੀਹੋਲਡ ਜਾਇਦਾਦਾਂ ਦਾ ਮਿਊਟੇਸ਼ਨ ਸੱਤ ਕਾਰਜ ਦਿਵਸਾਂ ਦੇ ਵਿੱਚ ਕੀਤਾ ਜਾਂਦਾ ਹੈ। 7 ਜੁਲਾਈ 2025 ਨੂੰ ਸ਼ੁਰੂ ਹੋਣ ਦੇ ਬਾਅਦ ਤੋਂ ਹੁਣ ਤੱਕ ਕੁੱਲ 1,829 ਮਿਊਟੇਸ਼ਨ ਮਾਮਲੇ ਪ੍ਰਾਪਤ ਹੋਏ ਹਨ। ਇਨ੍ਹਾਂ ਵਿੱਚੋਂ ਲਗਭਗ 1,800 ਮਾਮਲਿਆਂ ਦਾ ਰਜਿਸਟ੍ਰੇਸ਼ਨ ਦੇ ਸੱਤ ਦਿਨਾਂ ਦੇ ਅੰਦਰ ਨਿਪਟਾਰਾ ਕੀਤਾ ਜਾ ਚੁੱਕਿਆ ਹੈ।

# ਮਾਛੀਵਾੜਾ ਸਾਹਿਬ ਤੋਂ ਮਾਨਸਿਕ ਤੌਰ 'ਤੇ ਪਰੇਸ਼ਾਨ ਲੜਕੀ ਲਾਪਤਾ

**ਮਾਛੀਵਾੜਾ ਸਾਹਿਬ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਦੇ ਮਾਡਲ ਟਾਊਨ, ਕੁਹਾੜਾ ਰੋਡ ਦੀ ਰਹਿਣ ਵਾਲੀ ਮਾਣੋ ਕੁਮਾਰੀ ਨਾਮਕ ਲੜਕੀ ਪਿਛਲੇ ਕੁਝ ਦਿਨਾਂ ਤੋਂ ਘਰੋਂ ਲਾਪਤਾ ਹੈ। ਪਰਿਵਾਰ ਮੁਤਾਬਕ ਮਾਨਸਿਕ ਤੌਰ 'ਤੇ ਪਰੇਸ਼ਾਨ ਮਾਣੋ ਕੁਮਾਰੀ 7 ਅਗਸਤ 2026 ਨੂੰ ਘਰੋਂ ਚਲੀ ਗਈ ਸੀ ਅਤੇ ਉਦੋਂ ਤੋਂ ਹੁਣ ਤੱਕ ਉਸ ਦਾ ਕੋਈ ਸੁਰਾਗ ਨਹੀਂ ਮਿਲਿਆ। ਲੜਕੀ ਦੇ ਪਰਿਵਾਰ ਮੈਂਬਰ ਬਿੰਦੇਸ਼ਵਰ ਮਹਿਤੋਂ ਨੇ ਦੱਸਿਆ ਕਿ ਉਹ ਆਪਣੇ ਪੱਧਰ 'ਤੇ ਹਰ ਪਾਸੇ ਭਾਲ ਕਰ ਚੁੱਕੇ ਹਨ ਪਰ ਉਸ ਦਾ ਕੋਈ ਪਤਾ ਨਹੀਂ ਲੱਗਾ। ਲੜਕੀ ਦੇ ਲਾਪਤਾ ਹੋਣ ਕਾਰਨ ਪਰਿਵਾਰ ਬਹੁਤ ਚਿੰਤਤ ਹੈ। ਪਰਿਵਾਰ ਵੱਲੋਂ ਅਪੀਲ ਕੀਤੀ ਗਈ ਹੈ ਕਿ ਜੇਕਰ ਕਿਸੇ ਨੂੰ ਵੀ ਮਾਣੋ ਕੁਮਾਰੀ ਬਾਰੇ ਕੋਈ ਜਾਣਕਾਰੀ ਮਿਲੇ ਤਾਂ ਉਹ ਤੁਰੰਤ ਹੇਠ ਲਿਖੇ ਨੰਬਰਾਂ 'ਤੇ ਸੰਪਰਕ ਕਰੇ।

ਪਰਿਵਾਰ ਨੇ ਕਿਹਾ ਕਿ ਲੜਕੀ ਬਾਰੇ ਸਹੀ ਜਾਣਕਾਰੀ ਦੇਣ ਵਾਲੇ ਵਿਅਕਤੀ ਨੂੰ 5000 ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਪਰਿਵਾਰ ਵੱਲੋਂ ਪੁਲਸ ਨੂੰ ਵੀ ਇਸ ਸਬੰਧੀ ਸੂਚਿਤ ਕਰ ਦਿੱਤਾ ਗਿਆ ਹੈ। ਪਰਿਵਾਰ ਦਾ ਸੰਪਰਕ ਨੰਬਰ-98726-24450, 88720-61635 ਹੈ।

# ਝਾੜ ਸਾਹਿਬ ਕਾਲਜ ਦਾ ਬੀ.ਕਾਮ.-ਸਮੈਸਟਰ ਚੌਥਾ ਦਾ ਨਤੀਜਾ ਸ਼ਾਨਦਾਰ ਰਿਹਾ

**ਮਾਛੀਵਾੜਾ ਸਾਹਿਬ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਕਾਮ.-ਸਮੈਸਟਰ ਚੌਥੇ ਦਾ ਨਤੀਜਾ ਸ਼ਾਨਦਾਰ ਰਿਹਾ। ਬੀ.ਕਾਮ. ਦੀ ਵਿਦਿਆਰਥਣ ਸਾਹਿਜਪ੍ਰੀਤ ਕੌਰ ਸਪੁੱਤਰੀ ਸਤਿੰਦਰਜੀਤ ਸਿੰਘ ਨੇ ਐਸ.ਜੀ.ਪੀ.ਏ. 8.33 ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਰੂਬਲਪ੍ਰੀਤ ਕੌਰ ਸਪੁੱਤਰੀ ਗੁਰਮੀਤ ਸਿੰਘ ਨੇ ਐਸ.ਜੀ.ਪੀ. ਏ. 7.42 ਅੰਕ ਅਤੇ ਹਰਪ੍ਰੀਤ ਕੌਰ ਸਪੁੱਤਰੀ ਸਵਰਨ ਸਿੰਘ ਨੇ ਐਸ.ਜੀ.ਪੀ.ਏ. 7.33 ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਵਧੀਆ ਕਾਰਗੁਜਾਰੀ ਲਈ ਸਮੁੱਚੇ ਕਾਮਰਸ ਵਿਭਾਗ, ਵਿਦਿਆਰਥਣਾਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿੱਚ ਉਹ ਆਪਣੀ ਵਿਲੱਖਣ ਹੋਂਦ ਸਥਾਪਿਤ ਕਰ ਸਕਣ। ਉਨ੍ਹਾਂ ਕਿਹਾ ਕਿ ਸਾਨੂੰ ਪੂਰਨ ਵਿਸ਼ਵਾਸ਼ ਹੈ ਕਿ ਸਾਡੀਆਂ ਵਿਦਿਆਰਥਣਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦ੍ਰਿੜ ਇਰਾਦੇ, ਮਿਹਨਤ ਅਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਕਾਲਜ, ਮਾਪਿਆਂ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕਰਨਗੀਆਂ। ਕਾਲਜ ਦੇ ਕਾਮਰਸ ਵਿਭਾਗ ਦੀਆਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ'ਤੇ ਵੱਖ-ਵੱਖ ਬੈਂਕਾਂ, ਉਦਯੋਗਿਕ ਕੰਪਨੀਆਂ ਦਾ ਦੌਰਾ ਕਰਵਾਇਆ ਜਾਂਦਾ ਹੈ ਜੋ ਕਿ ਉਨ੍ਹਾਂ ਦੀ ਪੜ੍ਹਾਈ ਲਈ ਬਹੁਤ ਸਹਾਈ ਸਿੱਧ ਹੁੰਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਲਈ ਪਲੇਸਮੈਂਟ ਡਰਾਈਵ ਦਾ ਆਯੋਜਨ ਵੀ ਕੀਤਾ ਜਾਂਦਾ ਹੈ ਜਿਸ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਵੱਖ-ਵੱਖ ਕੰਪਨੀਆਂ ਵਿੱਚ ਰੋਜਗਾਰ ਹਾਸਿਲ ਕਰਦੀਆਂ ਹਨ।

# ਵੋਟਰ ਜਾਗਰੂਕਤਾ ਪ੍ਰੋਗਰਾਮ ਆਯੋਜਿਤ



**ਬਠਿੰਡਾ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸਵੀਪ ਗਤੀਵਿਧੀਆਂ ਤਹਿਤ ਸਵੀਪ ਟੀਮ ਵੱਲੋਂ ਟੀਮ ਐਸ.ਐਸ.ਡੀ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਵਿਖੇ ਵੋਟਰ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਚੋਣ ਅਫ਼ਸਰ-ਕਮ-ਐਸ.ਡੀ.ਐਮ. ਬਠਿੰਡਾ ਸ. ਅਮਨਦੀਪ ਸਿੰਘ ਮਾਵੀ ਦੀ ਰਹਿਨੁਮਾਈ ਹੇਠ ਸਵੀਪ ਗਤੀਵਿਧੀਆਂ ਤਹਿਤ ਸਵੀਪ ਨੋਡਲ ਅਫ਼ਸਰ ਡਾ. ਮੀਨਾ ਭਾਰਤੀ ਦੀ ਅਗਵਾਈ ਵਿੱਚ ਗੁਰਬਖ਼ਸ਼ ਲਾਲ ਨੇ ਵੋਟ ਦੇ ਮਹੱਤਵ, ਨਵੇਂ ਵੋਟਰ ਰਜਿਸਟ੍ਰੇਸ਼ਨ ਲਈ ਫਾਰਮ-6 ਅਤੇ ਵੋਟਰ ਵੇਰਵਿਆਂ ਵਿੱਚ ਸੋਧ ਲਈ ਫਾਰਮ-8 ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਫਾਰਮ ਆਫ਼ਲਾਈਨ ਦੇ ਨਾਲ-ਨਾਲ ਘਰ ਬੈਠੇ ਮੋਬਾਈਲ ਫੋਨ ਰਾਹੀਂ ਆਨਲਾਈਨ ਵੀ ਭਰੇ ਜਾ ਸਕਦੇ ਹਨ।

ਇਸ ਦੌਰਾਨ ਵਿਦਿਆਰਥੀਆਂ ਵਿੱਚ ਲੋਕਤੰਤਰ ਪ੍ਰਤੀ ਜਾਗਰੂਕਤਾ ਵਧਾਉਣ ਲਈ ÷ਲੋਕਤੰਤਰ ਵਿੱਚ ਵੋਟ ਦੀ ਮਹੱਤਤਾ÷ ਵਿਸ਼ੇ 'ਤੇ ਭਾਸ਼ਣ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਭਾਵੇਸ ਨੇ ਪਹਿਲਾ ਅਤੇ ਪ੍ਰਵੀਨ ਕੁਮਾਰ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਸੁਮਿਤ ਗੋਇਲ ਨਿਗਰਾਨੀ ਹੇਠ ਐਸ.ਆਈ.ਆਰ. (ਸਪੈਸ਼ਲ ਇੰਟਨਸਿਵ ਰਿਵਿਜਨ) ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ

ਚਮਕੌਰ ਸਿੰਘ ਸਿੱਧੂ ਉਪ ਜ਼ਿਲ੍ਹਾ ਸਿੱਖਿਆ (ਸੈ.ਸਿ) ਵੱਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਗਈ। ਉਹਨਾਂ ਵੱਲੋਂ ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦਿੰਦਿਆਂ ਹੌਸਲਾ ਅਫ਼ਜਾਈ ਕੀਤੀ ਗਈ। ਜੌਨੀ ਸਿੰਗਲਾ ਅਤੇ ਸੁਭਾਸ਼ ਚੰਦ ਨੇ ਵਿਦਿਆਰਥੀਆਂ ਨੂੰ ECINET ਐਪ ਦੀ ਵਰਤੋਂ ਅਤੇ ਇਸ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਮੌਕੇ ਸਕੂਲ ਮੁਖੀ ਸੀਮਾ ਗੋਇਲ, ਰਾਮ ਉਜਾਗਰ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਬਾਣੀ ਵਿੱਚ ਸਮਾਨਤਾ, ਸਨਮਾਨ ਤੇ ਸਮਾਜਿਕ ਨਿਆਂ ਦਾ ਸਦੀਵੀ ਸੰਦੇਸ਼: ਹਰਪਾਲ ਸਿੰਘ ਚੀਮਾ

➢ ਸੱਤਾ ਵਿੱਚ ਬੈਠੀਆਂ ਸਿਆਸੀ ਤਾਕਤਾਂ ਵੱਲੋਂ ਦੇਸ਼ ਵਿੱਚ ਬੋਲਣ ਦੀ ਆਜ਼ਾਦੀ ਨੂੰ ਸੀਮਤ ਕਰਨਾ ਗੁਰੂ ਜੀ ਮਹਾਰਾਜ ਦੇ ਸਮਾਨਤਾ ਤੇ ਮਨੁੱਖੀ ਸਨਮਾਨ ਦੇ ਸੰਦੇਸ਼ ਦੇ ਉਲਟ ➢ਫਰੀਦਪੁਰਾ ਨੌਗਾਜ਼ਾ ਵਿਖੇ 25 ਕਰੋੜ ਰੁਪਏ ਦੀ ਲਾਗਤ ਨਾਲ ਸਟੇਟ-ਆਫ-ਦ-ਆਰਟ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਬਣੇਗਾ

**ਮੁਹਾਲੀ, 12 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਬਾਣੀ ਸਮਾਨਤਾ, ਮਨੁੱਖੀ ਸਨਮਾਨ, ਸਮਾਜਿਕ ਨਿਆਂ ਅਤੇ ਸਰਬੱਤ ਦੇ ਭਲੇ ਤੇ ਭਾਈਚਾਰਕ ਸਾਂਝ ਦਾ ਸਦੀਵੀ ਸੰਦੇਸ਼ ਦਿੰਦੀ ਹੈ, ਜੋ ਅੱਜ ਦੇ ਸਮੇਂ ਵਿੱਚ ਵੀ ਬੇਹੱਦ ਪ੍ਰਸੰਗਿਕ ਹੈ।



ਐਮਿਟੀ ਯੂਨੀਵਰਸਿਟੀ, ਮੋਹਾਲੀ ਵਿਖੇ 'ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਬਾਣੀ ਅਤੇ ਸਮਾਜਿਕ ਬਰਾਬਰੀ' ਵਿਸ਼ੇ 'ਤੇ ਕਰਵਾਏ ਗਏ ਰਾਜ ਪੱਧਰੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸ੍ਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਗੁਰੂ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੇ ਜਾਤ, ਧਰਮ ਅਤੇ ਸਮਾਜਿਕ ਹੈਸੀਅਤ ਦੀਆਂ ਹੱਦਾਂ ਤੋਂ ਉੱਪਰ ਉੱਠ ਕੇ ਹਰੇਕ ਮਨੁੱਖ ਦੀ ਅੰਦਰੂਨੀ ਇੱਜ਼ਤ ਅਤੇ ਬਰਾਬਰੀ 'ਤੇ ਜ਼ੋਰ ਦਿੱਤਾ।

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਰਸਾਏ ਸਮਾਜ ਦੇ ਸੰਕਲਪ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਅਜਿਹੇ ਸਮਾਜ ਦੀ ਕਲਪਨਾ ਕੀਤੀ, ਜੋ ਸਮਾਨਤਾ, ਨਿਆਂ, ਦਇਆ ਅਤੇ ਆਪਸੀ ਸਨਮਾਨ 'ਤੇ ਆਧਾਰਿਤ ਹੋਵੇ। ਉਨ੍ਹਾਂ ਦੀ ਬਾਣੀ ਸਾਨੂੰ ਹਰ ਕਿਸਮ ਦੇ ਵਿਤਕਰੇ ਨੂੰ ਨਕਾਰਨ ਅਤੇ ਅਜਿਹੇ ਬਰਾਬਰਤਾ ਵਾਲੇ ਸਮਾਜ ਦੀ ਸਿਰਜਣਾ ਲਈ ਕੰਮ ਕਰਨ ਦੀ ਪ੍ਰੇਰਣਾ ਦਿੰਦੀ ਹੈ, ਜਿੱਥੇ ਹਰੇਕ ਵਿਅਕਤੀ ਨੂੰ ਬਰਾਬਰ ਮੌਕੇ ਅਤੇ ਸਨਮਾਨ ਮਿਲੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਹਾਲੀਆ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡੇਰਾ ਬੱਲਾਂ ਦੇ ਫਰੀਦਪੁਰਾ ਨੌਗਜ਼ਾ ਵਿਖੇ ਸਟੇਟ-ਆਫ-ਦ-ਆਰਟ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਸਥਾਪਿਤ ਕਰਨ ਦੀ ਪਹਿਲ ਕੀਤੀ ਗਈ ਹੈ। ਇਹ ਕੇਂਦਰ 25 ਕਰੋੜ ਰੁਪਏ ਦੀ ਲਾਗਤ ਨਾਲ ਉਸਾਰਿਆ ਜਾਵੇਗਾ, ਜਦਕਿ ਜ਼ਮੀਨ ਦੀ ਖਰੀਦ 'ਤੇ ਲਗਭਗ 11 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਖਰਚ ਕੀਤੀ ਜਾ ਚੁੱਕੀ ਹੈ। ਇਹ ਕੇਂਦਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਡੂੰਘੀਆਂ ਸਿੱਖਿਆਵਾਂ ਦੀ ਖੋਜ, ਅਧਿਐਨ ਅਤੇ ਪ੍ਰਸਾਰ ਲਈ ਇੱਕ ਮਹੱਤਵਪੂਰਨ ਕੇਂਦਰ ਵਜੋਂ ਕੰਮ ਕਰੇਗਾ।

ਗੁਰੂ ਜੀ ਮਹਾਰਾਜ ਦੀ ਵਿਚਾਰਧਾਰਾ ਦੇ ਸਰਬਵਿਆਪੀ ਅਤੇ ਅਗਾਂਹਵਧੂ ਸਰੂਪ ਨੂੰ ਉਜਾਗਰ ਕਰਦਿਆਂ ਸ੍ਰੀ ਚੀਮਾ ਨੇ ਕਿਹਾ ਕਿ ਬੋਲਣ ਦੀ ਆਜ਼ਾਦੀ, ਸਮਾਨਤਾ ਅਤੇ ਗੈਰ-ਵਿਤਕਰੇ ਵਰਗੇ ਸਿਧਾਂਤ, ਜਿਨ੍ਹਾਂ ਨੂੰ ਪੱਛਮੀ ਦੇਸ਼ਾਂ ਵਿੱਚ 19ਵੀਂ ਸਦੀ ਤੋਂ ਸੰਸਥਾਗਤ ਮਾਨਤਾ ਮਿਲਣੀ ਸ਼ੁਰੂ ਹੋਈ, ਉਹ ਸਿਧਾਂਤ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਅਤੇ ਹੋਰ ਮਹਾਨ ਸੰਤਾਂ ਦੀਆਂ ਸਿੱਖਿਆਵਾਂ ਵਿੱਚ ਲਗਭਗ 650 ਸਾਲ ਪਹਿਲਾਂ ਹੀ ਮੌਜੂਦ ਸਨ। ਉਨ੍ਹਾਂ ਦੀ ਬਰਾਬਰੀ 'ਤੇ ਆਧਾਰਿਤ ਸੋਚ ਆਪਣੇ ਸਮੇਂ ਤੋਂ ਕਿਤੇ ਅੱਗੇ ਸੀ ਅਤੇ ਅੱਜ ਵੀ ਮਨੁੱਖਤਾ ਨੂੰ ਸਨਮਾਨ ਤੇ ਸਮਾਨਤਾ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਵੱਲ ਅਗਵਾਈ ਕਰ ਰਹੀ ਹੈ।

ਅੱਜ ਦੇ ਸਮੇਂ ਵਿੱਚ ਗੁਰੂ ਜੀ ਮਹਾਰਾਜ ਦੀਆਂ ਸਿੱਖਿਆਵਾਂ ਦੀ ਪ੍ਰਸੰਗਿਕਤਾ 'ਤੇ ਜ਼ੋਰ ਦਿੰਦਿਆਂ ਸ੍ਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮਹਾਨ ਗੁਰੂ ਜੀ ਮਹਾਰਾਜ ਵੱਲੋਂ ਦਿੱਤਾ ਗਿਆ ਸਮਾਨਤਾ ਦਾ ਸੰਦੇਸ਼ ਮੌਜੂਦਾ ਦੌਰ ਵਿੱਚ ਹੋਰ ਵੀ ਮਹੱਤਵਪੂਰਨ ਹੋ ਜਾਂਦਾ ਹੈ। ਦੇਸ਼ ਵਿੱਚ ਕੌਮੀ ਪੱਧਰ 'ਤੇ ਸੱਤਾ ਵਿੱਚ ਮੌਜੂਦ ਕੁਝ ਸਿਆਸੀ ਤਾਕਤਾਂ ਵੱਲੋਂ ਬੋਲਣ ਦੀ ਆਜ਼ਾਦੀ ਨੂੰ ਸੀਮਤ ਕੀਤਾ ਜਾ ਰਿਹਾ ਹੈ, ਜੋ ਮਹਾਨ ਗੁਰੂ ਜੀ ਮਹਾਰਾਜ ਵੱਲੋਂ ਪ੍ਰਚਾਰਿਤ ਸਮਾਨਤਾ, ਆਜ਼ਾਦੀ ਅਤੇ ਮਨੁੱਖੀ ਸਨਮਾਨ ਦੇ ਬੁਨਿਆਦੀ ਸੰਦੇਸ਼ ਦੇ ਉਲਟ ਹੈ।

ਭਾਰਤ ਦੀ ਵਿਭਿੰਨਤਾ ਅਤੇ ਸਮਾਜਿਕ ਸਦਭਾਵਨਾ ਬਾਰੇ ਵਿੱਤ ਮੰਤਰੀ ਨੇ ਕਿਹਾ ਕਿ ਭਾਵੇਂ ਭਾਰਤ ਦੇ ਲੋਕ ਵੱਖ-ਵੱਖ ਧਰਮਾਂ, ਜਾਤਾਂ ਅਤੇ ਭਾਈਚਾਰਿਆਂ ਨਾਲ ਸਬੰਧਤ ਹਨ ਅਤੇ ਰੰਗ-ਰੂਪ ਤੇ ਸੱਭਿਆਚਾਰ ਵਿੱਚ ਵਿਭਿੰਨਤਾ ਰੱਖਦੇ ਹਨ, ਪਰ ਲੋਕਾਂ ਵਿੱਚ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਕਿਸੇ ਵੀ ਵੰਡਪਾਊ ਕੋਸ਼ਿਸ਼ ਨੂੰ ਸਫਲ ਨਹੀਂ ਹੋਣ ਦੇਵੇਗੀ। ਮੈਂ ਖਾਸ ਤੌਰ 'ਤੇ ਨੌਜਵਾਨ ਪੀੜ੍ਹੀ ਸਮੇਤ ਸਮੂਹ ਲੋਕਾਂ ਨੂੰ ਸੱਦਾ ਦਿੰਦਾ ਹਾਂ ਕਿ ਉਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਰਬਵਿਆਪੀ ਸਿੱਖਿਆਵਾਂ ਤੋਂ ਪ੍ਰੇਰਣਾ ਲੈ ਕੇ ਸਮਾਜਿਕ ਸਦਭਾਵਨਾ ਅਤੇ ਸਮਾਨਤਾ ਦੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ।

'ਬੇਗਮਪੁਰਾ' ਦੇ ਸੰਕਲਪ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰੀ ਚੀਮਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਰਸਾਇਆ 'ਬੇਗਮਪੁਰਾ' ਅਜਿਹੇ ਆਦਰਸ਼ ਸਮਾਜਿਕ ਪ੍ਰਬੰਧ ਦਾ ਪ੍ਰਤੀਕ ਹੈ, ਜੋ ਵਿਤਕਰੇ, ਸ਼ੋਸ਼ਣ ਅਤੇ ਅਸਮਾਨਤਾ ਤੋਂ ਮੁਕਤ ਹੋਵੇ। ਗੁਰੂ ਜੀ ਮਹਾਰਾਜ ਦੀ ਬਾਣੀ ਵਿੱਚ ਦਰਸਾਏ ਸਿਧਾਂਤ ਇੱਕ ਨਿਆਂਪੂਰਨ, ਸ਼ਾਂਤਮਈ ਅਤੇ ਸਦਭਾਵਨਾਪੂਰਨ ਸਮਾਜ ਦੀ ਉਸਾਰੀ ਲਈ ਮਾਰਗਦਰਸ਼ਕ ਸਾਬਤ ਹੋ ਸਕਦੇ ਹਨ।

ਵਿਦਿਆਰਥੀਆਂ ਅਤੇ ਵਿਦਵਾਨਾਂ ਨੂੰ ਗੁਰੂ ਜੀ ਮਹਾਰਾਜ ਦੀਆਂ ਸਿੱਖਿਆਵਾਂ ਦਾ ਡੂੰਘਾਈ ਨਾਲ ਅਧਿਐਨ ਕਰਨ ਦੀ ਅਪੀਲ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਵਿਦਿਆਰਥੀਆਂ ਅਤੇ ਵਿਦਵਾਨਾਂ ਨੂੰ ਗੁਰੂ ਜੀ ਮਹਾਰਾਜ ਦੀ ਬਾਣੀ ਦਾ ਡੂੰਘਾਈ ਨਾਲ ਅਧਿਐਨ ਕਰਕੇ ਇਸ ਦੀ ਸਮਕਾਲੀ ਪ੍ਰਸੰਗਿਕਤਾ ਨੂੰ ਸਮਝਣਾ ਚਾਹੀਦਾ ਹੈ। ਅਕਾਦਮਿਕ ਸੰਸਥਾਵਾਂ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ ਕਿ ਉਹ ਮਹਾਨ ਅਧਿਆਤਮਿਕ ਸ਼ਖ਼ਸੀਅਤਾਂ ਅਤੇ ਸਮਾਜ ਸੁਧਾਰਕਾਂ ਦੀਆਂ ਸਿੱਖਿਆਵਾਂ ਤੇ ਵਿਚਾਰਧਾਰਾ ਸਬੰਧੀ ਖੋਜ, ਵਿਚਾਰ-ਵਟਾਂਦਰੇ ਅਤੇ ਬੌਧਿਕ ਸੰਵਾਦ ਨੂੰ ਉਤਸ਼ਾਹਿਤ ਕਰਨ।

ਸੈਮੀਨਾਰ ਦੌਰਾਨ ਪ੍ਰਮੁੱਖ ਬੁਲਾਰਿਆਂ ਵੱਲੋਂ ਵਿਚਾਰਪੂਰਨ ਸੰਬੋਧਨ ਕੀਤੇ ਗਏ, ਜਿਨ੍ਹਾਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ (ਜੀ.ਐਨ.ਡੀ.ਯੂ.), ਅੰਮ੍ਰਿਤਸਰ ਦੇ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਮਨਜਿੰਦਰ ਸਿੰਘ ਅਤੇ ਤਪ ਅਸਥਾਨ ਸ੍ਰੀ ਗੁਰੂ ਰਵਿਦਾਸ ਜੀ, ਖੁਰਾਲਗੜ੍ਹ ਦੇ ਸੰਤ ਕੇਵਲ ਸਿੰਘ ਜੀ ਸ਼ਾਮਲ ਸਨ। ਬੁਲਾਰਿਆਂ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਵਿਚਾਰਧਾਰਾ ਦੀ ਆਧੁਨਿਕ ਸਮਾਜ ਵਿੱਚ ਡੂੰਘੀ ਪ੍ਰਸੰਗਿਕਤਾ ਅਤੇ ਵਿਤਕਰੇ ਦੇ ਖਾਤਮੇ ਤੇ ਸਮਾਜਿਕ ਬਰਾਬਰੀ ਨੂੰ ਉਤਸ਼ਾਹਿਤ ਕਰਨ ਲਈ ਇਸ ਦੀ ਲਗਾਤਾਰ ਪ੍ਰੇਰਣਾਦਾਇਕ ਭੂਮਿਕਾ ਬਾਰੇ ਚਾਨਣਾ ਪਾਇਆ।

ਸਮਾਗਮ ਦੌਰਾਨ ਮੰਚ 'ਤੇ ਐਮਿਟੀ ਯੂਨੀਵਰਸਿਟੀ, ਮੋਹਾਲੀ ਦੇ ਪ੍ਰੋ-ਵਾਈਸ ਚਾਂਸਲਰ ਡਾ. ਪੁਨੀਤ ਸ਼ਰਮਾ ਅਤੇ ਰਜਿਸਟਰਾਰ ਡਾ. ਦਲੀਪ ਕੁਮਾਰ ਸਮੇਤ ਪ੍ਰਮੁੱਖ ਅਕਾਦਮਿਕ ਆਗੂ ਮੌਜੂਦ ਸਨ। ਡਾ. ਦਲੀਪ ਕੁਮਾਰ ਨੇ ਰਸਮੀ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਸਰਕਾਰੀ ਵਿਭਾਗਾਂ, ਆਏ ਹੋਏ ਵਿਦਵਾਨਾਂ, ਫੈਕਲਟੀ ਮੈਂਬਰਾਂ ਅਤੇ ਸੈਮੀਨਾਰ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਵੱਲੋਂ ਪਾਏ ਯੋਗਦਾਨ ਲਈ ਧੰਨਵਾਦ ਕੀਤਾ।

ਇਸ ਮੌਕੇ ਐਸ.ਡੀ.ਐਮ. ਮੋਹਾਲੀ ਸ੍ਰੀਮਤੀ ਦਮਨਦੀਪ ਕੌਰ ਅਤੇ ਪੰਜਾਬ ਦੇ ਉੱਚ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਮਨੀਸ਼ ਸ਼ਰਮਾ ਤੋਂ ਇਲਾਵਾ ਐਮਿਟੀ ਯੂਨੀਵਰਸਿਟੀ ਦੇ ਫੈਕਲਟੀ ਮੈਂਬਰ ਅਤੇ ਵਿਦਿਆਰਥੀ ਵੀ ਹਾਜ਼ਰ ਸਨ।

# 650ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਦਸਤਾਵੇਜ਼ੀ ਮੁਹਿੰਮ ਨੂੰ ਪਿੰਡ ਪੱਧਰ 'ਤੇ ਮਿਲ ਰਿਹਾ ਭਰਵਾਂ ਹੁੰਗਾਰਾ

**ਬਠਿੰਡਾ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਮੁਹਿੰਮ ਤਹਿਤ ਅੱਜ ਹਲਕਾ ਤਲਵੰਡੀ ਸਾਬੋ ਦੇ ਪਿੰਡ ਭਗਵਾਨਪੁਰਾ ਅਤੇ ਜਗਾ ਰਾਮ ਤੀਰਥ ਵਿਖੇ ਆਧੁਨਿਕ ਐਲ.ਈ.ਡੀ. ਸਕ੍ਰੀਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪਵਿੱਤਰ ਜੀਵਨ, ਉੱਚੇ ਆਦਰਸ਼ਾਂ ਅਤੇ ਮਨੁੱਖਤਾ ਨੂੰ ਸਮਰਪਿਤ ਸੰਦੇਸ਼ 'ਤੇ ਆਧਾਰਿਤ ਵਿਸ਼ੇਸ਼ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਪਿੰਡ ਭਗਵਾਨਪੁਰਾ ਅਤੇ ਜਗਾ ਰਾਮ ਤੀਰਥ ਵਿਖੇ ਵਿਸ਼ੇਸ਼ ਪ੍ਰਚਾਰ ਵੈਨ ਉੱਪਰ ਲਗਾਈ ਗਈ ਵੱਡੀ ਐਲ.ਈ.ਡੀ. ਸਕ੍ਰੀਨ ਰਾਹੀਂ ਕਰੀਬ 30 ਮਿੰਟ ਦੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਸਮਾਜਿਕ ਸਮਾਨਤਾ, ਆਪਸੀ ਪ੍ਰੇਮ, ਸਾਂਝੀਵਾਲਤਾ ਅਤੇ ਲੋਕ-ਭਲਾਈ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।

# ਫਿਰੋਜ਼ਪੁਰ ਵਿੱਚ 30 ਕਿਲੋਗ੍ਰਾਮ ਹੋਰ ਹੈਰੋਇਨ ਬਰਾਮਦ; ਤਿੰਨ ਵਿਅਕਤੀ ਕਾਬੂ

➢ ਇਹ ਖੇਪ ਅੱਗੇ ਸਪਲਾਈ ਲਈ ਕੌਮਾਂਤਰੀ ਸਰਹੱਦ ਪਾਰੋਂ ਭੇਜੀ ਗਈ ਸੀ: ਡੀਜੀਪੀ ਗੌਰਵ ਯਾਦਵ ➢ ਅਗਲੇਰੀ ਜਾਂਚ ਦੌਰਾਨ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ: ਏਡੀਜੀਪੀ ਏਐਨਟੀਐਫ ਨੀਲਭ ਕਿਸ਼ੋਰ ➢ ਫਿਰੋਜ਼ਪੁਰ ਵਿੱਚ ਚਾਰ ਦਿਨਾਂ ਅੰਦਰ ਸਰਹੱਦ ਪਾਰੋਂ ਚੱਲ ਰਹੇ ਦੋ ਨਸ਼ਾ ਤਸਕਰੀ ਮਾਡਿਊਲਾਂ ਦਾ ਕੀਤਾ ਗਿਆ ਪਰਦਾਫਾਸ਼

**ਫਿਰੋਜ਼ਪੁਰ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਫਿਰੋਜ਼ਪੁਰ ਰੇਂਜ ਨੇ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਮਾਡਿਊਲ ਨਾਲ ਸਬੰਧਤ ਤਿੰਨ ਵਿਅਕਤੀਆਂ ਨੂੰ 30.672 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਨਮੋਲਪ੍ਰੀਤ ਸਿੰਘ ਉਰਫ਼ ਅਨਮੋਲ (24) ਵਾਸੀ ਕਸੂਰੀ ਗੇਟ, ਫਿਰੋਜ਼ਪੁਰ; ਅਕਾਸ਼ ਸਿੰਘ ਉਰਫ਼ ਅਕਾਸ਼ (22) ਵਾਸੀ ਪਿੰਡ ਗੁਲਾਮ ਪੱਤਰਾ, ਫਿਰੋਜ਼ਪੁਰ ਅਤੇ ਮੌਜੂਦਾ ਪਤਾ ਸੰਤ ਕਬੀਰ ਨਗਰ, ਫਿਰੋਜ਼ਪੁਰ ਅਤੇ ਅੰਸ਼ਪ੍ਰੀਤ ਸਿੰਘ ਉਰਫ਼ ਅੰਸ਼ (25), ਵਾਸੀ ਰਾਜਘਾਟ, ਫਿਰੋਜ਼ਪੁਰ ਵਜੋਂ ਹੋਈ ਹੈ। ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ, ਤਸਕਰੀ ਦੀਆਂ ਗਤੀਵਿਧੀਆਂ ਲਈ ਵਰਤੀ ਜਾ ਰਹੀ ਇੱਕ ਹੁੰਡਈ ਵਰਨਾ ਕਾਰ (ਪੀਬੀ-77-5973) ਵੀ ਬਰਾਮਦ ਕੀਤੀ ਗਈ ਹੈ।

ਇਹ ਸਫਲਤਾ ਪੰਜਾਬ ਪੁਲਿਸ ਵੱਲੋਂ ਸੀਮਾ ਸੁਰੱਖਿਆ ਬਲ (ਬੀਐਸਐਫ) ਨਾਲ ਸਾਂਝੇ ਆਪ੍ਰੇਸ਼ਨ ਦੌਰਾਨ 30.200 ਕਿਲੋਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ



ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਨ ਤੋਂ ਕੁਝ ਦਿਨਾਂ ਬਾਅਦ ਹਾਸਲ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਖੇਪ ਵਿਦੇਸ਼ੀ ਨਸ਼ਾ ਤਸਕਰ ਵੱਲੋਂ ਕੌਮਾਂਤਰੀ ਸਰਹੱਦ ਪਾਰੋਂ ਭੇਜੀ ਗਈ ਸੀ ਅਤੇ ਇਹ ਖੇਪ ਇੱਕ ਭਾਰਤੀ ਤਸਕਰ ਵੱਲੋਂ ਅੱਗੇ ਸਪਲਾਈ ਕਰਨ ਲਈ ਫਿਰੋਜ਼ਪੁਰ ਦੇ ਪਿੰਡ ਅਲੀ ਕੇ ਦੇ ਖੇਤਰ ਵਿੱਚੋਂ ਪ੍ਰਾਪਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਸਰਹੱਦ ਪਾਰ ਹੈਂਡਲਰਾਂ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਪਛਾਣ ਕਰਨ ਅਤੇ ਇਸ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਵਾਸਤੇ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਏਐਨਟੀਐਫ ਨੀਲਭ ਕਿਸ਼ੋਰ ਨੇ ਦੱਸਿਆ ਕਿ ਦੋਸ਼ੀਆਂ ਵੱਲੋਂ ਇਸ ਵੱਡੀ ਖੇਪ ਦੀ ਪ੍ਰਾਪਤੀ ਉਪਰੰਤ ਇਸ ਖੇਪ ਨੂੰ ਲੈਜਾਣ ਸਬੰਧੀ ਪ੍ਰਾਪਤ ਠੋਸ ਮਨੁੱਖੀ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਐਸਪੀ ਏਐਨਟੀਐਫ ਫਿਰੋਜ਼ਪੁਰ ਰੇਂਜ ਗੁਰਿੰਦਰਬੀਰ ਸਿੰਘ ਦੀ ਅਗਵਾਈ ਵਿੱਚ ਏਐਨਟੀਐਫ ਟੀਮਾਂ ਨੇ ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਇੱਕ ਵਿਸ਼ੇਸ਼ ਆਪਰੇਸ਼ਨ ਚਲਾਇਆ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਤਿੰਨ ਸ਼ੱਕੀ ਵਿਅਕਤੀਆਂ ਨੂੰ ਰੋਕਿਆ ਗਿਆ ਜੋ ਆਪਣੀ ਹੁੰਡਈ ਵਰਨਾ ਕਾਰ ਵਿੱਚ ਜਾ ਰਹੇ ਸਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਗੱਡੀ ਦੀ ਤਲਾਸ਼ੀ ਦੌਰਾਨ 30.672 ਕਿਲੋਗ੍ਰਾਮ ਹੈਰੋਇਨ ਬਰਾਮਦ ਹੋਈ।

ਏਡੀਜੀਪੀ ਨੇ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

ਇਸ ਸਬੰਧੀ, ਐਫਆਈਆਰ ਨੰਬਰ 177 ਐਨਡੀਪੀਐਸ ਐਕਟ ਦੀ ਧਾਰਾ 21 ਅਤੇ 29 ਤਹਿਤ ਐਸਏਐਸ ਨਗਰ ਦੇ ਪੁਲਿਸ ਸਟੇਸ਼ਨ ਏਐਨਟੀਐਫ ਵਿੱਚ ਦਰਜ ਕੀਤੀ ਗਈ ਹੈ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਲੋਕਾਂ ਦੀ ਸਹੂਲਤ ਲਈ ਲੱਗਾ ਵਿਸ਼ੇਸ਼ ਕੈਂਪ

**ਬਟਾਲਾ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਲੋਕਾਂ ਦੀ ਸਹੂਲਤ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ,ਜਿਸ ਵਿੱਚ ਬਿਨਾਂ ਕਿਸੇ ਫੀਸ ਦੇ ਰਾਸ਼ਨ ਕਾਰਡ ਦੇ ਫਾਰਮ ਭਰੇ ਗਏ। ਉਨ੍ਹਾਂ ਸਪੱਸ਼ਟ ਕੀਤਾ ਕਿ ਰਾਸ਼ਨ ਕਾਰਡ ਬਣਾਉਣ ਲਈ ਕੋਈ ਫੀਸ ਨਹੀ ਲੱਗਦੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਹਿਰੂ ਗੇਟ ਦਫ਼ਤਰ ਵਿਖੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਲੋੜਵੰਦ ਲੋਕਾਂ ਦੇ ਲਈ ਰਾਸ਼ਨ ਕਾਰਡ ਦੇ ਫਾਰਮ ਭਰੇ ਗਏ ਅਤੇ ਆਨਲਾਈਨ ਪ੍ਰਕਿਰਿਆ ਵੀ ਕਰਵਾਈ ਗਈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਕੀਤੇ ਜਾ ਰਹੇ ਇਸ ਉਪਰਾਲੇ ਤੋਂ ਲੋਕ ਬੇਹੱਦ ਖੁਸ਼ ਹਨ। ਲੋਕਾਂ ਨੂੰ ਸਰਕਾਰੀ ਸਹੂਲਤਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਅਤੇ ਆਸਾਨ ਤਰੀਕੇ ਨਾਲ ਮਿਲਣੀਆਂ ਹੀ ਲੋਕ ਸੇਵਾ ਦਾ ਅਸਲ ਮਕਸਦ ਹੈ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਲਈ ਹਮੇਸ਼ਾ ਹਾਜ਼ਰ ਹਨ।

ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਉਨ੍ਹਾਂ ਵਲੋਂ ਖੁਦ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ।



# ਹਰਿਆਣਾ ਖ਼ਬਰਨਾਮਾ



## ਸਿਹਤ ਮੰਤਰੀ ਵੱਲੋਂ ਪੰਜਾਬ ਵਿੱਚ ਇੰਟੈਂਸੀਫਾਈਡ ਆਈ.ਈ.ਸੀ. ਮੁਹਿੰਮ-2026 ਦੀ ਸ਼ੁਰੂਆਤ



**ਪਟਿਆਲਾ, 12 ਅਗਸਤ**
**-ਛਤਰਪਾਲ ਸਿੰਘ-**

ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਅੱਜ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਪੰਜਾਬ ਏਡਜ਼ ਕੰਟਰੋਲ ਸੋਸਾਇਟੀ ਦੇ ਇੰਟੈਂਸੀਫਾਈਡ ਆਈ.ਈ.ਸੀ. ਮੁਹਿੰਮ 3.0 ਦੇ ਰਾਜ ਪੱਧਰੀ ਸਮਾਗਮ ਦੀ ਸ਼ੁਰੂਆਤ ਕਰਦਿਆਂ ਦੱਸਿਆ ਕਿ ਇਹ ਮੁਹਿੰਮ 12 ਅਗਸਤ ਤੋਂ 12 ਅਕਤੂਬਰ ਤੱਕ ਪੂਰੇ ਪੰਜਾਬ ਵਿੱਚ ਚਲਾਈ ਜਾਵੇਗੀ, ਜਿਸ ਦਾ ਉਦੇਸ਼ ਐੱਚ.ਆਈ.ਵੀ./ਏਡਜ਼ ਪ੍ਰਤੀ ਜਾਗਰੂਕਤਾ ਵਧਾਉਣਾ, ਸਮੇਂ ਸਿਰ ਜਾਂਚ ਤੇ ਇਲਾਜ ਲਈ ਪ੍ਰੇਰਿਤ ਕਰਨਾ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦੇਣਾ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ 23 ਜ਼ਿਲ੍ਹਿਆਂ ਦੇ ਲਗਭਗ 2,000 ਬੱਚਿਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚ ਜੇਤੂ ਬੱਚਿਆਂ ਨੂੰ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਰਕਾਰ ਵੱਲੋਂ ਖੇਡ ਮੈਦਾਨ ਵਿਕਸਿਤ ਕਰਨ ਦੇ ਨਾਲ-ਨਾਲ ਨਸ਼ਾ ਛੁਡਾਊ ਕੇਂਦਰਾਂ ਰਾਹੀਂ ਇਲਾਜ, ਕਾਉਂਸਲਿੰਗ ਅਤੇ ਪੁਨਰਵਾਸ ਦੀਆਂ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁਹਿੰਮ ਤਹਿਤ ਸੂਬੇ ਦੇ 12,997 ਸਕੂਲਾਂ ਅਤੇ 1,475 ਕਾਲਜਾਂ ਵਿੱਚ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ 2,000 ਪਿੰਡਾਂ ਵਿੱਚ ਕਾਉਂਸਲਰਾਂ ਵੱਲੋਂ ਘਰ-ਘਰ ਜਾ ਕੇ ਐੱਚ.ਆਈ.ਵੀ./ਏਡਜ਼ ਸਬੰਧੀ ਜਾਗਰੂਕ ਕੀਤਾ ਜਾਵੇਗਾ ਅਤੇ ਰੈਲੀਆਂ, ਫਲੈਸ਼ ਮੌਬ ਤੇ ਹੋਰ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ।

ਸਿਹਤ ਮੰਤਰੀ ਨੇ ਕਿਹਾ ਕਿ ਐੱਚ.ਆਈ.ਵੀ. ਨਾਲ ਪ੍ਰਭਾਵਿਤ ਵਿਅਕਤੀਆਂ ਨਾਲ ਭੇਦਭਾਵ ਕਾਨੂੰਨੀ ਅਪਰਾਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਐੱਚ.ਆਈ.ਵੀ. ਦੀ ਰੋਕਥਾਮ ਦੇ ਨਾਲ-ਨਾਲ ਪ੍ਰਭਾਵਿਤ ਵਿਅਕਤੀਆਂ ਨੂੰ ਸਨਮਾਨ ਨਾਲ ਜੀਵਨ ਬਤੀਤ ਕਰਨ ਲਈ ਮਾਹੌਲ ਪ੍ਰਦਾਨ ਕਰਨਾ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਨਾਲ ਜੁੜਨ ਅਤੇ ਐੱਚ.ਆਈ.ਵੀ./ਏਡਜ਼ ਪ੍ਰਤੀ ਆਪਣੇ ਸਾਥੀਆਂ ਨੂੰ ਵੀ ਜਾਗਰੂਕ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਐੱਚ.ਆਈ.ਵੀ. ਦੀ ਰੋਕਥਾਮ ਅਤੇ ਇਲਾਜ ਲਈ 114 ਇੰਟੀਗ੍ਰੇਟਿਡ ਕਾਉਂਸਲਿੰਗ ਐਂਡ ਟੈਸਟਿੰਗ ਸੈਂਟਰ, 27 ਐਂਟੀ-ਰੇਟਰੋਵਾਇਰਲ ਥੈਰੇਪੀ ਸੈਂਟਰ, 31 ਡਿਜ਼ਾਈਨੇਟਿਡ ਐਸ.ਟੀ.ਆਈ./ਆਰ.ਟੀ.ਆਈ. ਕਲੀਨਿਕ, 71 ਟਾਰਗੇਟਿਡ ਇੰਟਰਵੈਂਸ਼ਨ ਪ੍ਰੋਜੈਕਟ, 49 ਓਰਲ ਸਬਸਟੀਚਿਊਸ਼ਨ ਥੈਰੇਪੀ ਸੈਂਟਰ, 36 ਨਸ਼ਾ ਛੁਡਾਊ ਕੇਂਦਰ, 15 ਰੀਹੈਬਿਲੀਟੇਸ਼ਨ ਸੈਂਟਰ ਅਤੇ 548 ਆਊਟਪੇਸ਼ੈਂਟ ਓਪੀਓਇਡ ਅਸਿਸਟਡ ਟਰੀਟਮੈਂਟ ਕਲੀਨਿਕਾਂ ਰਾਹੀਂ ਮੁਫ਼ਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।

ਇਸ ਮੌਕੇ ਤੇ ਸ੍ਰੀ ਕੁਮਾਰ ਰਾਹੁਲ ਪ੍ਰਮੁੱਖ ਸਕੱਤਰ, ਸ੍ਰੀਮਤੀ ਸਾਕਸ਼ੀ ਸਾਹਨੀ ਵਿਸ਼ੇਸ਼ ਸਕੱਤਰ, ਨਵਰੀਤ ਸੇਖੋਂ ਏ.ਡੀ. ਸੀ. ਪਟਿਆਲਾ, ਡਾ. ਜਗਦੀਪ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ ਸੁਨੀਲ ਬਾਂਸਲ ਡਾਇਰੈਕਟਰ ਪੀ. ਐਚ. ਐਸ. ਸੀ., ਡਾ ਅਵਨੀਸ਼ ਸ਼ਰਮਾ ਡੀ. ਆਰ. ਐਮ. ਈ., ਪੰਜਾਬ, ਡਾ. ਅਨਿਲ ਗੋਇਲ ਡਾਇਰੈਕਟਰ ਈਐਸਆਈ ਪੰਜਾਬ, ਡਾ. ਸ਼ੈਲੀ ਜੇਟਲੀ ਜੀ ਸਿਵਲ ਸਰਜਨ ਪਟਿਆਲਾ, ਡਾ. ਵਿਸ਼ਾਲ ਗਰਗ ਅਡੀਸ਼ਨਲ ਪ੍ਰੋਜੈਕਟ ਡਾਇਰੈਕਟਰ ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ, ਸ੍ਰੀਮਤੀ ਪਵਨ ਰੇਖਾ ਬੇਰੀ ਜੁਆਇੰਟ ਡਾਇਰੈਕਟਰ (ਆਈ.ਈ.ਸੀ.), ਡਾ. ਸੁਖਵਿੰਦਰ, ਜੁਆਇੰਟ ਡਾਇਰੈਕਟਰ (ਬੀ.ਐਸ.ਡੀ.), ਡਾ. ਸੁਨੀਤਾ ਭਗਤ ਜੁਆਇੰਟ ਡਾਇਰੈਕਟਰ (ਬੀ.ਟੀ.ਐਸ) ਅਤੇ ਡਾ. ਹਰਪ੍ਰੀਤ ਕੌਰ ਜੁਆਇੰਟ ਡਾਇਰੈਕਟਰ (ਸੀ.ਐੱਸ.ਟੀ.) ਤੇ ਹੋਰ ਅਧਿਕਾਰੀ ਮੌਜੂਦ ਸਨ।

## ਯਮੁਨਾ ਵਾਤਾਵਰਣ ਪ੍ਰਣਾਲੀ ਦੇ ਪੁਨਰ-ਸੁਰਜੀਤੀ ਲਈ ਸਮਾਂ-ਬੱਧ ਕਾਰਜ ਯੋਜਨਾ; ਸੀਵਰੇਜ ਤੋਂ ਲੈ ਕੇ ਤਲਾਬਾਂ ਤੱਕ, ਪ੍ਰਦੂਸ਼ਣ ਕੰਟਰੋਲ 'ਤੇ ਤੇਜ਼ੀ ਨਾਲ ਹੋਣਗੇ ਕੰਮ

**ਚੰਡੀਗੜ੍ਹ, 12 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਨੇ ਯਮੁਨਾ ਨਦੀ ਅਤੇ ਇਸ ਨਾਲ ਜੁੜੇ ਜਲ ਸਰੋਤਾਂ ਦੀ ਸਥਿਤੀ ਨੂੰ ਸੁਧਾਰਨ ਲਈ ਯਤਨ ਤੇਜ਼ ਕਰ ਦਿੱਤੇ ਹਨ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਯਮੁਨਾ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਵਿੱਚ ਸੀਵਰੇਜ ਟ੍ਰੀਟਮੈਂਟ ਪਲਾਂਟ, ਉਦਯੋਗਿਕ ਗੰਦੇ ਪਾਣੀ ਲਈ ਸਾਂਝੇ ਉਪਚਾਰ ਪਲਾਂਟ (ਈ.ਟੀ.ਪੀ.), ਠੋਸ ਕਚਰਾ ਪ੍ਰਬੰਧਨ, ਯਮੁਨਾ ਕੰਢੇ ਵਸੇ ਪਿੰਡਾਂ ਵਿੱਚ ਸੀਵਰੇਜ ਪ੍ਰਬੰਧਨ, ਜਲ ਸਰੋਤਾਂ ਦੇ ਪੁਨਰ-ਸੁਰਜੀਤੀ ਅਤੇ ਨਵੇਂ ਬਾਇਓਗੈਸ ਪਲਾਂਟ ਸਥਾਪਤ ਕਰਨ ਸਮੇਤ ਵੱਖ-ਵੱਖ ਕੰਮਾਂ ਦੀ ਸਮੀਖਿਆ ਕੀਤੀ ਗਈ। ਇਨ੍ਹਾਂ ਯੋਜਨਾਵਾਂ ਵਿੱਚ ਸੋਨੀਪਤ, ਪਾਣੀਪਤ, ਕਰਨਾਲ, ਰੋਹਤਕ, ਗੁਰੂਗ੍ਰਾਮ, ਫਰੀਦਾਬਾਦ, ਨੂੰਹ ਅਤੇ ਯਮੁਨਾਨਗਰ ਸਮੇਤ ਵੱਖ-ਵੱਖ ਸ਼ਹਿਰੀ ਖੇਤਰਾਂ ਨੂੰ ਸ਼ਾਮਲ ਕੀਤਾ ਗਿਆ ਹੈ।

ਮੁੱਖ ਸਕੱਤਰ ਨੇ ਪ੍ਰਦੂਸ਼ਣ ਕੰਟਰੋਲ ਨਾਲ ਜੁੜੇ ਪ੍ਰੋਜੈਕਟਾਂ ਨੂੰ ਯੋਜਨਾ ਅਤੇ ਟੈਂਡਰ ਪ੍ਰਕਿਰਿਆ ਤੋਂ ਅੱਗੇ ਵਧਾ ਕੇ ਨਿਰਧਾਰਤ ਸਮੇਂ ਵਿੱਚ ਪੂਰਾ ਕਰਨ ਅਤੇ ਪੈਂਡਿੰਗ ਕੰਮਾਂ ਨੂੰ ਤੇਜ਼ੀ ਨਾਲ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਯਮੁਨਾ ਅਤੇ ਇਸ ਨਾਲ ਜੁੜੇ ਜਲ ਸਰੋਤਾਂ ਦੀ ਸਫ਼ਾਈ ਲਈ ਸੀਵਰੇਜ ਟ੍ਰੀਟਮੈਂਟ, ਉਦਯੋਗਿਕ ਗੰਦੇ ਪਾਣੀ ਦਾ ਪ੍ਰਬੰਧਨ, ਠੋਸ ਕਚਰਾ ਪ੍ਰਬੰਧਨ ਅਤੇ ਜਲ ਸਰੋਤਾਂ ਦੇ ਪੁਨਰ-ਸੁਰਜੀਤੀ 'ਤੇ ਇੱਕੋ ਸਮੇਂ ਪ੍ਰਭਾਵੀ ਕਾਰਵਾਈ ਜ਼ਰੂਰੀ ਹੈ। ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਸ੍ਰੀ ਵਿਨੈ ਪ੍ਰਤਾਪ ਸਿੰਘ ਨੇ ਦੱਸਿਆ ਕਿ ਗੁਰੂਗ੍ਰਾਮ ਵਿੱਚ ਚਾਰ ਪ੍ਰਮੁੱਖ ਸੀਵਰੇਜ ਟ੍ਰੀਟਮੈਂਟ ਪਲਾਂਟ ਵੱਖ-ਵੱਖ ਪੜਾਵਾਂ ਵਿੱਚ ਹਨ। ਇਨ੍ਹਾਂ ਵਿੱਚ ਧਨਵਾਪੁਰ ਵਿੱਚ 100 ਐਮ.ਐਲ.ਡੀ., ਬਹਿਰਾਮਪੁਰ ਵਿੱਚ 100 ਐਮ.ਐਲ.ਡੀ., ਨੌਰੰਗਪੁਰ ਵਿੱਚ 40 ਐਮ.ਐਲ.ਡੀ. ਅਤੇ ਸੈਕਟਰ-107 ਵਿੱਚ 100 ਐਮ.ਐਲ.ਡੀ. ਸਮਰੱਥਾ ਦੇ ਪਲਾਂਟ ਸ਼ਾਮਲ ਹਨ। ਇਨ੍ਹਾਂ ਪ੍ਰੋਜੈਕਟਾਂ ਦੀਆਂ ਵਿੱਤੀ ਅਤੇ ਤਕਨੀਕੀ ਬੋਲੀਆਂ (ਟੈਂਡਰ) ਅਗਸਤ ਅਤੇ ਸਤੰਬਰ ਵਿੱਚ ਖੋਲ੍ਹੇ ਜਾਣ ਪ੍ਰਸਤਾਵਿਤ ਹਨ।

ਫਰੀਦਾਬਾਦ ਵਿੱਚ 20 ਐਮ.ਐਲ.ਡੀ. ਸਮਰੱਥਾ ਵਾਲੇ ਮਿਰਜ਼ਾਪੁਰ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਕੰਮ 30 ਅਗਸਤ ਤੱਕ ਸ਼ੁਰੂ ਕਰਨ ਦਾ ਟੀਚਾ ਹੈ, ਜਦੋਂ ਕਿ 20 ਐਮ.ਐਲ.ਡੀ. ਸਮਰੱਥਾ ਵਾਲੇ ਸੂਰਜਕੁੰਡ ਪ੍ਰੋਜੈਕਟ ਦੀਆਂ ਤਕਨੀਕੀ ਬੋਲੀਆਂ 24 ਅਗਸਤ ਤੱਕ ਖੋਲ੍ਹੀਆਂ ਜਾਣੀਆਂ ਪ੍ਰਸਤਾਵਿਤ ਹਨ।

ਸੋਨੀਪਤ ਵਿੱਚ 7.5 ਐਮ.ਐਲ.ਡੀ. ਸਮਰੱਥਾ ਵਾਲੇ ਕੁੰਡਲੀ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਨਿਰਮਾਣ ਕੰਮ ਵੀ ਜਲਦੀ ਸ਼ੁਰੂ ਕਰਨ ਦਾ ਟੀਚਾ ਹੈ। ਪਾਣੀਪਤ ਦੇ ਸਮਾਲਖਾ ਵਿੱਚ ਪ੍ਰਸਤਾਵਿਤ 4 ਐਮ.ਐਲ.ਡੀ. ਸਮਰੱਥਾ ਵਾਲੇ ਸੀਵਰੇਜ ਟ੍ਰੀਟਮੈਂਟ ਪਲਾਂਟ ਦੀਆਂ ਵਿੱਤੀ ਬੋਲੀਆਂ 25 ਅਗਸਤ ਤੱਕ ਖੋਲ੍ਹੀਆਂ ਜਾਣੀਆਂ ਪ੍ਰਸਤਾਵਿਤ ਹਨ।

ਸਰਕਾਰ ਵੱਲੋਂ ਉਦਯੋਗਿਕ ਗੰਦੇ ਪਾਣੀ ਦੇ ਟ੍ਰੀਟਮੈਂਟ ਦੀ ਵਿਵਸਥਾ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ। ਫਰੀਦਾਬਾਦ ਦੇ ਪ੍ਰਤਾਪਗੜ੍ਹ ਵਿੱਚ ਪ੍ਰਸਤਾਵਿਤ 50 ਐਮ.ਐਲ.ਡੀ. ਸਮਰੱਥਾ ਦੇ ਸਾਂਝੇ ਉਦਯੋਗਿਕ ਗੰਦੇ ਪਾਣੀ ਦੇ ਟ੍ਰੀਟਮੈਂਟ ਪਲਾਂਟ ਲਈ ਟੈਂਡਰ ਜਾਰੀ ਕਰ ਦਿੱਤੇ ਗਏ ਹਨ। ਗੁਰੂਗ੍ਰਾਮ ਦੇ ਸੈਕਟਰ-34 ਵਿੱਚ 20 ਐਮ.ਐਲ.ਡੀ. ਸਮਰੱਥਾ ਦੇ ਪਲਾਂਟ ਦੀਆਂ ਤਕਨੀਕੀ ਬੋਲੀਆਂ 3 ਅਗਸਤ ਨੂੰ ਖੋਲ੍ਹੀਆਂ ਗਈਆਂ। ਇਸ ਤੋਂ ਇਲਾਵਾ ਗੁਰੂਗ੍ਰਾਮ ਦੇ ਬਾਦਸ਼ਾਹਪੁਰ ਵਿੱਚ 15 ਐਮ.ਐਲ.ਡੀ. ਅਤੇ ਸੈਕਟਰ-37 ਵਿੱਚ 9 ਐਮ.ਐਲ.ਡੀ. ਸਮਰੱਥਾ ਵਾਲੇ ਸਾਂਝੇ ਉਪਚਾਰ ਪਲਾਂਟਾਂ ਸਮੇਤ ਹੋਰ ਪ੍ਰੋਜੈਕਟਾਂ ਦੀ ਵੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਯਮੁਨਾ ਕੰਢੇ ਵਸੇ ਪਿੰਡਾਂ ਲਈ ਤਿਆਰ ਕੀਤੀ ਗਈ ਸੀਵਰੇਜ ਪ੍ਰਬੰਧਨ ਯੋਜਨਾ ਦੀ ਵੀ ਸਮੀਖਿਆ ਕੀਤੀ ਗਈ। ਇਸ ਤਹਿਤ ਸੋਨੀਪਤ, ਕਰਨਾਲ ਅਤੇ ਪਾਣੀਪਤ ਦੇ ਪਿੰਡਾਂ ਵਿੱਚ ਥ੍ਰੀ-ਪੌਂਡ ਸਿਸਟਮ ਅਤੇ ਛੋਟੇ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਰਾਹੀਂ ਸੀਵਰੇਜ ਦਾ ਉਪਚਾਰ ਕੀਤਾ ਜਾਵੇਗਾ। ਸਰਕਾਰ ਦਾ ਮੰਨਣਾ ਹੈ ਕਿ ਯਮੁਨਾ ਦੇ ਪੁਨਰ-ਸੁਰਜੀਤੀ ਲਈ ਸਿਰਫ਼ ਸ਼ਹਿਰੀ ਖੇਤਰਾਂ ਵਿੱਚ ਹੀ ਨਹੀਂ, ਸਗੋਂ ਨਦੀ ਦੇ ਕੰਢੇ ਵਸੇ ਪਿੰਡਾਂ ਵਿੱਚ ਵੀ ਪ੍ਰਭਾਵੀ ਸੀਵਰੇਜ ਪ੍ਰਬੰਧਨ ਜ਼ਰੂਰੀ ਹੈ।

ਯਮੁਨਾ ਵਾਤਾਵਰਣ ਪ੍ਰਣਾਲੀ ਨਾਲ ਜੁੜੇ ਸਥਾਨਕ ਜਲ ਸਰੋਤਾਂ ਦੇ ਪੁਨਰ-ਸੁਰਜੀਤੀ 'ਤੇ ਵੀ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਫਰੀਦਾਬਾਦ, ਕਰਨਾਲ, ਪਾਣੀਪਤ ਅਤੇ ਸੋਨੀਪਤ ਦੇ 13 ਜਲ ਸਰੋਤਾਂ ਨੂੰ ਪੁਨਰ-ਸੁਰਜੀਤੀ ਲਈ ਨਿਸ਼ਾਨਦੇਹ ਕੀਤਾ ਗਿਆ ਹੈ। ਇਨ੍ਹਾਂ ਜਲ ਸਰੋਤਾਂ ਦਾ ਕੁੱਲ ਖੇਤਰਫਲ 19.12 ਹੈਕਟੇਅਰ ਹੈ। ਇਨ੍ਹਾਂ ਸਥਾਨਾਂ 'ਤੇ ਪ੍ਰਦੂਸ਼ਣ ਦਾ ਮੁੱਖ ਕਾਰਨ ਘਰੇਲੂ ਸੀਵਰੇਜ ਪਾਇਆ ਗਿਆ ਹੈ ਅਤੇ ਪੁਨਰ-ਸੁਰਜੀਤੀ ਦਾ ਕੰਮ 31 ਦਸੰਬਰ, 2027 ਤੱਕ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ।

ਸ਼ਹਿਰੀ ਖੇਤਰਾਂ ਵਿੱਚ ਠੋਸ ਕਚਰਾ ਪ੍ਰਬੰਧਨ ਨੂੰ ਵੀ ਯਮੁਨਾ ਕਾਰਜ ਯੋਜਨਾ ਦਾ ਮਹੱਤਵਪੂਰਨ ਹਿੱਸਾ ਬਣਾਇਆ ਗਿਆ ਹੈ। ਮੌਜੂਦਾ ਯੋਜਨਾ ਵਿੱਚ 33 ਸ਼ਹਿਰੀ ਸਥਾਨਕ ਨਿਕਾਏ ਨੂੰ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ 27 ਸ਼ਹਿਰੀ ਸਥਾਨਕ ਨਿਕਾਇਆਂ ਵਿੱਚ 22 ਸਾਲ ਦੀ ਮਿਆਦ ਲਈ ਠੋਸ ਕਚਰਾ ਪ੍ਰਬੰਧਨ ਦੇ ਠੇਕੇ ਦਿੱਤੇ ਜਾ ਚੁੱਕੇ ਹਨ, ਜਦੋਂ ਕਿ 6 ਸ਼ਹਿਰੀ ਸਥਾਨਕ ਨਿਕਾਯਾਂ ਵਿੱਚ ਟੈਂਡਰ ਪ੍ਰਕਿਰਿਆ ਜਾਰੀ ਹੈ।

ਹਰਿਆਣਾ ਵਿੱਚ ਕਚਰੇ ਤੋਂ ਸਾਧਨ ਜੁਟਾਉਣ ਦੀ ਦਿਸ਼ਾ ਵਿੱਚ ਨਵੇਂ ਬਾਇਓਗੈਸ ਪਲਾਂਟ ਵੀ ਸਥਾਪਤ ਕੀਤੇ ਜਾ ਰਹੇ ਹਨ। ਪ੍ਰਸਤਾਵਿਤ ਤਿੰਨ ਪਲਾਂਟਾਂ ਦੀ ਕੁੱਲ ਸਮਰੱਥਾ 650 ਟਨ ਪ੍ਰਤੀ ਦਿਨ ਹੋਵੇਗੀ। ਇਨ੍ਹਾਂ ਵਿੱਚ ਸੋਨੀਪਤ ਦੇ ਰਾਈ-ਜਾਖੌਲੀ ਵਿੱਚ 400 ਟਨ ਪ੍ਰਤੀ ਦਿਨ, ਫਰੀਦਾਬਾਦ ਦੇ ਮੋਹਨਾ-ਬੱਲਭਗੜ੍ਹ ਵਿੱਚ 100 ਟਨ ਪ੍ਰਤੀ ਦਿਨ ਅਤੇ ਯਮੁਨਾਨਗਰ ਵਿੱਚ 150 ਟਨ ਪ੍ਰਤੀ ਦਿਨ ਸਮਰੱਥਾ ਦਾ ਪਲਾਂਟ ਸ਼ਾਮਲ ਹੈ। ਸੋਨੀਪਤ ਪ੍ਰੋਜੈਕਟ ਦਾ ਨਿਰਮਾਣ ਕੰਮ ਸੁਚਾਰੂ ਹੋ ਚੁੱਕਾ ਹੈ, ਫਰੀਦਾਬਾਦ ਪ੍ਰੋਜੈਕਟ ਦੀ ਵਿਸਥਾਰ ਪ੍ਰੋਜੈਕਟ ਰਿਪੋਰਟ ਤਿਆਰ ਹੈ, ਜਦੋਂ ਕਿ ਯਮੁਨਾਨਗਰ ਪ੍ਰੋਜੈਕਟ ਦੇ ਟੈਂਡਰ ਤੋਂ ਬਾਅਦ ਤਕਨੀਕੀ ਸਮੀਖਿਆ ਕੀਤੀ ਜਾ ਰਹੀ ਹੈ। ਮੀਟਿੰਗ ਵਿੱਚ ਸ਼ਹਿਰੀ ਸਥਾਨਕ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਕੁਮਾਰ ਮੀਣਾ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਟਰਾਂਸਪੋਰਟ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਅਤੁਲ ਕੁਮਾਰ ਬਣੇ ਮਹਿੰਦਰਗੜ੍ਹ ਜ਼ਿਲ੍ਹੇ ਦੇ ਇੰਚਾਰਜ



**ਚੰਡੀਗੜ੍ਹ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਟਰਾਂਸਪੋਰਟ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਤੁਲ ਕੁਮਾਰ ਨੂੰ ਉਨ੍ਹਾਂ ਦੇ ਮੌਜੂਦਾ ਕਾਰਜਭਾਰ ਤੋਂ ਇਲਾਵਾ ਮਹਿੰਦਰਗੜ੍ਹ ਜ਼ਿਲ੍ਹੇ ਦਾ ਇੰਚਾਰਜ ਨਿਯੁਕਤ ਕੀਤਾ ਹੈ।

ਇਸ ਸਬੰਧ ਵਿੱਚ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ।

ਸੋਧੇ ਹੋਏ ਫੀਡਬੈਕ ਵਿਵਸਥਾ ਤਹਿਤ ਸ੍ਰੀ ਅਤੁਲ ਕੁਮਾਰ ਹਰ ਤਿਮਾਹੀ ਨਿਗਰਾਨੀ ਅਤੇ ਤਾਲਮੇਲ ਸੈਲ ਨੂੰ ਫੀਡਬੈਕ ਦੇਣਗੇ। ਉਹ 25 ਕਰੋੜ ਰੁਪਏ ਜਾਂ ਇਸ ਤੋਂ ਵੱਧ ਲਾਗਤ ਵਾਲੇ ਪ੍ਰੋਜੈਕਟਾਂ, ਜ਼ਿਲ੍ਹੇ ਵਿੱਚ ਅਪਰਾਧ ਦੀ ਸਥਿਤੀ ਅਤੇ ਘਿਣਾਉਣੇ ਅਪਰਾਧਾਂ, ਵਿਜੀਲੈਂਸ ਨਾਲ ਜੁੜੇ ਮਾਮਲਿਆਂ, ਸੇਵਾ ਦਾ ਅਧਿਕਾਰ ਐਕਟ ਤਹਿਤ ਸੇਵਾਵਾਂ ਪ੍ਰਦਾਨ ਕਰਨ ਦੀ ਵਿਵਸਥਾ ਦੀ ਪ੍ਰਭਾਵਸ਼ੀਲਤਾ ਅਤੇ ਸਿਹਤ, ਸਿੱਖਿਆ ਅਤੇ ਸਮਾਜਿਕ ਖੇਤਰਾਂ ਦੇ ਕੰਮਕਾਜ ਦੀ ਸਮੀਖਿਆ ਵੀ ਕਰਨਗੇ।

ਇਸ ਤੋਂ ਇਲਾਵਾ, ਉਹ ਜ਼ਿਲ੍ਹਾ ਆਬਕਾਰੀ ਅਤੇ ਕਰਾਧਾਨ ਅਧਿਕਾਰੀਆਂ ਦੇ ਸਾਹਮਣੇ ਟੈਕਸ, ਜੀ.ਐਸ.ਟੀ. ਅਤੇ ਇਸ ਨਾਲ ਜੁੜੇ ਹੋਰ ਮਾਮਲਿਆਂ ਵਿੱਚ ਆ ਰਹੀਆਂ ਮੁਸ਼ਕਲਾਂ ਦੀ ਵੀ ਸਮੀਖਿਆ ਕਰਨਗੇ। ਉਹ ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ/ਸੁਪਰਡੈਂਟ ਆਫ਼ ਪੁਲਿਸ ਦੀ ਮੌਜੂਦਗੀ ਵਿੱਚ ਵਿਧਾਇਕਾਂ ਅਤੇ ਹੋਰ ਜਨ ਪ੍ਰਤੀਨਿਧੀਆਂ ਨਾਲ ਵੀ ਗੱਲਬਾਤ ਕਰ ਸਕਣਗੇ।

ਇਸ ਦੇ ਨਾਲ ਹੀ ਉਹ ਸਿਹਤ ਜਾਂ ਸਿੱਖਿਆ ਵਿਭਾਗ ਨਾਲ ਸੰਬੰਧਤ ਕਿਸੇ ਮਹੱਤਵਪੂਰਨ ਸਥਾਨ ਦਾ ਦੌਰਾ ਵੀ ਕਰ ਸਕਦੇ ਹਨ।

## ਹਰਿਆਣਾ ਦੀ ਨਵੀਂ ਉਡਾਣ: 15 ਲੱਖ ਐਮ.ਐਸ.ਐਮ.ਈ. ਬਣਨਗੇ ਆਰਥਿਕ ਵਿਕਾਸ ਦੇ ਨਵੇਂ ਇੰਜਣ

## ਮੁੱਖ ਮੰਤਰੀ ਨੇ ਉਦਯੋਗ ਵਿਸਤਾਰ, ਰੁਜ਼ਗਾਰ ਅਤੇ ਨਿਰਯਾਤ ਨੂੰ ਹਰਿਆਣਾ ਦੇ ਅਗਲੇ ਵਿਕਾਸ ਪੜਾਅ ਦੇ ਕੇਂਦਰ ਵਿੱਚ ਰੱਖਿਆ

**ਚੰਡੀਗੜ੍ਹ, 12 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸੱਤਵੇਂ ਦਹਾਕੇ ਵਿੱਚ ਪ੍ਰਵੇਸ਼ ਦੇ ਨਾਲ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਰਾਜ ਦੇ 15 ਲੱਖ ਐਮ.ਐਸ.ਐਮ.ਈ. (ਸੂਖਮ, ਲਘੂ ਅਤੇ ਮੱਧਮ ਉਦਯੋਗਾਂ) ਨੂੰ ਆਰਥਿਕ ਵਿਕਾਸ ਦੇ ਅਗਲੇ ਪੜਾਅ ਦਾ ਪ੍ਰਮੁੱਖ ਆਧਾਰ ਬਣਾਉਣ ਦਾ ਟੀਚਾ ਰੱਖਿਆ ਹੈ। ਸਰਕਾਰ ਨੇ ਇਸ ਲਈ ਹਰਿਆਣਾ ਪ੍ਰਗਤੀਸ਼ੀਲ ਐਮ.ਐਸ.ਐਮ.ਈ. ਅਤੇ ਨਿਰਯਾਤ ਪ੍ਰੋਤਸਾਹਨ ਨੀਤੀ-2026 ਤਹਿਤ ਪੰਜ ਸਾਲ ਦਾ ਰੋਡਮੈਪ ਤਿਆਰ ਕੀਤਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਰਨਾਲ ਵਿੱਚ ਹਰਿਆਣਾ ਪ੍ਰਗਤੀਸ਼ੀਲ ਐਮ.ਐਸ.ਐਮ.ਈ. ਅਤੇ ਨਿਰਯਾਤ ਪ੍ਰੋਤਸਾਹਨ ਨੀਤੀ-2026 ਨੀਤੀ ਨੂੰ ਲਾਂਚ ਕੀਤਾ। ਇਸ ਦਾ ਟੀਚਾ 55,000 ਕਰੋੜ ਰੁਪਏ ਤੋਂ ਵੱਧ ਦਾ ਨਿਰਮਾਣ ਨਿਵੇਸ਼ ਆਕਰਸ਼ਿਤ ਕਰਨਾ, 5 ਲੱਖ ਤੋਂ ਵੱਧ ਨਵੇਂ ਰੁਜ਼ਗਾਰ ਪੈਦਾ ਕਰਨਾ ਅਤੇ ਸਾਲ 2031 ਤੱਕ ਹਰਿਆਣਾ ਦੇ ਨਿਰਯਾਤ ਨੂੰ ਦੁੱਗਣਾ ਕਰਨਾ ਹੈ।

ਨੀਤੀ ਵਿੱਚ ਵਿੱਤ, ਉਦਯੋਗਿਕ ਢਾਂਚਾ, ਤਕਨੀਕ, ਨਵਾਚਾਰ, ਨਿਰਯਾਤ, ਸਥਿਰਤਾ ਅਤੇ ਹੁਨਰ ਵਿਕਾਸ ਸਮੇਤ 60 ਮਹੱਤਵਪੂਰਨ ਪਹਿਲਾਂ ਸ਼ਾਮਲ ਕੀਤੀਆਂ ਗਈਆਂ ਹਨ। ਸਰਕਾਰ ਦਾ ਜ਼ੋਰ ਕੇਵਲ ਨਵੇਂ ਉਦਯੋਗ ਲਗਾਉਣ 'ਤੇ ਨਹੀਂ, ਸਗੋਂ ਪਹਿਲਾਂ ਤੋਂ ਚੱਲ ਰਹੇ ਉਦਯੋਗਾਂ ਨੂੰ ਵਧਾਉਣ, ਆਧੁਨਿਕ ਬਣਾਉਣ ਅਤੇ ਦੇਸ਼-ਵਿਦੇਸ਼ ਦੇ ਬਾਜ਼ਾਰਾਂ ਵਿੱਚ ਪ੍ਰਤੀਯੋਗੀ ਬਣਾਉਣ 'ਤੇ ਵੀ ਹੈ।

ਨੀਤੀ ਤਹਿਤ ਸਮਰਪਿਤ ਐਮ.ਐਸ.ਐਮ.ਈ. ਡਾਇਰੈਕਟੋਰੇਟ ਸਥਾਪਿਤ ਕੀਤਾ ਜਾਵੇਗਾ। ਇਸ ਦਾ ਉਦੇਸ਼ ਰਾਜ ਦੇ ਵਿਸ਼ਾਲ ਐਮ.ਐਸ.ਐਮ.ਈ. ਖੇਤਰ ਨੂੰ ਇੱਕ ਜਗ੍ਹਾ ਤੋਂ ਸੰਸਥਾਗਤ ਸਹਾਇਤਾ ਦੇਣਾ ਅਤੇ ਉਦਯੋਗਾਂ ਦੇ ਵਿਕਾਸ ਲਈ ਮਜ਼ਬੂਤ ਵਿਵਸਥਾ ਤਿਆਰ ਕਰਨਾ ਹੈ। ਇਹ ਡਾਇਰੈਕਟੋਰੇਟ ਨਿਵੇਸ਼, ਨਵੀਂ ਤਕਨੀਕ ਅਪਣਾਉਣ, ਵਿੱਤ ਤੱਕ ਪਹੁੰਚ, ਬੁਨਿਆਦੀ ਢਾਂਚੇ ਅਤੇ ਬਾਜ਼ਾਰ ਉਪਲਬਧ ਕਰਾਉਣ ਵਿੱਚ ਐਮ.ਐਸ.ਐਮ.ਈ. ਦੀ ਮਦਦ ਕਰੇਗਾ।

ਨਵੀਂ ਨੀਤੀ ਦਾ ਫੋਕਸ ਕੇਵਲ ਨਵੇਂ ਉਦਯੋਗ ਸ਼ੁਰੂ ਕਰਵਾਉਣ ਤੱਕ ਸੀਮਤ ਨਹੀਂ ਹੈ। ਮੌਜੂਦਾ ਉਦਯੋਗਾਂ ਦੇ ਵਿਸਤਾਰ, ਆਧੁਨਿਕੀਕਰਨ ਅਤੇ ਮੁੱਲ ਲੜੀ ਵਿੱਚ ਉੱਪਰ ਉੱਠਣ ਲਈ ਵੀ ਸਹਾਇਤਾ ਦਿੱਤੀ ਜਾਵੇਗੀ। ਹਰਿਆਣਾ ਉਦਯੋਗ ਵਿਕਾਸ ਮਿਸ਼ਨ ਤਹਿਤ ਤਰਜੀਹੀ ਖੇਤਰਾਂ ਵਿੱਚ ਐਮ.ਐਸ.ਐਮ.ਈ. ਨੂੰ ਪੂੰਜੀ ਨਿਵੇਸ਼ ਸਬਸਿਡੀ, ਵਿਆਜ ਸਬਸਿਡੀ, ਸਟੈਂਪ ਡਿਊਟੀ ਦੀ ਰਿਫੰਡ, ਰੁਜ਼ਗਾਰ ਸਿਰਜਣ ਸਹਾਇਤਾ, ਬੀਮਾ ਸਹਾਇਤਾ ਅਤੇ ਟੈਸਟਿੰਗ, ਸਵੈਚਾਲਨ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਖੋਜ ਅਤੇ ਵਿਕਾਸ ਲਈ ਪ੍ਰੋਤਸਾਹਨ ਦਿੱਤਾ ਜਾਵੇਗਾ। ਵਿੱਤ ਤੱਕ ਪਹੁੰਚ ਆਸਾਨ ਬਣਾਉਣ ਅਤੇ ਬਿਨਾਂ ਜ਼ਮਾਨਤ ਕਰਜ਼ੇ ਨੂੰ ਹੁਲਾਰਾ ਦੇਣ ਲਈ ਰਾਜ ਵੈਂਚਰ ਕੈਪੀਟਲ ਫੰਡ ਅਤੇ ਸੈਕਟੋਰਲ ਕ੍ਰੈਡਿਟ ਗਰੰਟੀ ਫੰਡ ਵੀ ਪ੍ਰਸਾਵਿਤ ਕੀਤੇ ਗਏ ਹਨ।



ਹਰਿਆਣਾ ਦੇ ਸੱਤਵੇਂ ਦਹਾਕੇ ਵਿੱਚ ਪ੍ਰਵੇਸ਼ ਦੇ ਨਾਲ ਸ਼ੁਰੂ ਕੀਤਾ ਗਿਆ ਇਹ 60 ਪਹਿਲਾਂ ਵਾਲਾ ਪੰਜ ਸਾਲਾ ਰੋਡਮੈਪ ਰਾਜ ਵਿੱਚ ??ਸ਼ਵਿਕ ਪੱਧਰ 'ਤੇ ਪ੍ਰਤੀਯੋਗੀ ਉਦਯੋਗਾਂ ਦੀ ਨਵੀਂ ਪੀੜ੍ਹੀ ਤਿਆਰ ਕਰਨ ਦੀ ਦਿਸ਼ਾ ਵਿੱਚ ਵੱਡਾ ਕਦਮ ਹੈ। ਸਰਕਾਰ ਦਾ ਟੀਚਾ ਅਗਲੇ ਪੰਜ ਸਾਲਾਂ ਵਿੱਚ 55,000 ਕਰੋੜ ਰੁਪਏ ਤੋਂ ਵੱਧ ਦਾ ਨਿਰਮਾਣ ਨਿਵੇਸ਼, 5 ਲੱਖ ਤੋਂ ਵੱਧ ਨਵੇਂ ਰੁਜ਼ਗਾਰ ਅਤੇ 2031 ਤੱਕ ਨਿਰਯਾਤ ਨੂੰ ਦੁੱਗਣਾ ਕਰਨਾ ਹੈ। ਇਸ ਦੇ ਮਾਧਿਅਮ ਨਾਲ ਹਰਿਆਣਾ ਨੂੰ ਇੱਕ ਮਜ਼ਬੂਤ ਨਿਰਮਾਣ ਅਤੇ ਨਿਰਯਾਤ ਕੇਂਦਰ ਵਜੋਂ ਵਿਕਸਤ ਕਰਨ ਅਤੇ ਵਿਕਸਤ ਭਾਰਤ-2047 ਦੇ ਰਾਸ਼ਟਰੀ ਟੀਚੇ ਵਿੱਚ ਰਾਜ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ ਦਾ ਯਤਨ ਕੀਤਾ ਜਾਵੇਗਾ।

ਨੀਤੀ ਤਹਿਤ ਵੱਡੇ ਕਲੱਸਟਰ, ਪਲੱਗ ਐਂਡ ਪਲੇ ਉਦਯੋਗਿਕ ਏਸਟੇਟ ਅਤੇ ਕਾਮਨ ਫੈਸਿਲਿਟੀ ਸੈਂਟਰ ਵਿਕਸਤ ਕੀਤੇ ਜਾਣਗੇ। ਸਿੰਗਲ ਵਿੰਡੋ ਸਿਸਟਮ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤਾਂ ਜੋ ਉਦਯੋਗ ਲਗਾਉਣ ਵਿੱਚ ਲੱਗਣ ਵਾਲਾ ਸਮਾਂ, ਲਾਗਤ ਅਤੇ ਸਰਕਾਰੀ ਪ੍ਰਕਿਰਿਆਵਾਂ ਦੀ ਗੁੰਝਲਤਾ ਘੱਟ ਹੋਵੇ। ਇਸ ਦੇ ਨਾਲ ਐਮ.ਐਸ.ਐਮ.ਈ. ਰਾਈਟ ਟੂ ਬਿਜ਼ਨਸ ਫਰੇਮਵਰਕ ਲਾਗੂ ਕੀਤਾ ਜਾਵੇਗਾ। ਇਸ ਦਾ ਉਦੇਸ਼ ਕਾਰੋਬਾਰ ਸ਼ੁਰੂ ਕਰਨ ਅਤੇ ਚਲਾਉਣ ਦੀ ਪ੍ਰਕਿਰਿਆ ਨੂੰ ਹੋਰ ਸਰਲ ਬਣਾਉਣਾ ਹੈ।

ਹਰਿਆਣਾ ਦੇ ਉਦਯੋਗਾਂ ਨੂੰ ਭਵਿੱਖ ਦੀਆਂ ਲੋੜਾਂ ਲਈ ਤਿਆਰ ਕਰਨ ਲਈ ਸਵੈਚਾਲਨ, ਇੰਡਸਟਰੀ 4.0, ਏ.ਆਈ., ਉੱਨਤ ਨਿਰਮਾਣ, ਗੁਣਵੱਤਾ ਪ੍ਰਮਾਣੀਕਰਣ ਅਤੇ ਖੋਜ ਅਤੇ ਵਿਕਾਸ ਨੂੰ ਹੁਲਾਰਾ ਦਿੱਤਾ ਜਾਵੇਗਾ। ਇਸ ਲਈ ਨਵੇਂ ਉੱਤਮਤਾ ਕੇਂਦਰ ਬਣਾਏ ਜਾਣਗੇ ਅਤੇ ਉਦਯੋਗ ਅਤੇ ਸਿੱਖਿਆ ਸੰਸਥਾਵਾਂ ਵਿਚਕਾਰ ਮਜ਼ਬੂਤ ਭਾਈਵਾਲੀ ਵਿਕਸਤ ਕੀਤੀ ਜਾਵੇਗੀ। ਭਾਰਤ ਸਰਕਾਰ ਦੇ ਰਾਮਪ ਪ੍ਰੋਗਰਾਮ ਨਾਲ ਵੀ ਬਿਹਤਰ ਤਾਲਮੇਲ ਕੀਤਾ ਜਾਵੇਗਾ।

ਨਵੀਂ ਨੀਤੀ ਦਾ ਇੱਕ ਵੱਡਾ ਟੀਚਾ ਹਰਿਆਣਾ ਦੇ ਐਮ.ਐਸ.ਐਮ.ਈ. ਨੂੰ ਸਥਾਨਕ ਬਾਜ਼ਾਰ ਤੋਂ ਕੱਢ ਕੇ ??ਸ਼ਵਿਕ ਮੁੱਲ ਲੜੀਆਂ ਨਾਲ ਜੋੜਨਾ ਹੈ। ਇਸ ਲਈ ਅੰਤਰਰਾਸ਼ਟਰੀ ਗੁਣਵੱਤਾ ਪ੍ਰਮਾਣੀਕਰਣ, ਨਿਰਯਾਤ ਕਰਜ਼ਾ ਅਤੇ ਬੀਮਾ, ਮਾਲ ਢੁਆਈ ਸਹਾਇਤਾ, ਈ-ਕਾਮਰਸ ਰਜਿਸਟ੍ਰੇਸ਼ਨ ਅਤੇ ਅੰਤਰਰਾਸ਼ਟਰੀ ਵਪਾਰ ਮੇਲਿਆਂ ਵਿੱਚ ਭਾਗੀਦਾਰੀ ਲਈ ਸਹਾਇਤਾ ਦਿੱਤੀ ਜਾਵੇਗੀ। ਮੁੱਖ ਮੰਤਰੀ ਪ੍ਰਹਿਲਾ ਨਿਰਯਾਤਕ ਪ੍ਰੋਤਸਾਹਨ ਯੋਜਨਾ ਤਹਿਤ ਪਹਿ?? ਵਾਰ ਨਿਰਯਾਤ ਕਰਨ ਵਾਲੇ ਉਦਯੋਗਪਤੀਆਂ ਨੂੰ ਉਨ੍ਹਾਂ ਦੇ ਪਹਿਲੇ ਅੰਤਰਰਾਸ਼ਟਰੀ ਖਰੀਦਦਾਰ ਨੂੰ ਸੁਰੱਖਿਅਤ ਕਰਨ ਦੀ ਲਾਗਤ ਵਿੱਚ ਸਹਾਇਤਾ ਦਿੱਤੀ ਜਾਵੇਗੀ।

ਹਰਿਆਣਾ ਨਿਰਯਾਤ ਕੇਂਦਰ ਨਿਰਯਾਤ ਦਸਤਾਵੇਜ਼ੀਕਰਨ, ਨਿਯਮਾਂ ਦੀ ਪਾਲਣਾ, ਲੌਜਿਸਟਿਕਸ, ਬਾਜ਼ਾਰ ਦੀ ਜਾਣਕਾਰੀ ਅਤੇ ਵਿਦੇਸ਼ੀ ਖਰੀਦਦਾਰਾਂ ਨਾਲ ਸੰਪਰਕ ਲਈ ਇੱਕੋ ਮੰਚ ਵਜੋਂ ਕੰਮ ਕਰੇਗਾ। ਉੱਥੇ ਹੀ ਉਡਾਣ ਦੁਆਰ ਦੇ ਮਾਧਿਅਮ ਨਾਲ ਨਿਰਯਾਤ ਲਈ ਕਾਰੋਬਾਰੀ ਸੰਪਰਕ, ਤਕਨੀਕੀ ਭਾਈਵਾਲੀ, ਅੰਤਰਰਾਸ਼ਟਰੀ ਸਾਂਝੇ ਉੱਦਮ ਅਤੇ ਨਿਵੇਸ਼ਕਾਂ ਨਾਲ ਜੁੜਨ ਦੀ ਪ੍ਰਕਿਰਿਆ ਆਸਾਨ ਕੀਤੀ ਜਾਵੇਗੀ। ਰਿਵਰਸ ਬਾਇਅਰ-ਸੈਲਰ ਮੀਟ, ਅੰਤਰਰਾਸ਼ਟਰੀ ਰੋਡ ਸ਼ੋਅ, ਡਿਜੀਟਲ ਐਮ.ਐਸ.ਐਮ.ਈ. ਪਵੇਲੀਅਨ ਅਤੇ ਵਿਕਰੇਤਾ ਵਿਕਾਸ ਪ੍ਰੋਗਰਾਮਾਂ ਦੇ ਮਾਧਿਅਮ ਨਾਲ ਹਰਿਆਣਾ ਦੇ ਉੱਦਮਾਂ ਨੂੰ ਘਰੇਲੂ ਅਤੇ ??ਸ਼ਵਿਕ ਮੁੱਲ ਲੜੀਆਂ ਨਾਲ ਜੋੜਿਆ ਜਾਵੇਗਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਉਦਯੋਗਾਂ ਨੂੰ ਸਰਕਾਰੀ ਯੋਜਨਾਵਾਂ ਅਤੇ ਪ੍ਰੋਤਸਾਹਨਾਂ ਦੀ ਜਾਣਕਾਰੀ ਆਸਾਨੀ ਨਾਲ ਉਪਲਬਧ ਕਰਾਉਣ ਲਈ ਏ.ਆਈ. ਆਧਾਰਿਤ ਬਹੁਭਾਸ਼ੀ 'ਹਰਿਆਣਾ ਉਦਯੋਗ ਸਾਥੀ' ਵੀ ਲਾਂਚ ਕੀਤਾ ਹੈ।

## ਕਾਲਕਾ ਤੇ ਕਾਹਲੋਂ ਵੱਲੋਂ ਇਕਬਾਲ ਸਿੰਘ ਬਾਜ਼ ਸਾਥੀਆਂ ਸਣੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਮੂਲੀਅਤ ਦਾ ਸਵਾਗਤ



**ਨਵੀਂ ਦਿੱਲੀ, 12 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਕੌਮੀ ਆਗੂ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਵਾਰਡ ਨੰਬਰ 10, ਗੁਰੂ ਹਰਿਕ੍ਰਿਸ਼ਨ ਨਗਰ ਤੋਂ ਸਰਦਾਰ ਇਕਬਾਲ ਸਿੰਘ ਬਾਜ਼ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਪਰਿਵਾਰ ਵਿੱਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਰਦਾਰ ਇਕਬਾਲ ਸਿੰਘ ਬਾਜ਼ ਅਤੇ ਉਨ੍ਹਾਂ ਦੇ ਸਾਥੀਆਂ ਦੀ ਪਾਰਟੀ ਵਿੱਚ ਸ਼ਮੂਲੀਅਤ ਨਾਲ ਸੇਵਾ, ਸਾਂਝ ਅਤੇ ਸਿੱਖੀ ਦੇ ਸਾਂਝੇ ਸਫ਼ਰ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਨਾਲ ਜੁੜਨ ਵਾਲੇ ਹਰ ਸਾਥੀ ਦਾ ਯੋਗਦਾਨ ਪੰਥਕ ਸੇਵਾ ਅਤੇ ਭਾਈਚਾਰੇ ਦੀ ਬਿਹਤਰੀ ਲਈ ਬਹੁਤ ਅਹਿਮ ਹੈ। ਸਰਦਾਰ ਕਾਲਕਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪੰਥਕ ਸੋਚ, ਸੇਵਾ ਭਾਵਨਾ ਅਤੇ ਸਿੱਖ ਭਾਈਚਾਰੇ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਲੈ ਕੇ ਅੱਗੇ ਵਧ ਰਿਹਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸਰਦਾਰ ਇਕਬਾਲ ਸਿੰਘ ਬਾਜ਼ ਅਤੇ ਉਨ੍ਹਾਂ ਦੀ ਟੀਮ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਸੰਗਤ ਦੀ ਸੇਵਾ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣਗੇ।

ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਨੇ ਸਮੁੱਚੀ ਟੀਮ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਾਰਟੀ ਪੰਥ ਅਤੇ ਸਮਾਜ ਦੀ ਸੇਵਾ ਲਈ ਹੋਰ ਦ੍ਰਿੜ੍ਹਤਾ ਅਤੇ ਇਕਜੁੱਟਤਾ ਨਾਲ ਅੱਗੇ ਵਧਣਗੇ।





